# ਮੱਤੀ ਦੀ ਇੰਜੀਲ

## ਯਿਸੂ ਦਾ ਪਰਿਵਾਰਕ ਇਤਿਹਾਸ

*(ਲੂਕਾ 3:23–38)*

**1** [1]ਇਹ ਯਿਸੂ ਮਸੀਹ ਦੇ ਪਰਿਵਾਰ ਦਾ ਇਤਿਹਾਸ ਹੈ। ਯਿਸੂ ਦਾਊਦ ਦੇ ਪਰਿਵਾਰ ਤੋਂ ਸੀ ਅਤੇ ਦਾਊਦ ਅਬਰਾਹਾਮ ਦੇ ਪਰਿਵਾਰ ਤੋਂ ਸੀ।

**2** ਅਬਰਾਹਾਮ ਇਸਹਾਕ ਦਾ ਪਿਤਾ ਸੀ। ਇਸਹਾਕ ਯਾਕੂਬ ਦਾ ਪਿਤਾ ਸੀ। ਯਾਕੂਬ ਯਹੂਦਾਹ ਅਤੇ ਉਸ ਦੇ ਭਰਾਵਾਂ ਦਾ ਪਿਤਾ ਸੀ।

**3** ਯਹੂਦਾਹ ਫ਼ਰਸ ਅਤੇ ਜ਼ਰਾ ਦਾ ਪਿਤਾ ਸੀ। (ਤਾਮਾਰ ਉਨ੍ਹਾਂ ਦੀ ਮਾਤਾ ਸੀ।) ਫ਼ਰਸ ਹਸਰੋਨ ਦਾ ਪਿਤਾ ਸੀ। ਹਸਰੋਨ ਰਾਮ ਦਾ ਪਿਤਾ ਸੀ।

**4** ਰਾਮ ਅੰਮੀਨਾਦਾਬ ਦਾ ਪਿਤਾ ਸੀ। ਅੰਮੀਨਾਦਾਬ ਨਹਸ਼ੋਨ ਦਾ ਪਿਤਾ ਸੀ। ਨਹਸ਼ੋਨ ਸਲਮੋਨ ਦਾ ਪਿਤਾ ਸੀ।

**5** ਸਲਮੋਨ ਬੋਅਜ਼ ਦਾ ਪਿਤਾ ਸੀ। (ਬੋਅਜ਼ ਦੀ ਮਾਤਾ ਰਾਹਾਬ ਸੀ) ਬੋਅਜ਼ ਓਬੇਦ ਦਾ ਪਿਤਾ ਸੀ। (ਰੂਥ ਓਬੇਦ ਦੀ ਮਾਤਾ ਸੀ।) ਓਬੇਦ ਯੱਸੀ ਦਾ ਪਿਤਾ ਸੀ।

**6** ਯੱਸੀ ਦਾਊਦ ਬਾਦਸ਼ਾਹ ਦਾ ਪਿਤਾ ਸੀ। ਦਾਊਦ ਸੁਲੇਮਾਨ ਦਾ ਪਿਤਾ ਸੀ। (ਸੁਲੇਮਾਨ ਦੀ ਮਾਤਾ ਪਹਿਲਾਂ ਊਰੀਯਾਹ ਦੀ ਪਤਨੀ ਸੀ।)

**7** ਸੁਲੇਮਾਨ ਰਹਬੁਆਮ ਦਾ ਪਿਤਾ ਸੀ। ਰਹਬੁਆਮ ਅਬੀਯਾਹ ਦਾ ਪਿਤਾ ਸੀ। ਅਬੀਯਾਹ ਆਸਾ ਦਾ ਪਿਤਾ ਸੀ।

**8** ਆਸਾ ਯਹੋਸ਼ਾਫਾਟ ਦਾ ਪਿਤਾ ਸੀ। ਯਹੋਸ਼ਾਫਾਟ ਯੋਰਾਮ ਦਾ ਪਿਤਾ ਸੀ। ਯੋਰਾਮ ਉੱਜ਼ੀਯਾਹ ਦਾ ਪਿਤਾ ਸੀ।

**9** ਉੱਜ਼ੀਯਾਹ ਯੋਥਾਮ ਦਾ ਪਿਤਾ ਸੀ। ਯੋਥਾਮ ਆਹਾਜ਼ ਦਾ ਪਿਤਾ ਸੀ। ਆਹਾਜ਼ ਹਿਜ਼ਕੀਯਾਹ ਦਾ ਪਿਤਾ ਸੀ।

**10** ਹਿਜ਼ਕੀਯਾਹ ਮਨੱਸਹ ਦਾ ਪਿਤਾ ਸੀ। ਮਨੱਸਹ ਆਮੋਨ ਦਾ ਪਿਤਾ ਸੀ। ਆਮੋਨ ਯੋਸ਼ੀਯਾਹ ਦਾ ਪਿਤਾ ਸੀ।

**11** ਯੋਸ਼ੀਯਾਹ, ਯਕਾਨਯਾਹ, ਅਤੇ ਉਸ ਦੇ ਭਰਾਵਾਂ ਦਾ ਦਾਦਾ ਸੀ। ਇਸ ਸਮੇਂ ਦੌਰਾਨ, ਯਹੂਦੀ ਕੈਦੀਆਂ ਵਾਂਗ ਬਾਬਲ ਨੂੰ ਲਿਜਾਏ ਗਏ ਸਨ।

**12** ਯਹੂਦੀਆਂ ਨੂੰ ਬਾਬਲ ਲੈ ਜਾਣ ਤੋਂ ਬਾਦ: ਯਕਾਨਯਾਹ ਸ਼ਅਲਤੀਏਲ ਦਾ ਪਿਤਾ ਸੀ। ਸ਼ਅਲਤੀਏਲ ਜ਼ਰੁੱਬਾਬਲ ਦਾ ਦਾਦਾ ਸੀ।

**13** ਜ਼ਰੁੱਬਾਬਲ ਅਬੀਹੂਦ ਦਾ ਪਿਤਾ ਸੀ। ਅਬੀਹੂਦ ਅਲਯਾਕੀਮ ਦਾ ਪਿਤਾ ਸੀ। ਅਲਯਾਕੀਮ ਅੱਜ਼ੋਰ ਦਾ ਪਿਤਾ ਸੀ।

**14** ਅੱਜ਼ੋਰ ਸਾਦੋਕ ਦਾ ਪਿਤਾ ਸੀ। ਸਾਦੋਕ ਯਾਕੀਮ ਦਾ ਪਿਤਾ ਸੀ। ਯਾਕੀਮ ਅਲੀਹੂਦ ਦਾ ਪਿਤਾ ਸੀ।

**15** ਅਲੀਹੂਦ ਅਲਾਜ਼ਾਰ ਦਾ ਪਿਤਾ ਸੀ। ਅਲਾਜ਼ਾਰ ਮੱਥਾਨ ਦਾ ਪਿਤਾ ਸੀ। ਮੱਥਾਨ ਯਾਕੂਬ ਦਾ ਪਿਤਾ ਸੀ।

**16** ਯਾਕੂਬ ਯੂਸੁਫ਼ ਦਾ ਪਿਤਾ ਸੀ। ਮਰਿਯਮ ਯੂਸੁਫ਼ ਦੀ ਪਤਨੀ ਸੀ। ਮਰਿਯਮ ਯਿਸੂ ਦੀ ਮਾਂ ਸੀ। ਯਿਸੂ ਹੀ ਮਸੀਹ ਕਹਾਉਂਦਾ ਹੈ।

**17**ਸੋ ਅਬਰਾਹਾਮ ਤੋਂ ਲੈ ਕੇ ਦਾਊਦ ਤੀਕਰ ਇਹ ਚੌਦ੍ਹਾਂ ਪੀੜ੍ਹੀਆਂ
ਸਨ। ਅਤੇ ਚੌਦ੍ਹਾਂ ਹੀ ਪੀੜ੍ਹੀਆਂ ਦਾਊਦ ਤੋਂ ਲੈ ਕੇ ਉਸ ਵਕਤ ਤੀਕਰ
ਸਨ ਜਦੋਂ ਲੋਕਾਂ ਨੂੰ ਬਾਬਲ ਲਿਜਾਇਆ ਗਿਆ। ਅਤੇ ਚੌਦ੍ਹਾਂ ਹੀ
ਪੀੜ੍ਹੀਆਂ ਲੋਕਾਂ ਨੂੰ ਬਾਬਲ ਲੈ ਕੇ ਜਾਣ ਤੋਂ ਮਸੀਹ ਦੇ ਜਨਮ ਤੱਕ
ਸਨ।

## ਯਿਸੂ ਮਸੀਹ ਦਾ ਜਨਮ

*(ਲੂਕਾ 2:1–7)*

**18**ਯਿਸੂ ਮਸੀਹ ਦੀ ਮਾਤਾ ਮਰਿਯਮ ਸੀ। ਯਿਸੂ ਮਸੀਹ ਦਾ ਜਨਮ
ਇਸ ਤਰ੍ਹਾਂ ਹੋਇਆ: ਮਰਿਯਮ ਦੀ ਕੁੜਮਾਈ ਯੂਸੁਫ਼ ਨਾਲ ਹੋਈ
ਸੀ। ਪਰ ਵਿਆਹ ਹੋਣ ਤੋਂ ਪਹਿਲਾਂ ਯੂਸੁਫ਼ ਨੂੰ ਪਤਾ ਲੱਗਾ ਕਿ
ਮਰਿਯਮ ਗਰਭਵਤੀ ਹੈ। ਮਰਿਯਮ ਪਵਿੱਤਰ ਆਤਮਾ ਦੀ ਸ਼ਕਤੀ
ਤੋਂ ਗਰਭਵਤੀ ਹੋਈ ਸੀ। **19**ਮਰਿਯਮ ਦਾ ਪਤੀ ਯੂਸੁਫ਼ ਇੱਕ ਭਲਾ
ਮਨੁੱਖ ਸੀ। ਉਹ ਇਹ ਨਹੀਂ ਚਾਹੁੰਦਾ ਸੀ ਕਿ ਉਹ ਮਰਿਯਮ ਨੂੰ ਲੋਕਾਂ
ਸਾਹਮਣੇ ਕਲੰਕਣ ਪਰਗਟ ਕਰੇ। ਸੋ ਉਸ ਨੇ ਉਸ ਨੂੰ ਚੁੱਪਚਾਪ ਛੱਡ
ਦੇਣ ਦੀ ਸੋਚੀ।

**20**ਪਰ ਜਦੋਂ ਉਸ ਨੇ ਇਸ ਬਾਰੇ ਸੋਚਿਆ ਤਾਂ ਪ੍ਰਭੂ ਦੇ ਇੱਕ ਦੂਤ
ਨੇ ਉਸ ਨੂੰ ਸੁਫ਼ਨੇ ਵਿੱਚ ਦਰਸ਼ਣ ਦਿੱਤਾ। ਦੂਤ ਨੇ ਕਿਹਾ, "ਹੇ ਯੂਸੁਫ਼,
ਦਾਊਦ ਦੇ ਪੁੱਤਰ, ਤੂੰ ਮਰਿਯਮ ਨੂੰ ਆਪਣੀ ਪਤਨੀ ਨੂੰ ਸਵੀਕਾਰ
ਕਰਨ ਤੋਂ ਨਾ ਘਬਰਾ। ਜਿਹੜਾ ਬੱਚਾ ਉਸ ਦੀ ਕੁੱਖ ਵਿੱਚ ਆਇਆ
ਹੈ ਉਹ ਪਵਿੱਤਰ ਆਤਮਾ ਤੋਂ ਹੈ। **21**ਮਰਿਯਮ ਇੱਕ ਪੁੱਤਰ ਨੂੰ ਜਨਮ
ਦੇਵੇਗੀ ਅਤੇ ਤੂੰ ਉਸ ਦਾ ਨਾਮ ਯਿਸੂ ਰੱਖੀਂ ਕਿਉਂਕਿ ਉਹ ਆਪਣੇ
ਲੋਕਾਂ ਨੂੰ ਉਨ੍ਹਾਂ ਦੇ ਪਾਪਾਂ ਤੋਂ ਬਚਾਵੇਗਾ।"

**22**ਇਹ ਸਭ ਕੁਝ ਪ੍ਰਭੂ ਦੇ ਆਪਣੇ ਨਬੀ ਵੱਲੋਂ ਕਹੇ ਹੋਏ ਇਨ੍ਹਾਂ
ਸ਼ਬਦਾਂ ਨੂੰ ਪੂਰਾ ਕਰਨ ਲਈ ਵਾਪਰਿਆ। **23**"ਕੁਆਰੀ ਗਰਭਵਤੀ
ਹੋਵੇਗੀ ਅਤੇ ਪੁੱਤਰ ਨੂੰ ਜਨਮ ਦੇਵੇਗੀ। ਉਹ ਉਸ ਦਾ ਨਾਮ
ਇੰਮਾਨੂਏਲ ਰੱਖਣਗੇ।"[a] ਜਿਸ ਦਾ ਅਰਥ ਹੈ, "ਪਰਮੇਸ਼ੁਰ ਸਾਡੇ
ਸੰਗ ਹੈ।"

**24**ਜਦੋਂ ਯੂਸੁਫ਼ ਜਾਗਿਆ ਤਾਂ ਉਸ ਨੇ ਉਵੇਂ ਹੀ ਕੀਤਾ ਜਿਵੇਂ ਪ੍ਰਭੂ
ਦੇ ਦੂਤ ਨੇ ਉਸ ਨੂੰ ਕਰਨ ਲਈ ਕਿਹਾ ਸੀ। ਯੂਸੁਫ਼ ਨੇ ਮਰਿਯਮ
ਨਾਲ ਵਿਆਹ ਕੀਤਾ। **25**ਪਰ ਯੂਸੁਫ਼ ਨੇ ਮਰਿਯਮ ਨਾਲ ਕੋਈ

[a] ***1:23*** ਹਵਾਲਾ: ਯਸਾ. 7:14

ਜਿਨਸੀ ਸੰਬੰਧ ਨਾ ਰੱਖਿਆ ਜਦੋਂ ਤੱਕ ਕਿ ਉਸ ਨੇ ਪੁੱਤਰ ਨੂੰ ਜਨਮ
ਨਾ ਦੇ ਦਿੱਤਾ। ਅਤੇ ਯੂਸੁਫ਼ ਨੇ ਪੁੱਤਰ ਦਾ ਨਾਮ ਯਿਸੂ ਰੱਖਿਆ।

## ਜੋਤਸ਼ੀਆਂ ਦਾ ਯਿਸੂ ਨੂੰ ਮਿਲਣ ਆਉਣਾ

**2** [1]ਯਿਸੂ ਯਹੂਦਿਯਾ ਦੇ ਨਗਰ ਬੈਤਲਹਮ ਵਿੱਚ ਪੈਦਾ ਹੋਇਆ।
ਉਹ ਉਸ ਸਮੇਂ ਪੈਦਾ ਹੋਇਆ ਜਦੋਂ ਹੇਰੋਦੇਸ ਰਾਜਾ ਸੀ। ਯਿਸੂ
ਦੇ ਜਨਮ ਤੋਂ ਬਾਦ ਪੂਰਬ ਵੱਲੋਂ ਕੁਝ ਜੋਤਸ਼ੀ ਯਰੂਸ਼ਲਮ ਵਿੱਚ ਆਏ।
[2]ਜੋਤਸ਼ੀਆਂ ਨੇ ਲੋਕਾਂ ਨੂੰ ਪੁੱਛਿਆ, "ਨਵ-ਜਨਮਿਆ ਬਾਲਕ ਕਿੱਥੇ ਹੈ
ਜਿਸ ਨੇ ਯਹੂਦੀਆਂ ਦੇ ਰਾਜਾ ਦੇ ਰੂਪ ਵਿੱਚ ਜਨਮ ਲਿਆ ਹੈ? ਅਸੀਂ
ਤਾਰਾ ਵੇਖਿਆ ਹੈ ਜੋ ਪਰਗਟ ਕਰਦਾ ਹੈ ਕਿ ਉਸ ਨੇ ਜਨਮ ਲਿਆ
ਹੈ। ਅਸੀਂ ਪੂਰਬ ਵਿੱਚ ਉਸ ਦਾ ਤਾਰਾ ਚੜ੍ਹਦਾ ਵੇਖਿਆ ਅਤੇ ਉਸ
ਦੀ ਉਪਾਸਨਾ ਕਰਨ ਲਈ ਆਏ ਹਾਂ।"
[3]ਜਦੋਂ ਰਾਜਾ ਹੇਰੋਦੇਸ ਅਤੇ ਯਰੂਸ਼ਲਮ ਦੇ ਲੋਕਾਂ ਨੇ ਯਹੂਦੀਆਂ ਦੇ
ਰਾਜੇ ਬਾਰੇ ਸੁਣਿਆ ਤਾਂ ਉਹ ਘਬਰਾ ਗਏ। [4]ਹੇਰੋਦੇਸ ਨੇ ਯਹੂਦੀ
ਪ੍ਰਧਾਨ ਜਾਜਕਾਂ ਅਤੇ ਨੇਮ ਦੇ ਉਪਦੇਸ਼ਕਾਂ ਨੂੰ ਇਕੱਠਿਆਂ ਕਰਕੇ
ਉਨ੍ਹਾਂ ਨੂੰ ਪੁੱਛਿਆ ਕਿ ਮਸੀਹ ਕਿੱਥੇ ਪੈਦਾ ਹੋਵੇਗਾ? [5]ਉਨ੍ਹਾਂ ਨੇ ਕਿਹਾ,
"ਯਹੂਦਿਯਾ ਦੇ ਬੈਤਲਹਮ ਵਿੱਚ, ਕਿਉਂਕਿ ਨਬੀ ਨੇ ਇਸ ਬਾਰੇ
ਪੋਥੀਆਂ ਵਿੱਚ ਲਿਖਿਆ ਹੈ:

6 'ਹੇ ਬੈਤਲਹਮ, ਯਹੂਦਾਹ ਦੀ ਧਰਤੀ ਵਿੱਚ ਤੂੰ ਯਹੂਦਾਹ
ਦੇ ਹਾਕਮਾਂ ਵਿੱਚੋਂ ਬਹੁਤ ਮਹੱਤਵਪੂਰਣ ਹੈ। ਹਾਂ, ਤੇਰੇ ਵਿੱਚੋਂ
ਇੱਕ ਅਜਿਹਾ ਹਾਕਮ ਆਵੇਗਾ, ਜਿਹੜਾ ਮੇਰੀ ਪਰਜਾ
ਇਸਰਾਏਲ ਦੀ ਅਗਵਾਈ ਕਰੇਗਾ।' " *ਮੀਕਾਹ 5:2*

[7]ਫ਼ੇਰ ਹੇਰੋਦੇਸ ਨੇ ਪੂਰਬ ਤੋਂ ਆਏ ਜੋਤਸ਼ੀਆਂ ਨੂੰ ਚੁੱਪਚਾਪ ਬੁਲਾ ਕੇ
ਉਨ੍ਹਾਂ ਕੋਲੋਂ ਠੀਕ-ਠੀਕ ਪਤਾ ਕੀਤਾ ਕਿ ਉਨ੍ਹਾਂ ਨੂੰ ਤਾਰਾ ਪਹਿਲੀ ਵਾਰ
ਕਦੋਂ ਵਿਖਾਈ ਦਿੱਤਾ ਸੀ। [8]ਫ਼ੇਰ ਹੇਰੋਦੇਸ ਨੇ ਉਨ੍ਹਾਂ ਨੂੰ ਇਹ ਕਹਿ ਕੇ
ਬੈਤਲਹਮ ਭੇਜਿਆ ਕਿ, "ਜਾਓ ਅਤੇ ਧਿਆਨ ਨਾਲ ਇਸ ਬਾਲਕ
ਬਾਰੇ ਪਤਾ ਲਗਾਓ। ਜਦੋਂ ਤੁਸੀਂ ਬਾਲਕ ਨੂੰ ਲੱਭ ਲਵੋ ਤਾਂ ਆ ਕੇ
ਮੈਨੂੰ ਦੱਸਣਾ, ਤਾਂ ਜੋ ਮੈਂ ਵੀ ਜਾਵਾਂ ਅਤੇ ਉਸ ਦੀ ਉਪਾਸਨਾ ਕਰਾਂ।"
[9]ਉਹ ਰਾਜੇ ਦੀ ਗੱਲ ਸੁਣ ਕੇ ਚਲੇ ਗਏ। ਜੋਤਸ਼ੀ ਉਸ ਤਾਰੇ ਦੇ
ਪਿੱਛੇ-ਪਿੱਛੇ ਚਲਦੇ ਗਏ ਜਿਹੜਾ ਉਨ੍ਹਾਂ ਨੇ ਚੜ੍ਹਦੇ ਪਾਸੇ ਦੇਖਿਆ
ਸੀ। ਤਾਰੇ ਨੇ ਉਦੋਂ ਤੱਕ ਉਨ੍ਹਾਂ ਦੀ ਅਗਵਾਈ ਕੀਤੀ ਜਦੋਂ ਤੱਕ
ਕਿ ਉਹ ਉਸ ਜਗ੍ਹਾ ਤੇ ਆ ਕੇ ਨਹੀਂ ਰੁਕ ਗਿਆ ਜਿੱਥੇ ਉਹ
ਬਾਲਕ ਸੀ। [10]ਜੋਤਸ਼ੀ ਉਦੋਂ ਬਹੁਤ ਖੁਸ਼ ਸਨ ਜਦੋਂ ਉਨ੍ਹਾਂ ਨੇ ਤਾਰਾ
ਵੇਖਿਆ।
[11]ਉਨ੍ਹਾਂ ਨੇ ਉਸ ਘਰ ਵਿੱਚ ਜਾ ਕੇ ਬਾਲਕ ਨੂੰ ਉਸ ਦੀ ਮਾਤਾ
ਮਰਿਯਮ ਨਾਲ ਦੇਖਿਆ ਅਤੇ ਪੈਰੀਂ ਪੈਕੇ ਉਸ ਨੂੰ ਮੱਥਾ ਟੇਕਿਆ।
ਉਨ੍ਹਾਂ ਨੇ ਆਪਣੀਆਂ ਥੈਲੀਆਂ ਖੋਲ੍ਹੀਆਂ ਅਤੇ ਸੋਨੇ, ਲੁਬਾਨ ਅਤੇ
ਗੰਧਰਸ ਦੀਆਂ ਸੁਗਾਤਾਂ ਭੇਟ ਕੀਤੀਆਂ ਜਿਹੜੀਆਂ ਉਹ ਬਾਲਕ
ਵਾਸਤੇ ਲਿਆਏ ਸਨ। [12]ਪਰ ਸੁਫਨੇ ਵਿੱਚ ਪਰਮੇਸ਼ੁਰ ਨੇ ਜੋਤਸ਼ੀਆਂ
ਨੂੰ ਖ਼ਬਰਦਾਰ ਕੀਤਾ ਕਿ ਉਹ ਹੇਰੋਦੇਸ ਕੋਲ ਫ਼ੇਰ ਨਾ ਜਾਣ। ਤਦ ਉਹ
ਹੋਰ ਰਸਤੇ ਆਪਣੇ ਦੇਸ ਨੂੰ ਮੁੜ ਗਏ।

## ਯਿਸੂ ਦਾ ਆਪਣੇ ਮਾਤਾ-ਪਿਤਾ ਨਾਲ ਮਿਸਰ ਨੂੰ ਜਾਣਾ

[13]ਜਦੋਂ ਜੋਤਸ਼ੀ ਦੂਰ ਚਲੇ ਗਏ, ਤਾਂ ਪ੍ਰਭੂ ਦੇ ਦੂਤ ਨੇ ਯੂਸੁਫ ਦੇ ਸੁਫਨੇ
ਵਿੱਚ ਦਰਸ਼ਣ ਦੇ ਕੇ ਆਖਿਆ, "ਉੱਠ! ਬਾਲਕ ਤੇ ਉਸ ਦੀ ਮਾਤਾ
ਨੂੰ ਲੈ ਕੇ ਮਿਸਰ ਦੇਸ ਵਿੱਚ ਚਲਾ ਜਾਹ। ਅਤੇ ਜਦ ਤੀਕਰ ਮੈਂ ਤੈਨੂੰ
ਨਾ ਆਖਾਂ ਉੱਥੇ ਹੀ ਰਹਿਣਾ ਕਿਉਂਕਿ ਹੇਰੋਦੇਸ ਬਾਲਕ ਨੂੰ ਮਾਰਨ
ਵਾਸਤੇ ਲੱਭੇਗਾ।"
[14]ਤਦ ਯੂਸੁਫ ਉੱਠਿਆ ਅਤੇ ਰਾਤੋ-ਰਾਤ ਬਾਲਕ ਅਤੇ ਉਸ ਦੀ
ਮਾਤਾ ਨੂੰ ਨਾਲ ਲੈ ਕੇ ਮਿਸਰ ਵੱਲ ਤੁਰ ਪਿਆ। [15]ਯੂਸੁਫ਼ ਹੇਰੋਦੇਸ
ਦੇ ਮਰਨ ਤੱਕ ਮਿਸਰ ਵਿੱਚ ਹੀ ਰਿਹਾ। ਇਹ ਇਸ ਲਈ ਹੋਇਆ
ਤਾਂ ਕਿ ਜਿਹੜਾ ਬਚਨ ਪ੍ਰਭੂ ਨੇ ਨਬੀ ਦੀ ਜ਼ਬਾਨੀ ਆਖਿਆ ਸੀ
ਉਹ ਪੂਰਾ ਹੋਵੇ: ਪ੍ਰਭੂ ਨੇ ਆਖਿਆ, "ਮੈਂ ਆਪਣੇ ਪੁੱਤਰ ਨੂੰ ਮਿਸਰ
ਵਿੱਚੋਂ ਸੱਦਿਆ।"[a]

## ਹੇਰੋਦੇਸ ਵੱਲੋਂ ਬੈਤਲਹਮ ਦੇ ਸਭ ਬਾਲਕਾਂ ਨੂੰ ਮਰਵਾਉਣਾ

[16]ਜਦੋਂ ਹੇਰੋਦੇਸ ਨੂੰ ਇਹ ਸਮਝ ਆਈ ਕਿ ਉਸ ਨੂੰ ਜੋਤਸ਼ੀਆਂ
ਦੁਆਰਾ ਧੋਖਾ ਦਿੱਤਾ ਗਿਆ ਹੈ, ਤਾਂ ਉਸ ਨੂੰ ਬੜਾ ਕ੍ਰੋਧ ਆਇਆ।
ਤਦ ਉਸ ਨੇ ਬੈਤਲਹਮ ਅਤੇ ਆਸ-ਪਾਸ ਦੇ ਸਾਰੇ ਇਲਾਕਿਆਂ ਦੇ
ਬਾਲਕਾਂ ਨੂੰ ਮਾਰਨ ਦਾ ਹੁਕਮ ਦੇ ਦਿੱਤਾ। ਉਸ ਨੇ ਦੋ ਸਾਲ ਅਤੇ ਇਸ
ਤੋਂ ਛੋਟੀ ਉਮਰ ਦੇ ਬਾਲਕਾਂ ਨੂੰ ਮਾਰ ਦੇਣ ਦਾ ਹੁਕਮ ਦੇ ਦਿੱਤਾ ਕਿਉਂਕਿ
ਉਸ ਨੇ ਜੋਤਸ਼ੀਆਂ ਤੋਂ ਜਨਮ ਦੇ ਸਹੀ ਸਮੇਂ ਦਾ ਪਤਾ ਲਾਇਆ ਸੀ।
[17]ਤਦ ਨਬੀ ਯਿਰਮਿਯਾਹ ਦੁਆਰਾ ਬੋਲਿਆ ਪਰਮੇਸ਼ੁਰ ਦਾ ਬਚਨ
ਪੂਰਾ ਹੋਇਆ:

18 "ਰਾਮਾਹ ਵਿੱਚ ਇੱਕ ਅਵਾਜ਼ ਸੁਣਾਈ ਦਿੱਤੀ। ਰਾਖੇਲ ਰੋਣੇ
ਅਤੇ ਵੱਡੇ ਵਿਰਲਾਪ ਨਾਲ ਆਪਣੇ ਬਾਲ ਬੱਚਿਆਂ ਨੂੰ ਰੋਂਦੀ
ਹੈ ਅਤੇ ਤਸੱਲੀ ਨਹੀਂ ਚਾਹੁੰਦੀ, ਕਿਉਂਕਿ ਉਸ ਦੇ ਬੱਚੇ ਮਰ
ਚੁੱਕੇ ਹਨ।" *ਯਿਰਮਿਯਾਹ 31:15*

## ਯੂਸੁਫ਼ ਅਤੇ ਮਰਿਯਮ ਦਾ ਮਿਸਰ ਤੋਂ ਮੁੜਨਾ

[19]ਹੇਰੋਦੇਸ ਦੇ ਮਰਨ ਤੋਂ ਬਾਦ, ਪ੍ਰਭੂ ਦਾ ਇੱਕ ਦੂਤ ਮਿਸਰ ਵਿੱਚ
ਯੂਸੁਫ਼ ਦੇ ਸੁਫ਼ਨੇ ਵਿੱਚ ਪਰਗਟ ਹੋਇਆ। [20]ਦੂਤ ਨੇ ਆਖਿਆ,
"ਉੱਠ! ਬਾਲਕ ਅਤੇ ਉਸ ਦੀ ਮਾਤਾ ਨੂੰ ਲੈ ਕੇ ਇਸਰਾਏਲ ਦੇ ਦੇਸ
ਨੂੰ ਜਾਹ। ਕਿਉਂਕਿ ਜਿਹੜੇ ਲੋਕ ਬਾਲਕ ਨੂੰ ਮਾਰਨਾ ਚਾਹੁੰਦੇ ਸਨ ਉਹ
ਹੁਣ ਮਰ ਚੁੱਕੇ ਹਨ।"
[21]ਤਦ ਉਹ ਤਿਆਰ ਹੋਇਆ ਅਤੇ ਬਾਲਕ ਅਤੇ ਉਸ ਦੀ ਮਾਤਾ
ਨੂੰ ਨਾਲ ਲੈ ਕੇ ਇਸਰਾਏਲ ਦੇਸ ਨੂੰ ਚਲਿਆ ਗਿਆ। [22]ਜਦੋਂ
ਯੂਸੁਫ਼ ਨੇ ਸੁਣਿਆ ਕਿ ਅਰਕਿਲਊਸ ਯਹੂਦਿਯਾ ਵਿੱਚ ਆਪਣੇ
ਪਿਤਾ ਹੇਰੋਦੇਸ ਦੀ ਮੌਤ ਤੋਂ ਬਾਦ ਰਾਜਾ ਬਣ ਗਿਆ ਹੈ ਤਾਂ ਉਹ ਉੱਥੇ
ਜਾਣ ਤੋਂ ਡਰਿਆ। ਪਰ ਸੁਫ਼ਨੇ ਵਿੱਚ ਪਰਮੇਸ਼ੁਰ ਦੁਆਰਾ ਖ਼ਬਰ ਪਾ ਕੇ
ਉਹ ਗਲੀਲ ਦੇ ਇਲਾਕੇ ਨੂੰ ਚਲਿਆ ਗਿਆ। [23]ਯੂਸੁਫ਼ ਨਾਸਰਤ
ਨਾਮ ਦੇ ਇੱਕ ਨਗਰ ਵਿੱਚ ਜਾ ਵੱਸਿਆ ਅਤੇ ਇਸ ਤਰ੍ਹਾਂ ਉਹ ਬਚਨ
ਪੂਰਾ ਹੋਇਆ ਜਿਹੜਾ ਪਰਮੇਸ਼ੁਰ ਨੇ ਨਬੀਆਂ ਰਾਹੀਂ ਆਖਿਆ ਸੀ
ਕਿ ਉਹ ਨਾਸਰੀ[b] ਅਖਵਾਏਗਾ।

## ਯੂਹੰਨਾ ਬਪਤਿਸਮਾ ਦੇਣ ਵਾਲੇ ਦਾ ਕੰਮ

*(ਮਰਕੁਸ 1:1–8; ਲੂਕਾ 3:1–9, 15–17; ਯੂਹੰਨਾ 1:19–28)*

**3** [1]ਉਨ੍ਹਾਂ ਦਿਨਾਂ ਵਿੱਚ, ਯੂਹੰਨਾ ਬਪਤਿਸਮਾ ਦੇਣ ਵਾਲੇ ਨੇ
ਯਹੂਦਿਯਾ ਦੇ ਉਜਾੜ ਵਿੱਚ ਪ੍ਰਚਾਰ ਕਰਨਾ ਸ਼ੁਰੂ ਕੀਤਾ।
[2]ਉਸ ਨੇ ਆਖਿਆ, "ਆਪਣੇ ਦਿਲ ਅਤੇ ਜੀਵਨ ਬਦਲੋ, ਕਿਉਂਕਿ

[a] **2:15** ਹਵਾਲਾ: ਹੋਸ਼ੇਆ 11:1
[b] **2:23 ਨਾਸਰੀ** ਨਾਸਰਤ ਨਗਰ ਦਾ ਮਨੁੱਖ।

ਸਵਰਗ ਦਾ ਰਾਜ ਜਲਦੀ ਹੀ ਆ ਰਿਹਾ ਹੈ।” 3ਯੂਹੰਨਾ ਬਪਤਿਸਮਾ
ਦੇਣ ਵਾਲਾ ਉਹੀ ਹੈ ਜਿਸ ਦੇ ਬਾਰੇ ਯਸਾਯਾਹ ਨਬੀ ਦੀ ਜ਼ਬਾਨੀ
ਆਖਿਆ ਗਿਆ ਸੀ। ਯਸਾਯਾਹ ਨੇ ਕਿਹਾ:

“ਉਜਾੜ ਵਿੱਚ ਇੱਕ ਮਨੁੱਖ ਹੋਕਾ ਦੇ ਰਿਹਾ ਹੈ: ‘ਪ੍ਰਭੂ
ਲਈ ਰਸਤੇ ਨੂੰ ਤਿਆਰ ਕਰੋ; ਉਸ ਦੇ ਰਾਹਾਂ ਨੂੰ ਸਿੱਧਿਆਂ
ਕਰੋ।’ ” *ਯਸਾਯਾਹ 40:3*

4ਯੂਹੰਨਾ ਦੇ ਕੱਪੜੇ ਊਠ ਦੇ ਵਾਲਾਂ ਤੋਂ ਬਣੇ ਸਨ ਅਤੇ ਚਮੜੇ ਦੀ
ਪੇਟੀ ਉਸ ਦੇ ਲੱਕ ਦੇ ਦੁਆਲੇ ਸੀ। ਅਤੇ ਉਸ ਦਾ ਭੋਜਨ ਟਿੱਡੀਆਂ
ਅਤੇ ਜੰਗਲੀ ਸ਼ਹਿਤ ਸੀ। 5ਯਰੂਸ਼ਲਮ, ਸਾਰੇ ਯਹੂਦਿਯਾ ਅਤੇ
ਯਰਦਨ ਨਦੀ ਦੇ ਆਸ-ਪਾਸ ਦੀਆਂ ਥਾਵਾਂ ਦੇ ਸਭ ਲੋਕ ਉਸ ਦਾ
ਪ੍ਰਚਾਰ ਸੁਣਨ ਲਈ ਆਏ। 6ਲੋਕਾਂ ਨੇ ਆਪਣੇ ਪਾਪ ਕਬੂਲ ਕੀਤੇ
ਅਤੇ ਯੂਹੰਨਾ ਨੇ ਉਨ੍ਹਾਂ ਨੂੰ ਯਰਦਨ ਨਦੀ ਵਿੱਚ ਬਪਤਿਸਮਾ ਦਿੱਤਾ।
7ਪਰ ਜਦੋਂ ਉਸ ਨੇ ਵੇਖਿਆ ਕਿ ਫ਼ਰੀਸੀਆਂ[a] ਅਤੇ ਸਦੂਕੀਆਂ[b]
ਵਿੱਚੋਂ ਵੀ ਬਥੇਰੇ ਉਸ ਕੋਲੋਂ ਬਪਤਿਸਮਾ ਲੈਣ ਆਏ ਹਨ ਤਾਂ ਉਸ
ਨੇ ਉਨ੍ਹਾਂ ਨੂੰ ਆਖਿਆ, “ਤੁਸੀਂ ਸਾਰੇ ਸੱਪ ਹੋ! ਤੁਹਾਨੂੰ ਪਰਮੇਸ਼ੁਰ ਦੇ
ਆਉਣ ਵਾਲੇ ਕ੍ਰੋਪ ਤੋਂ ਭੱਜਣਾ ਕਿਸ ਨੇ ਦੱਸਿਆ ਹੈ? 8ਤੁਹਾਨੂੰ ਉਹ
ਗੱਲਾਂ ਕਰਨੀਆਂ ਚਾਹੀਦੀਆਂ ਹਨ ਜਿਨ੍ਹਾਂ ਨਾਲ ਇਹ ਵਿਖਾ ਸਕੋ ਕਿ
ਤੁਸੀਂ ਆਪਣੇ ਜੀਵਨ ਅਤੇ ਮਨ ਬਦਲ ਲਏ ਹਨ। 9ਆਪਣੇ ਮਨ
ਵਿੱਚ ਇਸ ਗੱਲ ਤੇ ਮਾਣ ਕਰਨ ਦੀ ਨਾ ਸੋਚੋ ਕਿ, ‘ਅਸੀਂ ਅਬਰਾਹਾਮ
ਦੀ ਸੰਤਾਨ ਹਾਂ।’ ਮੈਂ ਤੁਹਾਨੂੰ ਦੱਸਦਾ ਹਾਂ ਕਿ ਪਰਮੇਸ਼ੁਰ ਅਬਰਾਹਾਮ
ਲਈ ਇਨ੍ਹਾਂ ਪੱਥਰਾਂ ਵਿੱਚੋਂ ਸੰਤਾਨ ਪੈਦਾ ਕਰ ਸਕਦਾ ਹੈ। 10ਰੁੱਖਾਂ ਨੂੰ
ਵੱਢਣ ਲਈ ਕੁਹਾੜਾ ਤਿਆਰ ਹੈ, ਹਰ ਉਹ ਰੁੱਖ ਜਿਹੜਾ ਚੰਗਾ ਫਲ
ਨਹੀਂ ਦਿੰਦਾ, ਵੱਢਿਆ ਜਾਵੇਗਾ ਅਤੇ ਅੱਗ ਵਿੱਚ ਸੁੱਟ ਦਿੱਤਾ ਜਾਵੇਗਾ।
11“ਮੈਂ ਤਾਂ ਤੁਹਾਨੂੰ ਤੁਹਾਡੇ ਮਨ ਅਤੇ ਜੀਵਨ ਬਦਲਣ ਲਈ ਪਾਣੀ
ਨਾਲ ਬਪਤਿਸਮਾ ਦਿੰਦਾ ਹਾਂ ਪਰ ਜਿਹੜਾ ਮੇਰੇ ਪਿੱਛੋਂ ਆਉਣ ਵਾਲਾ
ਹੈ ਉਹ ਮੇਰੇ ਤੋਂ ਮਹਾਨ ਹੈ ਅਤੇ ਮੈਂ ਤਾਂ ਉਸ ਦੀ ਜੁੱਤੀ ਚੁੱਕਣ ਦੇ ਵੀ
ਯੋਗ ਨਹੀਂ ਹਾਂ। ਉਹ ਤੁਹਾਨੂੰ ਪਵਿੱਤਰ ਆਤਮਾ ਅਤੇ ਅੱਗ ਨਾਲ
ਬਪਤਿਸਮਾ ਦੇਵੇਗਾ। 12ਉਸ ਦੀ ਤੰਗਲੀ ਉਸ ਦੇ ਹੱਥ ਵਿੱਚ ਹੈ।
ਉਹ ਕਣਕ ਨੂੰ ਤੂੜੀ ਤੋਂ ਅਲੱਗ ਕਰੇਗਾ ਅਤੇ ਕਣਕ ਨੂੰ ਆਪਣੇ ਕੋਠੇ
ਵਿੱਚ ਜਮ੍ਹਾ ਕਰੇਗਾ। ਉਹ ਤੂੜੀ ਨੂੰ ਉਸ ਅੱਗ ਵਿੱਚ ਸਾੜੇਗਾ ਜਿਹੜੀ
ਬੁਝਾਈ ਨਹੀਂ ਜਾ ਸਕਦੀ।”

### ਯੂਹੰਨਾ ਵੱਲੋਂ ਯਿਸੂ ਨੂੰ ਬਪਤਿਸਮਾ ਦੇਣਾ

*(ਮਰਕੁਸ 1:9–11; ਲੂਕਾ 3:21–22)*

13ਫੇਰ ਯਿਸੂ ਯੂਹੰਨਾ ਤੋਂ ਯਰਦਨ ਨਦੀ ਵਿੱਚ ਬਪਤਿਸਮਾ ਲੈਣ ਲਈ
ਗਲੀਲ ਤੋਂ ਆਇਆ। 14ਪਰ ਯੂਹੰਨਾ ਨੇ ਇਹ ਕਹਿ ਕੇ ਉਸ ਨੂੰ
ਰੋਕਣ ਦੀ ਕੋਸ਼ਿਸ਼ ਕੀਤੀ ਕਿ, “ਮੈਨੂੰ ਤਾਂ ਤੇਰੇ ਕੋਲੋਂ ਬਪਤਿਸਮਾ ਲੈਣ
ਦੀ ਲੋੜ ਹੈ। ਅਤੇ ਤੂੰ ਮੇਰੇ ਕੋਲ ਕਿਉਂ ਆਇਆ ਹੈਂ?”
15ਯਿਸੂ ਨੇ ਉਸ ਨੂੰ ਜਵਾਬ ਦਿੱਤਾ, “ਹੁਣ ਤੂੰ ਇਸ ਨੂੰ ਇੰਝ ਹੀ
ਹੋਣ ਦੇ। ਜਿਹੜੀਆਂ ਗੱਲਾਂ ਪਰਮੇਸ਼ੁਰ ਕਰਾਉਂਦਾ ਹੈ ਸਾਨੂੰ ਉਵੇਂ ਹੀ
ਕਰਨੀਆਂ ਚਾਹੀਦੀਆਂ ਹਨ।” ਇਉਂ ਯੂਹੰਨਾ ਯਿਸੂ ਨੂੰ ਬਪਤਿਸਮਾ
ਦੇਣ ਲਈ ਮੰਨ ਗਿਆ।

[a] *3:7* **ਫ਼ਰੀਸੀ** ਇੱਕ ਯਹੂਦੀ ਦਲ ਜੋ ਯਹੂਦੀ ਨੇਮਾਂ ਅਤੇ ਰਿਵਾਜ਼ਾਂ ਨੂੰ ਮੰਨਦਾ ਸੀ।

[b] *3:7* **ਸਦੂਕੀ** ਇੱਕ ਅਜਿਹਾ ਯਹੂਦੀ ਦਲ ਜੋ ਕਿ ਪੁਰਾਣੇ ਨੇਮ ਦੇ ਕੇਵਲ ਪਹਿਲੇ ਪੰਜ ਹਿੱਸਿਆਂ ਨੂੰ ਮੰਨਦਾ ਸੀ। ਉਨ੍ਹਾਂ ਦਾ ਵਿਸ਼ਵਾਸ ਸੀ ਕਿ ਮਨੁੱਖ ਮੌਤ ਪਿੱਛੋਂ ਜੀਵਤ ਨਹੀਂ ਰਹਿੰਦਾ।

16ਜਿਵੇਂ ਹੀ ਯਿਸੂ ਨੇ ਬਪਤਿਸਮਾ ਲਿਆ ਤਾਂ ਉਹ ਪਾਣੀ ਤੋਂ
ਬਾਹਰ ਆ ਗਿਆ। ਉਸ ਲਈ ਅਕਾਸ਼ ਖੁੱਲ੍ਹ ਗਿਆ ਅਤੇ ਉਸ ਨੇ
ਪਰਮੇਸ਼ੁਰ ਦੇ ਆਤਮਾ ਨੂੰ ਘੁੱਗੀ ਵਾਂਗ ਆਪਣੇ ਉੱਪਰ ਉੱਤਰਦਿਆਂ
ਵੇਖਿਆ। 17ਸਵਰਗ ਤੋਂ ਇੱਕ ਬਾਣੀ ਆਈ ਅਤੇ ਆਖਿਆ, “ਇਹ
ਮੇਰਾ ਪਿਆਰਾ ਪੁੱਤਰ ਹੈ। ਜਿਸ ਤੋਂ ਮੈਂ ਬਹੁਤ ਪ੍ਰਸੰਨ ਹਾਂ।”

### ਯਿਸੂ ਦਾ ਪਰਤਾਇਆ ਜਾਣਾ

*(ਮਰਕੁਸ 1:12–13; ਲੂਕਾ 4:1–13)*

**4** 1ਸ਼ੈਤਾਨ ਦੁਆਰਾ ਪਰਤਾਏ ਜਾਣ ਲਈ ਆਤਮਾ ਯਿਸੂ ਨੂੰ
ਉਜਾੜ ਵਿੱਚ ਲੈ ਗਿਆ। 2ਯਿਸੂ ਨੇ ਚਾਲੀ ਦਿਨ ਅਤੇ ਰਾਤ
ਕੁਝ ਵੀ ਨਾ ਖਾਧਾ, ਤਾਂ ਉਸ ਨੂੰ ਭੁੱਖ ਲੱਗੀ। 3ਤਦ ਸ਼ੈਤਾਨ ਉਸ
ਨੂੰ ਪਰਤਾਉਣ ਲਈ ਆਇਆ ਅਤੇ ਉਸ ਨੂੰ ਆਖਿਆ, “ਜੇ ਤੂੰ
ਪਰਮੇਸ਼ੁਰ ਦਾ ਪੁੱਤਰ ਹੈਂ ਤਾਂ ਕਹਿ ਕਿ ਇਹ ਪੱਥਰ ਰੋਟੀਆਂ ਬਣ ਜਾਣ।”
4ਯਿਸੂ ਨੇ ਜਵਾਬ ਦਿੱਤਾ, “ਪੋਥੀਆਂ ਵਿੱਚ ਲਿਖਿਆ ਹੈ:

‘ਇਨਸਾਨ ਨਿਰੀ ਰੋਟੀ ਨਾਲ ਹੀ ਨਹੀਂ ਜਿਉਂਦੇ ਸਗੋਂ ਉਨ੍ਹਾਂ
ਦਾ ਜੀਵਨ ਉਸ ਹਰੇਕ ਵਾਕ ਉੱਪਰ ਨਿਰਭਰ ਕਰਦਾ ਹੈ
ਜਿਹੜਾ ਪਰਮੇਸ਼ੁਰ ਦੇ ਮੂੰਹੋਂ ਨਿੱਕਲਦਾ ਹੈ।’ ”
*ਬਿਵਸਥਾ 8:3*

5ਫੇਰ ਸ਼ੈਤਾਨ ਯਿਸੂ ਨੂੰ ਪਵਿੱਤਰ ਸ਼ਹਿਰ ਵਿੱਚ ਆਪਣੇ ਨਾਲ ਲੈ
ਗਿਆ ਅਤੇ ਉਸ ਨੂੰ ਮੰਦਰ ਦੇ ਸਭ ਤੋਂ ਉੱਚੇ ਸਥਾਨ ਉੱਤੇ ਖੜ੍ਹਾ ਕਰਕੇ
ਕਿਹਾ, 6“ਜੇਕਰ ਤੂੰ ਪਰਮੇਸ਼ੁਰ ਦਾ ਪੁੱਤਰ ਹੈਂ ਤਾਂ ਆਪਣੇ ਆਪ ਨੂੰ
ਹੇਠਾਂ ਡੇਗ ਦੇ। ਕਿਉਂਕਿ ਪੋਥੀਆਂ ਵਿੱਚ ਲਿਖਿਆ ਹੈ,

‘ਪਰਮੇਸ਼ੁਰ ਆਪਣੇ ਦੂਤਾਂ ਨੂੰ ਤੇਰੇ ਲਈ ਹੁਕਮ ਦੇਵੇਗਾ
ਅਤੇ ਉਹ ਤੈਨੂੰ ਆਪਣੇ ਹੱਥਾਂ ਉੱਤੇ ਚੁੱਕ ਲੈਣਗੇ, ਮਤੇ ਪੱਥਰ
ਨਾਲ ਤੇਰੇ ਪੈਰ ਨੂੰ ਸੱਟ ਲੱਗੇ।’ ” *ਜ਼ਬੂਰ 91:11–12*

7ਯਿਸੂ ਨੇ ਉਸ ਨੂੰ ਕਿਹਾ, “ਪੋਥੀਆਂ ਵਿੱਚ ਇਹ ਵੀ ਲਿਖਿਆ
ਹੈ, ‘ਤੈਨੂੰ ਪ੍ਰਭੂ ਤੇਰੇ ਪਰਮੇਸ਼ੁਰ ਨੂੰ ਨਹੀਂ ਪਰਤਾਉਣਾ ਚਾਹੀਦਾ।’ ”[c]
8ਫੇਰ ਸ਼ੈਤਾਨ ਉਸ ਨੂੰ ਇੱਕ ਵੱਡੇ ਉੱਚੇ ਪਹਾੜ ਉੱਤੇ ਨਾਲ ਲੈ
ਗਿਆ ਅਤੇ ਜਗਤ ਦੇ ਸਾਰੇ ਰਾਜ ਅਤੇ ਉਨ੍ਹਾਂ ਦਾ ਜਲੌ ਵਿਖਾਇਆ।
9ਸ਼ੈਤਾਨ ਨੇ ਕਿਹਾ, “ਜੇ ਤੂੰ ਝੁਕ ਕੇ ਮੈਨੂੰ ਮੱਥਾ ਟੇਕੇਂ ਤਾਂ ਇਹ ਸਭ ਕੁਝ
ਮੈਂ ਤੈਨੂੰ ਦੇ ਦਿਆਂਗਾ।”
10ਯਿਸੂ ਨੇ ਸ਼ੈਤਾਨ ਨੂੰ ਕਿਹਾ, “ਸ਼ੈਤਾਨ! ਤੂੰ ਇੱਥੋਂ ਚਲਿਆ ਜਾਹ,
ਕਿਉਂਕਿ ਪੋਥੀਆਂ ਵਿੱਚ ਲਿਖਿਆ ਹੈ,

‘ਤੂੰ ਪ੍ਰਭੂ ਆਪਣੇ ਪਰਮੇਸ਼ੁਰ ਨੂੰ ਮੱਥਾ ਟੇਕ ਅਤੇ ਉਸ
ਇੱਕਲੇ ਦੀ ਹੀ ਸੇਵਾ ਕਰ।’ ” *ਬਿਵਸਥਾ 6:13*

11ਤਦ ਸ਼ੈਤਾਨ ਚਲਿਆ ਗਿਆ ਅਤੇ ਕੁਝ ਦੂਤ ਯਿਸੂ ਕੋਲ ਉਸ
ਦੀ ਮਦਦ ਕਰਨ ਲਈ ਆਏ।

### ਯਿਸੂ ਦਾ ਗਲੀਲ ਵਿੱਚ ਆਪਣਾ ਕੰਮ ਅਰੰਭਣਾ

*(ਮਰਕੁਸ 1:14–15; ਲੂਕਾ 4:14–15)*

12ਜਦੋਂ ਯਿਸੂ ਨੇ ਸੁਣਿਆ ਕਿ ਯੂਹੰਨਾ ਕੈਦ ਕਰ ਦਿੱਤਾ ਗਿਆ ਹੈ ਤਾਂ
ਉਹ ਗਲੀਲ ਨੂੰ ਵਾਪਸ ਚਲਿਆ ਗਿਆ। 13ਉਸ ਨੇ ਨਾਸਰਤ ਛੱਡ

[c] *4:7* ਹਵਾਲਾ: ਬਿਵਸਥਾ 6:16

ਦਿੱਤਾ ਅਤੇ ਕਫ਼ਰਨਾਹੂਮ ਵਿੱਚ ਰਿਹਾ। ਇਹ ਨਗਰ ਇੱਕ ਝੀਲ ਦੇ
ਨੇੜੇ ਹੈ। ਕਫ਼ਰਨਾਹੂਮ ਜ਼ਬੂਲੂਨ ਅਤੇ ਨਫ਼ਥਾਲੀ ਦੇ ਇਲਾਕੇ ਵਿੱਚ
ਹੈ। 14ਯਿਸੂ ਨੇ ਇਹ ਇਸ ਲਈ ਕੀਤਾ ਤਾਂਕਿ ਯਸਾਯਾਹ ਨਬੀ
ਦਾ ਵਾਕ ਪੂਰਾ ਹੋਵੇ:

15 "ਜ਼ਬੂਲੂਨ ਦੀ ਧਰਤੀ ਅਤੇ ਨਫ਼ਥਾਲੀ ਦੀ ਧਰਤੀ,
ਸਮੁੰਦਰ ਦਾ ਰਾਹ, ਯਰਦਨ ਨਦੀ ਦੇ ਪਾਰ, ਗ਼ੈਰ-ਯਹੂਦੀ
ਲੋਕਾਂ ਦੀ ਧਰਤੀ, ਗਲੀਲ;
16 ਹਨੇਰੇ ਵਿੱਚ ਰਹਿੰਦੇ ਲੋਕਾਂ ਨੇ ਵੱਡਾ ਚਾਨਣ ਵੇਖਿਆ ਹੈ;
ਚਾਨਣ ਉਨ੍ਹਾਂ ਲਈ ਆਇਆ ਜੋ ਕਿ ਕਬਰਾਂ ਵਾਂਗ ਹਨੇਰੇ
ਦੇਸ ਵਿੱਚ ਰਹਿੰਦੇ ਹਨ।" *ਯਸਾਯਾਹ 9:1–2*

17ਉਸ ਤੋਂ ਬਾਦ ਯਿਸੂ ਪ੍ਰਚਾਰ ਕਰਨ ਲੱਗਾ, ਉਸ ਨੇ ਆਖਿਆ,
"ਆਪਣੇ ਦਿਲਾਂ ਅਤੇ ਜੀਵਨਾਂ ਨੂੰ ਬਦਲੋ, ਕਿਉਂਕਿ ਸਵਰਗ ਦਾ ਰਾਜ
ਨੇੜੇ ਆ ਰਿਹਾ ਹੈ।"

## ਯਿਸੂ ਦਾ ਕੁਝ ਚੇਲੇ ਚੁਣਨਾ

*(ਮਰਕੁਸ 1:16–20; ਲੂਕਾ 5:1–11)*

18ਜਦੋਂ ਯਿਸੂ ਗਲੀਲ ਦੀ ਝੀਲ ਦੇ ਕੰਢੇ ਘੁੰਮ ਰਿਹਾ ਸੀ ਤਾਂ ਉਸ ਨੇ
ਦੋ ਭਰਾਵਾਂ ਸ਼ਮਊਨ ਜਿਹੜਾ ਪਤਰਸ ਕਹਾਉਂਦਾ ਹੈ ਅਤੇ ਉਸ ਦੇ ਭਰਾ
ਅੰਦ੍ਰਿਯਾਸ ਨੂੰ ਵੇਖਿਆ। ਉਹ ਮਾਛੀ ਸਨ ਅਤੇ ਜਾਲ ਨਾਲ ਮੱਛੀਆਂ
ਫੜ ਰਹੇ ਸਨ। 19ਯਿਸੂ ਨੇ ਉਨ੍ਹਾਂ ਨੂੰ ਕਿਹਾ, "ਮੇਰੇ ਮਗਰ ਆਓ ਤਾਂ ਮੈਂ
ਤੁਹਾਨੂੰ ਲੋਕਾਂ ਨੂੰ ਇਕੱਠਾ ਕਰਨ ਲਈ ਮਾਛੀ ਬਣਾਵਾਂਗਾ।" 20ਤੁਰੰਤ
ਹੀ ਉਹ ਜਾਲਾਂ ਨੂੰ ਛੱਡ ਕੇ ਯਿਸੂ ਦੇ ਮਗਰ ਹੋ ਤੁਰੇ।
21ਯਿਸੂ ਗਲੀਲ ਦੀ ਝੀਲ ਦੇ ਕੰਢੇ ਚੱਲਦਾ ਰਿਹਾ। ਉਸ ਨੇ ਦੋ ਹੋਰ
ਭਰਾਵਾਂ ਯਾਕੂਬ ਅਤੇ ਯੂਹੰਨਾ ਨੂੰ ਵੇਖਿਆ ਜੋ ਕਿ ਜ਼ਬਦੀ ਦੇ ਪੁੱਤਰ
ਸਨ। ਉਹ ਆਪਣੇ ਪਿਉ ਨਾਲ ਬੇੜੀ ਵਿੱਚ ਆਪਣੇ ਜਾਲਾਂ ਨੂੰ ਠੀਕ
ਕਰ ਰਹੇ ਸਨ। ਯਿਸੂ ਨੇ ਉਨ੍ਹਾਂ ਨੂੰ ਸੱਦਿਆ। 22ਤਦ ਉਹ ਝੱਟ ਬੇੜੀ
ਅਤੇ ਆਪਣੇ ਪਿਉ ਨੂੰ ਛੱਡ ਕੇ ਉਸ ਦੇ ਮਗਰ ਹੋ ਤੁਰੇ।

## ਯਿਸੂ ਦਾ ਉਪਦੇਸ਼ ਦੇਣਾ ਅਤੇ ਲੋਕਾਂ ਨੂੰ ਚੰਗਾ ਕਰਨਾ

*(ਲੂਕਾ 6:17–19)*

23ਯਿਸੂ ਸਾਰੀ ਗਲੀਲ ਵਿੱਚ ਫ਼ਿਰਿਆ। ਯਿਸੂ ਉਨ੍ਹਾਂ ਦੇ ਯਹੂਦੀ
ਮੰਦਰਾਂ ਵਿੱਚ ਉਪਦੇਸ਼ ਦਿੰਦਾ ਅਤੇ ਸਵਰਗ ਦੇ ਰਾਜ ਦੀ ਖੁਸ਼ਖਬਰੀ
ਦਾ ਪ੍ਰਚਾਰ ਕਰਦਾ ਸੀ ਅਤੇ ਲੋਕਾਂ ਵਿੱਚੋਂ ਸਾਰੇ ਰੋਗ ਅਤੇ ਸਾਰੀ
ਮਾਂਦਗੀ ਨੂੰ ਹਟਾਉਂਦਾ ਸੀ। 24ਯਿਸੂ ਬਾਰੇ ਸਮੁੱਚੇ ਸੁਰੀਆ ਵਿੱਚ
ਖ਼ਬਰ ਫ਼ੈਲ ਗਈ ਅਤੇ ਲੋਕ ਬਿਮਾਰ ਅਤੇ ਰੋਗੀਆਂ ਨੂੰ ਜਿਹੜੇ
ਗੰਭੀਰ ਦਰਦ ਝੱਲ ਰਹੇ ਸਨ, ਅਤੇ ਜਿਨ੍ਹਾਂ ਨੂੰ ਭੂਤ ਚਿੰਬੜੇ ਹੋਏ
ਸਨ ਤੇ ਮਿਰਗੀ ਵਾਲਿਆਂ ਅਤੇ ਅਧਰੰਗੀਆਂ ਨੂੰ ਉਸ ਦੇ ਕੋਲ
ਲਿਆਏ। ਯਿਸੂ ਨੇ ਸਾਰੇ ਰੋਗੀਆਂ ਨੂੰ ਚੰਗਾ ਕੀਤਾ। 25ਵੱਡੀਆਂ
ਭੀੜਾਂ ਗਲੀਲ, ਦਿਕਾਪੁਲਿਸ, ਯਰੂਸ਼ਲਮ, ਯਹੂਦਿਯਾ ਅਤੇ
ਯਰਦਨ ਨਦੀ ਦੇ ਪਾਰੋਂ ਉਸ ਦੇ ਮਗਰ ਲੱਗ ਤੁਰੀਆਂ।

## ਪਹਾੜੀ ਉਪਦੇਸ਼

*(ਲੂਕਾ 6:20–23)*

**5** 1ਭੀੜ ਨੂੰ ਵੇਖ ਕੇ ਯਿਸੂ ਪਹਾੜ ਉੱਤੇ ਚੜ੍ਹ ਗਿਆ ਅਤੇ ਜਦ
ਬੈਠਾ ਤਾਂ ਉਸ ਦੇ ਚੇਲੇ ਉਸ ਦੇ ਆਸ-ਪਾਸ ਆਏ। 2ਤਦ
ਯਿਸੂ ਲੋਕਾਂ ਨੂੰ ਉਪਦੇਸ਼ ਦੇਣ ਲੱਗਾ ਅਤੇ ਉਸ ਨੇ ਆਖਿਆ,

3 "ਉਹ ਵਡਭਾਗੇ ਹਨ ਜਿਹੜੇ ਆਤਮਾ ਵਿੱਚ ਗਰੀਬ ਹਨ,
ਕਿਉਂਕਿ ਸਵਰਗ ਦਾ ਰਾਜ ਉਨ੍ਹਾਂ ਦਾ ਹੈ।
4 ਉਹ ਵਡਭਾਗੇ ਹਨ ਜਿਹੜੇ ਸੋਗ ਕਰਦੇ ਹਨ, ਕਿਉਂਕਿ ਉਹ
ਸ਼ਾਂਤ ਕੀਤੇ ਜਾਣਗੇ।
5 ਉਹ ਵਡਭਾਗੇ ਹਨ ਜਿਹੜੇ ਦੀਨ ਹਨ, ਕਿਉਂਕਿ ਉਹ
ਵਾਅਦੇ ਦੀ ਧਰਤੀ ਦੇ ਵਾਰਸ ਹੋਣਗੇ।
6 ਉਹ ਵਡਭਾਗੇ ਹਨ ਜਿਹੜੇ ਧਰਮ ਦੇ ਭੁੱਖੇ ਅਤੇ ਤਿਹਾਏ
ਹਨ, ਕਿਉਂਕਿ ਉਹ ਰਜਾਏ ਜਾਣਗੇ।
7 ਉਹ ਵਡਭਾਗੇ ਹਨ ਜਿਹੜੇ ਮਿਹਰਬਾਨ ਹਨ, ਕਿਉਂਕਿ
ਉਨ੍ਹਾਂ ਤੇ ਮਿਹਰ ਕੀਤੀ ਜਾਵੇਗੀ।
8 ਉਹ ਵਡਭਾਗੇ ਹਨ ਜਿਹੜੇ ਦਿਲੋਂ ਸ਼ੁੱਧ ਹਨ, ਕਿਉਂਕਿ ਉਹ
ਪਰਮੇਸ਼ੁਰ ਨੂੰ ਵੇਖਣਗੇ।
9 ਉਹ ਵਡਭਾਗੇ ਹਨ ਜਿਹੜੇ ਸ਼ਾਂਤੀ ਲਿਆਉਂਦੇ ਹਨ,
ਕਿਉਂਕਿ ਉਹ ਪਰਮੇਸ਼ੁਰ ਦੇ ਬੱਚੇ ਅਖਵਾਉਣਗੇ।
10 ਉਹ ਵਡਭਾਗੇ ਹਨ ਜਿਹੜੇ ਸਹੀ ਕਾਰਜ ਕਰਨ ਦੇ ਕਾਰਨ
ਸਤਾਏ ਜਾ ਰਹੇ ਹਨ, ਕਿਉਂਕਿ ਸਵਰਗ ਦਾ ਰਾਜ ਉਨ੍ਹਾਂ ਦਾ
ਹੋਵੇਗਾ।

11"ਜਦੋਂ ਲੋਕ ਤੁਹਾਡੀ ਬੇਇੱਜ਼ਤੀ ਕਰਨ ਅਤੇ ਤੁਹਾਡੇ ਵਿਰੁੱਧ
ਮਾੜਾ ਬੋਲਣ ਅਤੇ ਤੁਹਾਡੇ ਤੇ ਝੂਠੇ ਦੋਸ਼ ਲਾਉਣ ਕਿਉਂਕਿ ਤੁਸੀਂ ਮੇਰੇ
ਚੇਲੇ ਹੋ, ਤਾਂ ਤੁਸੀਂ ਧੰਨ ਹੋ। 12ਖੁਸ਼ ਹੋਵੋ ਅਤੇ ਅਨੰਦ ਮਾਣੋ, ਤੁਸੀਂ
ਸਵਰਗ ਵਿੱਚ ਬਹੁਤ ਵੱਡਾ ਫ਼ਲ ਪਾਵੋਗੇ। ਇਸੇ ਤਰ੍ਹਾਂ, ਜੋ ਨਬੀ
ਤੁਹਾਥੋਂ ਪਹਿਲਾਂ ਹੋਏ ਉਨ੍ਹਾਂ ਨੂੰ ਵੀ ਲੋਕਾਂ ਨੇ ਕਸ਼ਟ ਦਿੱਤੇ।

## ਤੁਸੀਂ ਲੂਣ ਅਤੇ ਰੋਸ਼ਨੀ ਵਾਂਗ ਹੋ

*(ਮਰਕੁਸ 9:50; 4:21; ਲੂਕਾ 14:34–35, 8:16)*

13"ਤੁਸੀਂ ਧਰਤੀ ਦੇ ਲੂਣ ਹੋ। ਪਰ ਜੇਕਰ ਲੂਣ ਬੇਸੁਆਦ ਹੋ ਜਾਵੇ ਤਾਂ
ਇਹ ਫ਼ੇਰ ਕਿਵੇਂ ਸਲੂਣਾ ਹੋ ਸਕਦਾ ਹੈ? ਇਹ ਬੇਕਾਰ ਹੈ। ਇਹ ਬਾਹਰ
ਸੁੱਟੇ ਜਾਣ ਅਤੇ ਲੋਕਾਂ ਦੁਆਰਾ ਮਿੱਧੇ ਜਾਣ ਲਈ ਹੈ।
14"ਤੁਸੀਂ ਜਗਤ ਦੇ ਚਾਨਣ ਹੋ। ਜਿਹੜਾ ਨਗਰ ਪਹਾੜ ਤੇ
ਬਣਿਆ ਹੋਇਆ ਹੈ ਉਸ ਨੂੰ ਲੁਕੋਇਆ ਨਹੀਂ ਜਾ ਸਕਦਾ। 15ਲੋਕ
ਦੀਵਾ ਜਗਾ ਕੇ ਕਟੋਰੇ ਹੇਠਾਂ ਨਹੀਂ ਰੱਖਦੇ, ਉਹ ਇਸ ਨੂੰ ਸ਼ਮਾਦਾਨ
ਉੱਤੇ ਰੱਖਦੇ ਹਨ ਤਾਂ ਜੋ ਇਹ ਘਰ ਵਿੱਚ ਰਹਿੰਦੇ ਸਭ ਲੋਕਾਂ ਨੂੰ ਚਾਨਣ
ਦੇਵੇ। 16ਇਸੇ ਤਰ੍ਹਾਂ, ਤੁਸੀਂ ਦੂਸਰੇ ਲੋਕਾਂ ਲਈ ਚਾਨਣ ਹੋਣੇ ਚਾਹੀਦੇ
ਹੋ ਤਾਂ ਜੋ ਉਹ ਵੀ ਤੁਹਾਡੇ ਚੰਗੇ ਕੰਮ ਵੇਖ ਸਕਣ ਅਤੇ ਸਵਰਗ ਵਿੱਚ
ਤੁਹਾਡੇ ਪਿਤਾ ਦੀ ਉਸਤਤ ਕਰ ਸਕਣ।

## ਯਿਸੂ ਅਤੇ ਪੁਰਾਣੇ ਨੇਮ ਦੀਆਂ ਲਿਖਤਾਂ

17"ਇਹ ਨਾ ਸੋਚੋ ਕਿ ਮੈਂ ਮੂਸਾ ਦੀ ਸ਼ਰ੍ਹਾ ਜਾਂ ਨਬੀਆਂ ਦੇ ਉਪਦੇਸ਼ਾਂ
ਨੂੰ ਰੱਦ ਕਰਨ ਲਈ ਆਇਆ ਹਾਂ। ਮੈਂ ਉਨ੍ਹਾਂ ਦੇ ਉਪਦੇਸ਼ਾਂ ਨੂੰ ਰੱਦ
ਕਰਨ ਨਹੀਂ, ਸਗੋਂ ਉਨ੍ਹਾਂ ਨੂੰ ਪੂਰਿਆਂ ਕਰਨ ਲਈ ਆਇਆ ਹਾਂ।
18ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਜਿੰਨਾ ਚਿਰ ਅਕਾਸ਼ ਅਤੇ ਧਰਤੀ
ਟਲ ਨਾ ਜਾਣ, ਸ਼ਰ੍ਹਾ ਵਿੱਚੋਂ ਕੁਝ ਵੀ ਅਲੋਪ ਨਹੀਂ ਹੋਵੇਗਾ। ਜਦ ਤੱਕ
ਸਭ ਕੁਝ ਪੂਰਾ ਨਹੀਂ ਹੋਵੇਗਾ ਇੱਕ ਅੱਖਰ ਜਾਂ ਅੱਖਰ ਦੀ ਇੱਕ
ਬਿੰਦੀ ਵੀ ਨਹੀਂ ਟਲੇਗੀ।
19"ਜੇਕਰ ਕੋਈ ਵਿਅਕਤੀ ਅਣਆਗਿਆਕਾਰੀ ਹੈ ਅਤੇ ਦੂਜਿਆਂ
ਨੂੰ ਵੀ ਆਗਿਆ ਨਾ ਮੰਨਣ ਦੀ ਸਿੱਖਿਆ ਦਿੰਦਾ ਹੈ, ਉਹ ਸਵਰਗ ਦੇ

ਰਾਜ ਵਿੱਚ ਸਭ ਤੋਂ ਘੱਟ ਮਹੱਤਵਪੂਰਣ ਹੋਵੇਗਾ। ਪਰ ਜਿਹੜਾ ਕੋਈ
ਹੁਕਮਾਂ ਨੂੰ ਮੰਨੇਗਾ ਅਤੇ ਹੋਰਾਂ ਨੂੰ ਦੱਸੇਗਾ, ਉਹ ਸਵਰਗ ਦੇ ਰਾਜ ਵਿੱਚ
ਮਹਾਨ ਹੋਵੇਗਾ। 20ਮੈਂ ਤੁਹਾਨੂੰ ਦੱਸਦਾ ਹਾਂ ਕਿ ਜੇ ਤੁਹਾਡੇ ਕੰਮ ਨੇਮ
ਦੇ ਉਪਦੇਸ਼ਕਾਂ ਅਤੇ ਫ਼ਰੀਸੀਆਂ ਦੇ ਧਰਮ ਨਾਲੋਂ ਵੱਧ ਨਹੀਂ ਹੋਣਗੇ
ਤਾਂ ਤੁਸੀਂ ਸਵਰਗ ਦੇ ਰਾਜ ਵਿੱਚ ਕਿਸੇ ਵੀ ਤਰ੍ਹਾਂ ਨਹੀਂ ਵੜ ਸਕੋਗੇ।

### ਯਿਸੂ ਦਾ ਕ੍ਰੋਧ ਬਾਰੇ ਉਪਦੇਸ਼

21“ਤੁਸੀਂ ਸੁਣਿਆ ਹੈ, ਜੋ ਬਹੁਤ ਚਿਰ ਪਹਿਲਾਂ ਸਾਡੇ ਲੋਕਾਂ ਨੂੰ ਕਿਹਾ
ਗਿਆ ਸੀ ਕਿ ‘ਕਿਸੇ ਮਨੁੱਖ ਦਾ ਖੂਨ ਨਾ ਕਰ।[a] ਜਿਹੜਾ ਵਿਅਕਤੀ
ਖੂਨ ਕਰੇਗਾ, ਅਦਾਲਤ ਵਿੱਚ ਉਸ ਦਾ ਨਿਆਂ ਕੀਤਾ ਜਾਵੇਗਾ।’ 22ਪਰ
ਮੈਂ ਤੁਹਾਨੂੰ ਆਖਦਾ ਹਾਂ ਕਿ ਹਰ ਕੋਈ ਤੁਹਾਡਾ ਭਰਾ ਹੈ। ਕਿਸੇ ਦੂਸਰੇ
ਵਿਅਕਤੀ ਤੇ ਕ੍ਰੋਧ ਨਾ ਕਰੋ। ਜੇਕਰ ਤੂੰ ਦੂਸਰੇ ਵਿਅਕਤੀ ਤੇ ਕ੍ਰੋਧ ਕਰੇਂਗਾ
ਤਾਂ ਤੇਰਾ ਨਿਆਂ ਯਹੂਦੀ ਅਦਾਲਤ ਵਿੱਚ ਕੀਤਾ ਜਾਵੇਗਾ। ਜੇਕਰ ਤੂੰ
ਕਿਸੇ ਨੂੰ ਗਾਲ੍ਹ ਕੱਢਦਾ ਹੈਂ ਤਾਂ ਤੇਰਾ ਨਿਆਂ ਯਹੂਦੀ ਸਭਾ ਦੁਆਰਾ
ਕੀਤਾ ਜਾਵੇਗਾ। ਅਤੇ ਜੇਕਰ ਤੂੰ ਦੂਸਰੇ ਵਿਅਕਤੀ ਨੂੰ ਮੂਰਖ ਕਹਿੰਦਾ
ਹੈ ਤਾਂ ਤੈਨੂੰ ਨਰਕ ਦੀ ਅੱਗ ਦੇ ਖ਼ਤਰੇ ਦਾ ਸਾਹਮਣਾ ਕਰਨਾ ਪਵੇਗਾ।
23ਸੋ “ਜਦੋਂ ਤੂੰ ਪਰਮੇਸ਼ੁਰ ਲਈ ਜਗਵੇਦੀ ਤੇ ਆਪਣੀ ਭੇਟ
ਚੜ੍ਹਾਉਣ ਲੱਗੇਂ, ਅਤੇ ਉੱਥੇ ਤੈਨੂੰ ਚੇਤੇ ਆਵੇ ਕਿ ਤੇਰੇ ਭਰਾ ਦੇ ਮਨ
ਵਿੱਚ ਤੇਰੇ ਲਈ ਵਿਰੋਧ ਹੈ, 24ਤਾਂ ਆਪਣੀ ਭੇਟ ਉੱਥੇ ਜਗਵੇਦੀ ਦੇ
ਸਾਹਮਣੇ ਛੱਡ ਕੇ ਚਲਿਆ ਜਾ ਅਤੇ ਪਹਿਲਾਂ ਆਪਣੇ ਭਰਾ ਨਾਲ
ਮੇਲ ਕਰ ਤੇ ਬਾਦ ਵਿੱਚ ਆ ਕੇ ਆਪਣੀ ਭੇਟ ਚੜ੍ਹਾ।
25ਜੇ “ਤੇਰਾ ਦੁਸ਼ਮਣ ਤੈਨੂੰ ਅਦਾਲਤ ਲਿਜਾ ਰਿਹਾ ਹੋਵੇ ਤਾਂ
ਆਪਣੇ ਦੁਸ਼ਮਣ ਨਾਲ ਜਿੰਨੀ ਛੇਤੀ ਹੋ ਸਕੇ, ਮਿਲਾਪ ਕਰ ਲੈ।
ਜੇਕਰ ਤੂੰ ਅਜਿਹਾ ਨਹੀਂ ਕਰੇਂਗਾ ਤਾਂ ਹੋ ਸਕਦਾ ਹੈ ਕਿ ਉਹ ਤੈਨੂੰ
ਮੁਨਸਫ਼ ਦੇ ਹਵਾਲੇ ਕਰ ਦੇਵੇ ਅਤੇ ਮੁਨਸਫ਼ ਤੈਨੂੰ ਕੈਦ ਵਿੱਚ ਪਾਉਣ
ਲਈ ਪਹਿਰੇਦਾਰਾਂ ਦੇ ਹਵਾਲੇ ਕਰ ਦੇਵੇ। 26ਮੈਂ ਤੈਨੂੰ ਸੱਚ ਦੱਸਦਾ ਹਾਂ
ਕਿ ਤੈਨੂੰ ਕੈਦ ਵਿੱਚੋਂ ਓਨੇ ਚਿਰ ਤੱਕ ਮੁਕਤ ਨਹੀਂ ਕੀਤਾ ਜਾਵੇਗਾ ਜਿੰਨਾ
ਚਿਰ ਤੂੰ ਉਹ ਸਭ ਕੁਝ ਨਹੀਂ ਦੇ ਦਿੰਦਾ ਜਿਸ ਦਾ ਤੂੰ ਦੇਣਦਾਰ ਹੈਂ।

### ਯਿਸੂ ਦਾ ਜਿਨਸੀ ਪਾਪ ਬਾਰੇ ਉਪਦੇਸ਼

27“ਤੁਸੀਂ ਸੁਣਿਆ ਹੈ ਜੋ ਇਹ ਕਿਹਾ ਗਿਆ ਸੀ, ‘ਤੂੰ ਬਦਕਾਰੀ
ਦਾ ਪਾਪ ਨਾ ਕਰ।’[b] 28ਪਰ ਮੈਂ ਤੁਹਾਨੂੰ ਦੱਸਦਾ ਹਾਂ ਕਿ ਜੇਕਰ ਕੋਈ
ਵਿਅਕਤੀ ਕਿਸੇ ਔਰਤ ਵੱਲ ਬੁਰੀ ਇੱਛਾ ਨਾਲ ਵੇਖਦਾ ਹੈ ਤਾਂ ਉਹ
ਪਹਿਲਾਂ ਹੀ ਆਪਣੇ ਦਿਲੋਂ ਉਸ ਔਰਤ ਨਾਲ ਬਦਕਾਰੀ ਦਾ ਪਾਪ ਕਰ
ਚੁੱਕਿਆ ਹੈ। 29ਜੇ ਤੇਰੀ ਸੱਜੀ ਅੱਖ ਪਾਪ ਕਰਾਵੇ ਤਾਂ ਉਸ ਨੂੰ ਆਪਣੇ
ਸਰੀਰ ਵਿੱਚੋਂ ਕੱਢ ਕੇ ਸੁੱਟ ਦੇ। ਕਿਉਂਕਿ ਤੇਰੇ ਲਈ ਇਹੋ ਭਲਾ ਹੈ ਕਿ
ਤੇਰੇ ਅੰਗਾਂ ਵਿੱਚੋਂ ਇੱਕ ਦਾ ਨਾਸ ਹੋਵੇ ਪਰ ਤੇਰਾ ਸਾਰਾ ਸਰੀਰ ਨਰਕ
ਵਿੱਚ ਨਾ ਜਾਵੇ। 30ਜਦੋਂ ਤੇਰਾ ਸੱਜਾ ਹੱਥ ਤੈਥੋਂ ਪਾਪ ਕਰਾਵੇ ਤਾਂ ਉਸ ਨੂੰ
ਕੱਟ ਕੇ ਸੁੱਟ ਦੇ। ਕਿਉਂਕਿ ਤੇਰੇ ਲਈ ਇਹੋ ਭਲਾ ਹੈ ਕਿ ਤੇਰੇ ਅੰਗਾਂ ਵਿੱਚੋਂ
ਇੱਕ ਦਾ ਨਾਸ ਹੋਵੇ ਪਰ ਤੇਰਾ ਸਾਰਾ ਸਰੀਰ ਨਰਕ ਵਿੱਚ ਨਾ ਜਾਵੇ।

### ਯਿਸੂ ਦਾ ਤਲਾਕ ਬਾਰੇ ਉਪਦੇਸ਼

*(ਮੱਤੀ 19:9; ਮਰਕੁਸ 10:11–12; ਲੂਕਾ 16:18)*

31“ਇਹ ਵੀ ਆਖਿਆ ਗਿਆ ਹੈ, ‘ਜਿਹੜਾ ਵਿਅਕਤੀ ਆਪਣੀ
ਪਤਨੀ ਨੂੰ ਤਲਾਕ ਦਿੰਦਾ ਹੈ ਉਹ ਉਸ ਨੂੰ ਤਲਾਕਨਾਮਾ ਲਿਖ ਕੇ
ਦੇਵੇ।’[c] 32ਪਰ ਮੈਂ ਤੁਹਾਨੂੰ ਦੱਸਦਾ ਹਾਂ ਕਿ ਕੋਈ ਵੀ ਵਿਅਕਤੀ ਜੋ
ਆਪਣੀ ਪਤਨੀ ਨੂੰ ਤਲਾਕ ਦਿੰਦਾ ਹੈ ਉਹ ਉਸ ਨੂੰ ਬਦਕਾਰੀ ਦਾ
ਪਾਪ ਕਰਨ ਦਾ ਦੋਸ਼ੀ ਬਣਾਉਂਦਾ ਹੈ। ਕਿਸੇ ਵਿਅਕਤੀ ਕੋਲ ਆਪਣੀ
ਪਤਨੀ ਨੂੰ ਤਲਾਕ ਦੇਣ ਦਾ ਇੱਕ ਹੀ ਕਾਰਣ ਹੈ ਕਿ ਜੇਕਰ ਉਸ ਦੀ
ਪਤਨੀ ਨੇ ਦੂਸਰੇ ਆਦਮੀ ਨਾਲ ਜਿਨਸੀ ਸੰਬੰਧ ਬਣਾਏ ਹੋਣ। ਅਤੇ
ਕੋਈ ਵੀ ਵਿਅਕਤੀ ਜੋ ਉਸ ਤਲਾਕਸ਼ੁਦਾ ਔਰਤ ਨਾਲ ਵਿਆਹ ਕਰੇ,
ਬਦਕਾਰੀ ਦਾ ਪਾਪ ਕਰਨ ਦਾ ਦੋਸ਼ੀ ਹੈ।

### ਯਿਸੂ ਦਾ ਵਾਅਦੇ ਕਰਨ ਬਾਰੇ ਉਪਦੇਸ਼

33“ਤੁਸੀਂ ਸੁਣਿਆ ਹੈ ਕਿ ਸਾਡੇ ਪੁਰਖਿਆਂ ਨੂੰ ਆਖਿਆ ਗਿਆ ਸੀ
ਕਿ ਜੇ ਤੁਸੀਂ ਸੌਂਹ ਖਾਓ ਤਾਂ ਇਸ ਨੂੰ ਤੋੜੋ ਨਾ। ਜੋ ਸੌਂਹ ਤੁਸੀਂ ਪ੍ਰਭੂ
ਨਾਲ ਖਾਧੀ ਹੈ ਉਸ ਨੂੰ ਪੂਰਿਆਂ ਕਰਨਾ ਚਾਹੀਦਾ ਹੈ।[d] 34ਪਰ ਮੈਂ
ਤੁਹਾਨੂੰ ਦੱਸਦਾ ਹਾਂ ਕਿ ਕਦੇ ਵੀ ਸੌਂਹ ਨਾ ਖਾਣੀ। ਕਦੇ ਵੀ ਸਵਰਗ
ਦੀ ਸੌਂਹ ਨਾ ਖਾਓ ਕਿਉਂਕਿ ਇਹ ਪਰਮੇਸ਼ੁਰ ਦਾ ਸਿੰਘਾਸਣ ਹੈ; 35ਨਾ
ਹੀ ਧਰਤੀ ਦੀ ਸੌਂਹ ਖਾਓ ਕਿਉਂਕਿ ਇਹ ਉਸ ਦੇ ਚਰਨਾਂ ਦੀ ਚੌਂਕੀ
ਹੈ; ਨਾ ਹੀ ਯਰੂਸ਼ਲਮ ਦੀ, ਕਿਉਂਕਿ ਇਹ ਮਹਾਨ ਰਾਜੇ ਦਾ ਸ਼ਹਿਰ
ਹੈ; 36ਅਤੇ ਨਾ ਹੀ ਆਪਣੇ ਸਿਰ ਦੀ ਸੌਂਹ ਖਾਓ, ਕਿਉਂਕਿ ਤੁਸੀਂ
ਇੱਕ ਵਾਲ ਨੂੰ ਵੀ ਚਿੱਟਾ ਜਾਂ ਕਾਲਾ ਨਹੀਂ ਕਰ ਸਕਦੇ। 37ਪਰ ਤੁਸੀਂ
ਆਪਣੇ ਬੋਲਣ ਵਿੱਚ ‘ਹਾਂ’ ਦੀ ਹਾਂ ਅਤੇ ‘ਨਾ’ ਦੀ ਨਾ ਆਖੋ। ‘ਹਾਂ’ ਜਾਂ
‘ਨਾ’ ਤੋਂ ਵੱਧ ਆਖਣਾ ਬਦੀ ਵੱਲੋਂ ਹੈ।

### ਯਿਸੂ ਦਾ ਬਦਲੇ ਬਾਰੇ ਉਪਦੇਸ਼

*(ਲੂਕਾ 6:29–30)*

38“ਤੁਸੀਂ ਸੁਣਿਆ ਹੈ ਜੋ ਕਿਹਾ ਗਿਆ ਸੀ ਕਿ, ‘ਅੱਖ ਦੇ ਬਦਲੇ
ਅੱਖ ਅਤੇ ਦੰਦ ਦੇ ਬਦਲੇ ਦੰਦ।’[e] 39ਮੈਂ ਤੁਹਾਨੂੰ ਆਖਦਾ ਹਾਂ ਕਿ
ਦੁਸ਼ਟ ਆਦਮੀ ਦੇ ਵਿਰੁੱਧ ਖੜ੍ਹੇ ਨਾ ਹੋਵੋ। ਸਗੋਂ ਜੇ ਕੋਈ ਤੁਹਾਡੀ
ਸੱਜੀ ਗੱਲ੍ਹ ਉੱਤੇ ਚਪੇੜ ਮਾਰੇ ਤਾਂ ਤੁਸੀਂ ਦੂਜੀ ਵੀ ਉਸ ਵੱਲ ਘੁਮਾ
ਦਿਓ। 40ਜਿਹੜਾ ਤੁਹਾਡੇ ਉੱਤੇ ਮੁਕੱਦਮਾ ਕਰੇ ਅਤੇ ਤੁਹਾਡਾ ਕੁੜਤਾ
ਲੈਣਾ ਚਾਹੇ ਤਾਂ ਉਸ ਨੂੰ ਆਪਣਾ ਚੋਗ਼ਾ ਵੀ ਲੈ ਲੈਣ ਦਿਓ। 41ਜੇ
ਕੋਈ ਤੁਹਾਨੂੰ ਇੱਕ ਮੀਲ ਆਪਣੇ ਨਾਲ ਤੁਰਨ ਲਈ ਮਜਬੂਰ ਕਰੇ
ਤਾਂ ਤੁਸੀਂ ਉਸ ਨਾਲ ਦੋ ਮੀਲ ਚੱਲੇ ਜਾਓ। 42ਜੇ ਕੋਈ ਤੁਹਾਥੋਂ ਕੁਝ
ਮੰਗਦਾ ਹੈ ਤਾਂ ਉਸ ਨੂੰ ਦਿਓ ਅਤੇ ਜੇਕਰ ਕੋਈ ਤੁਹਾਥੋਂ ਉਧਾਰ
ਚਾਹੁੰਦਾ ਹੈ ਤਾਂ ਦੇਣ ਤੋਂ ਮਨ੍ਹਾ ਨਾ ਕਰੋ।

### ਸਭ ਲੋਕਾਂ ਨੂੰ ਪਿਆਰ ਕਰੋ

*(ਲੂਕਾ 6:27–28, 32–36)*

43“ਤੁਸੀਂ ਸੁਣਿਆ ਹੈ ਜੋ ਕਿਹਾ ਗਿਆ ਸੀ, ‘ਤੁਸੀਂ ਆਪਣੇ ਗੁਆਂਢੀ
ਨਾਲ ਪਿਆਰ ਕਰੋ[f] ਅਤੇ ਆਪਣੇ ਵੈਰੀ ਨਾਲ ਵੈਰ ਰੱਖੋ।’ 44ਪਰ
ਮੈਂ ਤੁਹਾਨੂੰ ਆਖਦਾ ਹਾਂ ਕਿ ਆਪਣੇ ਵੈਰੀਆਂ ਨਾਲ ਵੀ ਪਿਆਰ ਕਰੋ,
ਅਤੇ ਜੋ ਤੁਹਾਨੂੰ ਸਤਾਉਣ ਉਨ੍ਹਾਂ ਲਈ ਪ੍ਰਾਰਥਨਾ ਕਰੋ। 45ਜੇਕਰ
ਤੁਸੀਂ ਅਜਿਹਾ ਕਰੋਗੇ, ਤਦ ਤੁਸੀਂ ਆਪਣੇ ਪਿਤਾ ਦੇ ਜਿਹੜਾ ਸਵਰਗ

---

[a] ***5:21*** ਹਵਾਲਾ: ਕੂਚ 20:13; ਬਿਵਸਥਾ ਸਾਰ 5:17

[b] ***5:27*** ਹਵਾਲਾ: ਕੂਚ 20:14; ਬਿਵਸਥਾ ਸਾਰ 5:18

[c] ***5:31*** ਹਵਾਲਾ: ਬਿਵਸਥਾ ਸਾਰ 24:1

[d] ***5:33*** **“ਜੋ…ਚਾਹੀਦਾ ਹੈ”** ਲੇਵੀਆਂ 19:12; ਗਿਣਤੀ 30:2; ਬਿਵਸਥਾ ਸਾਰ 23:21 ਦੇਖੋ।

[e] ***5:38*** ਹਵਾਲਾ: ਕੂਚ 21:24; ਲੇਵੀਆਂ 24:20

[f] ***5:43*** ਹਵਾਲਾ: ਲੇਵੀਆਂ 19:18

ਵਿੱਚ ਹੈ, ਸੱਚੇ ਪੁੱਤਰ ਹੋਵੋਗੇ, ਕਿਉਂਕਿ ਪਿਤਾ ਆਪਣਾ ਸੂਰਜ ਬੁਰੇ
ਅਤੇ ਭਲੇ, ਦੋਹਾਂ ਉੱਤੇ ਹੀ ਚੜ੍ਹਾਉਂਦਾ ਹੈ। ਤੁਹਾਡਾ ਪਿਤਾ ਧਰਮੀਆਂ
ਅਤੇ ਕੁਧਰਮੀਆਂ ਉੱਤੇ ਵੀ ਮੀਂਹ ਵਰਸਾਉਂਦਾ ਹੈ। **46**ਜੇਕਰ ਤੁਸੀਂ
ਉਨ੍ਹਾਂ ਨਾਲ ਹੀ ਪਿਆਰ ਕਰੋ ਜਿਹੜੇ ਤੁਹਾਡੇ ਨਾਲ ਪਿਆਰ ਕਰਦੇ
ਹਨ ਤਾਂ ਤੁਹਾਨੂੰ ਕੋਈ ਫ਼ਲ ਨਹੀਂ ਮਿਲੇਗਾ। ਕੀ ਮਹਿਸੂਲੀਏ ਵੀ
ਇਹੀ ਨਹੀਂ ਕਰਦੇ? **47**ਜੇਕਰ ਤੁਸੀਂ ਸਿਰਫ਼ ਆਪਣੇ ਦੋਸਤਾਂ ਨਾਲ
ਚੰਗਾ ਵਰਤਾਓ ਕਰਦੇ ਹੋ ਤਾਂ ਤੁਸੀਂ ਦੂਸਰੇ ਲੋਕਾਂ ਨਾਲੋਂ ਚੰਗੇ ਨਹੀਂ ਹੋ।
ਕੀ ਕੁਧਰਮੀ ਵੀ ਅਜਿਹਾ ਨਹੀਂ ਕਰਦੇ? **48**ਸੋ ਜਿਵੇਂ ਤੁਹਾਡਾ ਪਿਤਾ
ਜਿਹੜਾ ਸਵਰਗ ਵਿੱਚ ਹੈ, ਸੰਪੂਰਣ ਹੈ ਤਿਵੇਂ ਤੁਸੀਂ ਵੀ ਸੰਪੂਰਣ ਹੋਵੋ।

### ਯਿਸੂ ਦਾ ਦਾਨ ਬਾਰੇ ਉਪਦੇਸ਼

**6** **1**"ਸਾਵਧਾਨ ਰਹੋ, ਜਦੋਂ ਤੁਸੀਂ ਚੰਗੇ ਕੰਮ ਕਰੋ ਤਾਂ ਲੋਕਾਂ
ਸਾਹਮਣੇ ਨਾ ਵਿਖਾਓ ਕਿ ਉਹ ਉਸ ਵੱਲ ਧਿਆਨ ਦੇਣ।
ਜੇਕਰ ਤੁਸੀਂ ਅਜਿਹਾ ਕਰਦੇ ਹੋ ਤਾਂ ਤੁਸੀਂ ਤੁਹਾਡੇ ਪਿਤਾ ਕੋਲੋਂ ਜਿਹੜਾ
ਸਵਰਗ ਵਿੱਚ ਹੈ, ਕੁਝ ਫ਼ਲ ਪ੍ਰਾਪਤ ਨਹੀਂ ਕਰੋਗੇ।
**2**ਸੋ "ਜਦ ਵੀ ਤੁਸੀਂ ਲੋੜਵੰਦ ਨੂੰ ਦਾਨ ਕਰੋ ਤਾਂ ਆਪਣੇ ਦਾਨ
ਦਾ ਐਲਾਨ ਨਾ ਕਰਵਾਓ ਜਿਵੇਂ ਕਪਟੀ ਯਹੂਦੀ ਮੰਦਰਾਂ ਅਤੇ ਰਾਹਾਂ
ਵਿੱਚ ਕਰਦੇ ਹਨ। ਉਹ ਲੋਕਾਂ ਤੋਂ ਉਸਤਤ ਕਰਾਉਣ ਲਈ ਤੁਰ੍ਹੀਆਂ
ਵਜਵਾਉਂਦੇ ਹਨ। ਮੈਂ ਤੁਹਾਨੂੰ ਸੱਚ ਦੱਸਦਾ ਹਾਂ ਕਿ ਉਨ੍ਹਾਂ ਦਾ ਇਹੀ ਫ਼ਲ
ਹੈ। **3**ਸੋ ਜਦੋਂ ਤੁਸੀਂ ਗਰੀਬਾਂ ਵਿੱਚ ਦਾਨ ਕਰੋ ਤਾਂ ਗੁਪਤ ਦਾਨ ਕਰੋ।
ਕਿਸੇ ਨੂੰ ਪਤਾ ਨਾ ਲੱਗਣ ਦਿਓ ਕਿ ਤੁਸੀਂ ਕੀ ਦੇ ਰਹੇ ਹੋ। **4**ਤੁਹਾਡਾ
ਦਾਨ ਗੁਪਤ ਹੋਣਾ ਚਾਹੀਦਾ ਹੈ। ਫ਼ਿਰ ਤੁਹਾਡਾ ਪਿਤਾ ਜਿਹੜਾ ਵੇਖਦਾ
ਹੈ ਕਿ ਗੁਪਤ ਵਿੱਚ ਕੀ ਕੀਤਾ ਗਿਆ ਹੈ, ਤੁਹਾਨੂੰ ਫ਼ਲ ਦੇਵੇਗਾ।

### ਯਿਸੂ ਦਾ ਪ੍ਰਾਰਥਨਾ ਬਾਰੇ ਉਪਦੇਸ਼

**5**"ਜਦੋਂ ਤੁਸੀਂ ਪ੍ਰਾਰਥਨਾ ਕਰੋ ਤਾਂ ਕਪਟੀਆਂ ਵਾਂਗ ਨਾ ਕਰੋ, ਕਿਉਂਕਿ
ਉਹ ਰਾਹਾਂ ਦੇ ਖੂੰਜਿਆਂ ਅਤੇ ਯਹੂਦੀ ਮੰਦਰਾਂ ਵਿੱਚ ਖੜ੍ਹੇ ਹੋ ਕੇ
ਪ੍ਰਾਰਥਨਾ ਕਰਨੀ ਪਸੰਦ ਕਰਦੇ ਹਨ ਤਾਂ ਕਿ ਲੋਕ ਉਨ੍ਹਾਂ ਨੂੰ ਵੇਖਣ।
ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਉਹ ਆਪਣਾ ਫ਼ਲ ਪਾ ਚੁੱਕੇ ਹਨ।
**6**ਪਰ ਜਦੋਂ ਤੁਸੀਂ ਪ੍ਰਾਰਥਨਾ ਕਰੋ ਤਾਂ ਆਪਣੇ ਕਮਰੇ ਵਿੱਚ ਜਾਓ, ਬੂਹਾ
ਬੰਦ ਕਰੋ ਅਤੇ ਆਪਣੇ ਪਿਤਾ ਅੱਗੇ ਪ੍ਰਾਰਥਨਾ ਕਰੋ ਜਿਹੜਾ ਗੁਪਤ
ਸਥਾਨ ਵਿੱਚ ਹੈ। ਜੋ ਕੰਮ ਗੁਪਤ ਕੀਤੇ ਜਾਂਦੇ ਹਨ, ਤੁਹਾਡਾ ਪਿਤਾ ਉਹ
ਵੇਖਣ ਦੇ ਯੋਗ ਹੈ। ਉਹ ਤੁਹਾਨੂੰ ਫ਼ਲ ਦੇਵੇਗਾ।
**7**ਜਦੋਂ "ਤੁਸੀਂ ਪ੍ਰਾਰਥਨਾ ਕਰੋ ਤਾਂ ਤੁਸੀਂ ਉਨ੍ਹਾਂ ਲੋਕਾਂ ਵਾਂਗ ਨਾ ਕਰੋ
ਜੋ ਪਰਮੇਸ਼ੁਰ ਨੂੰ ਨਹੀਂ ਜਾਣਦੇ। ਉਹ ਅਰਥਹੀਣ ਗੱਲਾਂ ਬੋਲਣੀਆਂ
ਜਾਰੀ ਰੱਖਦੇ ਹਨ। ਉਹ ਸੋਚਦੇ ਹਨ ਪਰਮੇਸ਼ੁਰ ਉਨ੍ਹਾਂ ਦੀ ਸੁਣੇਗਾ,
ਕਿਉਂਕਿ ਉਹ ਵੱਧ ਬੋਲਦੇ ਹਨ। **8**ਸੋ ਤੁਸੀਂ ਉਨ੍ਹਾਂ ਵਰਗੇ ਨਾ ਹੋਵੋ,
ਕਿਉਂਕਿ ਤੁਹਾਡਾ ਪਿਤਾ ਤੁਹਾਡੇ ਮੰਗਣ ਤੋਂ ਪਹਿਲਾਂ ਹੀ ਜਾਣਦਾ ਹੈ
ਕਿ ਤੁਹਾਨੂੰ ਕਿਸ ਵਸਤੂ ਦੀ ਲੋੜ ਹੈ। **9**ਇਸ ਲਈ ਤੁਸੀਂ ਜਦ ਵੀ
ਪ੍ਰਾਰਥਨਾ ਕਰੋ ਇਸ ਤਰੀਕੇ ਨਾਲ ਕਰੋ:

'ਸਵਰਗ ਵਿੱਚ ਸਾਡੇ ਪਿਤਾ, ਅਸੀਂ ਪ੍ਰਾਰਥਨਾ ਕਰਦੇ ਹਾਂ ਕਿ
ਤੇਰਾ ਨਾਮ ਪਵਿੱਤਰ ਮੰਨਿਆ ਜਾਵੇ।
**10** ਤੇਰਾ ਰਾਜ ਆਵੇ, ਤੇਰੀ ਮਰਜ਼ੀ ਜਿਹੀ ਸਵਰਗ ਵਿੱਚ ਪੂਰੀ
ਹੁੰਦੀ ਹੈ, ਧਰਤੀ ਤੇ ਵੀ ਪੂਰੀ ਹੋਵੇ।
**11** ਅੱਜ ਦਾ ਭੋਜਨ ਸਾਨੂੰ ਦਿਓ ਜੋ ਸਾਨੂੰ ਹਰ-ਰੋਜ਼ ਚਾਹੀਦਾ ਹੈ।
**12** ਅਤੇ ਤੁਸੀਂ ਸਾਡੇ ਪਾਪ ਮਾਫ਼ ਕਰ ਦਿਓ ਜਿਵੇਂ ਅਸੀਂ ਵੀ
ਉਨ੍ਹਾਂ ਨੂੰ ਮਾਫ਼ ਕਰ ਦਿੱਤਾ ਹੈ ਜਿਨ੍ਹਾਂ ਨੇ ਸਾਡਾ ਬੁਰਾ ਕੀਤਾ।
**13** ਅਤੇ ਸਾਨੂੰ ਪਰਤਾਵੇ ਵਿੱਚ ਨਾ ਪਾਓ, ਸਗੋਂ ਦੁਸ਼ਟ ਤੋਂ
ਬਚਾਓ। [ਕਿਉਂਕਿ ਪਾਤਸ਼ਾਹੀ, ਸ਼ਕਤੀ ਅਤੇ ਮਹਿਮਾ
ਹਮੇਸ਼ਾ ਲਈ ਤੁਹਾਡੀ ਹੈ। ਆਮੀਨ।]'

**14**ਕਿਉਂਕਿ ਜੇਕਰ ਤੁਸੀਂ ਦੂਸਰੇ ਲੋਕਾਂ ਦੀਆਂ ਗ਼ਲਤੀਆਂ ਮਾਫ ਕਰ
ਦੇਵੋਗੇ, ਤਾਂ ਸਵਰਗ ਵਿੱਚ ਤੁਹਾਡਾ ਸਵਰਗੀ ਪਿਤਾ ਵੀ ਤੁਹਾਡੀਆਂ
ਗ਼ਲਤੀਆਂ ਨੂੰ ਮਾਫ਼ ਕਰ ਦੇਵੇਗਾ। **15**ਪਰ ਜੇਕਰ ਤੁਸੀਂ ਉਨ੍ਹਾਂ ਦੀਆਂ
ਗਲਤੀਆਂ ਮਾਫ਼ ਨਹੀਂ ਕਰੋਗੇ, ਤਾਂ ਸਵਰਗ ਵਿੱਚ ਤੁਹਾਡਾ ਪਿਤਾ ਵੀ
ਤੁਹਾਡੀਆਂ ਗਲਤੀਆਂ ਮਾਫ਼ ਨਹੀਂ ਕਰੇਗਾ।

### ਯਿਸੂ ਦਾ ਵਰਤ ਬਾਰੇ ਉਪਦੇਸ਼

**16**"ਜਦੋਂ ਤੁਸੀਂ ਵਰਤ ਰੱਖੋ ਤਾਂ ਕਪਟੀਆਂ ਵਾਂਗ ਮੂੰਹ ਉਦਾਸ ਨਾ
ਬਣਾਓ। ਉਹ ਆਪਣੇ ਮੂੰਹ ਇਸ ਲਈ ਵਿਗਾੜਦੇ ਹਨ ਤਾਂ ਜੋ ਉਹ
ਲੋਕਾਂ ਨੂੰ ਵਰਤ ਰੱਖਣ ਵਾਲੇ ਲੱਗਣ। ਮੈਂ ਤੁਹਾਨੂੰ ਸੱਚ ਆਖਦਾ
ਹਾਂ ਕਿ ਉਹ ਫ਼ਲ ਪਾ ਚੁੱਕੇ ਹਨ। **17**ਪਰ ਜਦੋਂ ਤੁਸੀਂ ਵਰਤ ਰੱਖੋ ਤਾਂ
ਆਪਣੇ ਸਿਰ ਉੱਤੇ ਤੇਲ ਲਾਓ ਅਤੇ ਆਪਣਾ ਮੂੰਹ ਧੋਵੋ। **18**ਤਦ
ਤੁਸੀਂ ਲੋਕਾਂ ਨੂੰ ਨਹੀਂ ਦਿਖਾ ਰਹੇ ਹੋਵੋਗੇ ਕਿ ਤੁਸੀਂ ਵਰਤ ਰੱਖ ਰਹੇ
ਹੋ, ਪਰ ਸਿਰਫ਼ ਆਪਣੇ ਪਿਤਾ ਨੂੰ ਦਿਖਾਓ ਜਿਹੜਾ ਕਿ ਗੁਪਤ ਵਿੱਚ
ਹੈ। ਤੁਹਾਡਾ ਪਿਤਾ ਜਿਹੜਾ ਗੁਪਤ ਵਿੱਚ ਕੀਤੇ ਨੂੰ ਵੇਖਦਾ ਹੈ, ਤੁਹਾਨੂੰ
ਫਲ ਦੇਵੇਗਾ।

### ਦੌਲਤ ਨਾਲੋਂ ਪਰਮੇਸ਼ੁਰ ਵਧੇਰੇ ਮਹੱਤਵਪੂਰਣ ਹੈ

*(ਲੂਕਾ 12:33–34; 11:34–36; 16:13)*

**19**"ਧਰਤੀ ਉੱਤੇ ਖਜ਼ਾਨੇ ਦਾ ਭੰਡਾਰ ਨਾ ਜੋੜੋ। ਇੱਥੇ ਕੀੜੇ ਅਤੇ
ਜੰਗਾਲ ਧਨ ਨੂੰ ਨਸ਼ਟ ਕਰ ਦਿੰਦੇ ਹਨ ਅਤੇ ਚੋਰ ਸੰਨ੍ਹ ਮਾਰਕੇ ਤੁਹਾਡੀ
ਦੌਲਤ ਚੁਰਾ ਲੈ ਜਾਂਦੇ ਹਨ। **20**ਪਰ ਸਵਰਗ ਵਿੱਚ ਖਜ਼ਾਨੇ ਜੋੜੋ।
ਸਵਰਗ ਵਿੱਚ ਨਾ ਕੋਈ ਕੀੜਾ ਅਤੇ ਨਾ ਜੰਗਾਲ ਧਨ ਨੂੰ ਨਸ਼ਟ
ਕਰਦਾ ਹੈ ਅਤੇ ਨਾ ਹੀ ਚੋਰ ਸੰਨ੍ਹ ਮਾਰਦੇ ਹਨ ਅਤੇ ਚੁਰਾਉਂਦੇ ਹਨ।
**21**ਕਿਉਂਕਿ ਜਿੱਥੇ ਤੁਹਾਡਾ ਖਜ਼ਾਨਾ ਹੋਵੇਗਾ ਤੁਹਾਡਾ ਦਿਲ ਵੀ ਉੱਥੇ
ਹੀ ਹੋਵੇਗਾ।
**22**"ਸਰੀਰ ਦਾ ਦੀਵਾ ਅੱਖ ਹੈ, ਜੇਕਰ ਤੁਹਾਡੀ ਅੱਖ ਨਿਰਮਲ
ਹੈ ਤਾਂ ਤੁਹਾਡਾ ਸਾਰਾ ਸਰੀਰ ਚਾਨਣ ਨਾਲ ਭਰਪੂਰ ਹੋਵੇਗਾ। **23**ਪਰ
ਜੇਕਰ ਤੁਹਾਡੀ ਅੱਖ ਮੈਲੀ ਹੈ ਤਾਂ ਤੁਹਾਡਾ ਸਾਰਾ ਸਰੀਰ ਹਨੇਰੇ ਨਾਲ
ਭਰਪੂਰ ਹੋਵੇਗਾ। ਸੋ ਜੇਕਰ ਤੁਹਾਡੇ ਅੰਦਰ ਦਾ ਚਾਨਣ ਹਨੇਰਾ ਹੈ ਤਾਂ
ਫ਼ਿਰ ਉਹ ਹਨੇਰਾ ਕਿੰਨਾ ਹੋਵੇਗਾ?
**24**"ਕੋਈ ਮਨੁੱਖ ਇੱਕੋ ਸਮੇਂ ਦੋ ਮਾਲਕਾਂ ਦੀ ਸੇਵਾ ਨਹੀਂ ਕਰ
ਸਕਦਾ, ਕਿਉਂਕਿ ਉਹ ਇੱਕ ਨਾਲ ਵੈਰ ਅਤੇ ਦੂਜੇ ਨਾਲ ਪ੍ਰੀਤ
ਰੱਖੇਗਾ, ਜਾਂ ਉਹ ਇੱਕ ਨਾਲ ਮਿਲਿਆ ਰਹੇਗਾ ਅਤੇ ਦੂਜੇ ਨੂੰ ਭੁੱਲ
ਜਾਵੇਗਾ। ਇਸ ਲਈ ਤੁਸੀਂ ਇੱਕੋ ਸਮੇਂ ਪਰਮੇਸ਼ੁਰ ਅਤੇ ਦੌਲਤ,
ਦੋਵਾਂ ਦੀ ਸੇਵਾ ਨਹੀਂ ਕਰ ਸਕਦੇ।

### ਪਰਮੇਸ਼ੁਰ ਦੇ ਰਾਜ ਨੂੰ ਪਹਿਲ

*(ਲੂਕਾ 12:22–34)*

**25**"ਇਸ ਕਰਕੇ ਮੈਂ ਤੁਹਾਨੂੰ ਦੱਸਦਾ ਹਾਂ ਕਿ ਆਪਣੀ ਜ਼ਿੰਦਗੀ ਦੀ
ਚਿੰਤਾ ਨਾ ਕਰੋ ਅਤੇ ਨਾ ਹੀ ਇਸ ਗੱਲ ਦੀ ਕਿ ਤੁਸੀਂ ਕੀ ਖਾਓਗੇ
ਅਤੇ ਕੀ ਪੀਓਗੇ। ਅਤੇ ਨਾ ਹੀ ਤੁਸੀਂ ਇਸ ਦੀ ਚਿੰਤਾ ਕਰੋ ਕਿ ਤੁਹਾਨੂੰ
ਆਪਣੇ ਸਰੀਰ ਤੇ ਪਹਿਨਣ ਲਈ ਕਿਸ ਦੀ ਲੋੜ ਹੈ। ਕੀ ਜ਼ਿੰਦਗੀ

ਭੋਜਨ ਨਾਲੋਂ ਅਤੇ ਸਰੀਰ ਵਸਤਰ ਨਾਲੋਂ ਵੱਧ ਮਹੱਤਵਪੂਰਣ ਨਹੀਂ?
**26**ਅਕਾਸ਼ ਦੇ ਪੰਛੀਆਂ ਵੱਲ ਧਿਆਨ ਕਰੋ; ਨਾ ਤਾਂ ਉਹ ਬੀਜਦੇ ਹਨ
ਤੇ ਨਾ ਹੀ ਵੱਢਦੇ ਹਨ ਅਤੇ ਨਾ ਹੀ ਭੜੋਲਿਆਂ ਵਿੱਚ ਅਨਾਜ ਇਕੱਠਾ
ਕਰਦੇ ਹਨ। ਪਰ ਤੁਹਾਡਾ ਸਵਰਗੀ ਪਿਤਾ ਉਨ੍ਹਾਂ ਦੀ ਪ੍ਰਿਤਪਾਲ ਕਰਦਾ
ਹੈ। ਭਲਾ ਤੁਸੀਂ ਉਨ੍ਹਾਂ ਨਾਲੋਂ ਉੱਤਮ ਨਹੀਂ ਹੋ। **27**ਜੇ ਤੁਸੀਂ ਚਿੰਤਾ ਕਰਦੇ
ਰਹੋਗੇ ਤਾਂ ਤੁਸੀਂ ਆਪਣੀ ਉਮਰ ਵਿੱਚ ਇੱਕ ਵੀ ਪਲ ਦਾ ਵਾਧਾ
ਨਹੀਂ ਕਰ ਸਕਦੇ।

**28**“ਤੁਸੀਂ ਵਸਤਰਾਂ ਲਈ ਕਿਉਂ ਚਿੰਤਾ ਕਰਦੇ ਹੋ? ਤੁਸੀਂ ਮੈਦਾਨ ਦੇ
ਫੁੱਲਾਂ ਨੂੰ ਵੇਖੋ। ਵੇਖੋ, ਉਹ ਕਿਵੇਂ ਉੱਥੇ ਵਧਦੇ ਹਨ। ਉਹ ਆਪਣੇ ਲਈ
ਨਾ ਮਿਹਨਤ ਕਰਦੇ ਨਾ ਕੱਤਦੇ ਹਨ। **29**ਪਰ ਮੈਂ ਤੁਹਾਨੂੰ ਦੱਸਦਾ ਹਾਂ
ਕਿ ਮਹਾਨ ਅਤੇ ਅਮੀਰ ਰਾਜਾ ਸੁਲੇਮਾਨ ਵੀ ਇਨ੍ਹਾਂ ਵਿੱਚੋਂ ਇੱਕ ਫੁੱਲ
ਜਿੰਨਾ ਵੀ ਸਜਿਆ ਹੋਇਆ ਨਹੀਂ ਸੀ। **30**ਪਰਮੇਸ਼ੁਰ ਜੰਗਲੀ ਘਾਹ
ਨੂੰ ਵੀ ਜਿਹੜਾ ਅੱਜ ਹੈ ਅਤੇ ਭਲਕੇ ਅੱਗ ਵਿੱਚ ਝੋਕਿਆ ਜਾਵੇਗਾ,
ਅਜਿਹਾ ਪਹਿਰਾਵਾ ਪਹਿਨਾਉਂਦਾ ਹੈ। ਤਾਂ ਹੇ ਥੋੜ੍ਹੀ ਪਰਤੀਤ ਵਾਲਿਓ,
ਕੀ ਭਲਾ ਪਰਮੇਸ਼ੁਰ ਤੁਹਾਨੂੰ ਉਸ ਤੋਂ ਵੱਧ ਨਹੀਂ ਪਹਿਨਾਵੇਗਾ?

**31**“ਸੋ ਤੁਸੀਂ ਚਿੰਤਾ ਕਰਕੇ ਇਹ ਨਾ ਕਰੋ ਕਿ, ‘ਕੀ ਖਾਵਾਂਗੇ’ ਜਾਂ ‘ਕੀ
ਪੀਵਾਂਗੇ’ ਜਾਂ ‘ਕੀ ਪਹਿਨਾਂਗੇ?’ **32**ਉਹ ਲੋਕ ਜੋ ਪਰਮੇਸ਼ੁਰ ਨੂੰ ਨਹੀਂ
ਜਾਣਦੇ ਉਹ ਇਨ੍ਹਾਂ ਸਭਨਾਂ ਵਸਤਾਂ ਨੂੰ ਭਾਲਦੇ ਹਨ, ਪਰ ਤੁਸੀਂ ਚਿੰਤਾ
ਨਾ ਕਰੋ, ਕਿਉਂਕਿ ਤੁਹਾਡਾ ਸਵਰਗੀ ਪਿਤਾ ਜਾਣਦਾ ਹੈ ਕਿ ਤੁਹਾਨੂੰ
ਇਨ੍ਹਾਂ ਚੀਜ਼ਾਂ ਦੀ ਲੋੜ ਹੈ। **33**ਪਰ ਸਭ ਤੋਂ ਪਹਿਲਾਂ, ਤੁਹਾਨੂੰ ਪਰਮੇਸ਼ੁਰ
ਦੇ ਰਾਜ ਅਤੇ ਉਸ ਦੀ ਧਾਰਮਿਕਤਾ ਦੀ ਇੱਛਾ ਕਰਨੀ ਚਾਹੀਦੀ ਹੈ।
ਫ਼ਿਰ ਇਹ ਸਭ ਵਸਤਾਂ ਵੀ ਤੁਹਾਨੂੰ ਦੇ ਦਿੱਤੀਆਂ ਜਾਣਗੀਆਂ। **34**ਸੋ
ਤੁਸੀਂ ਭਲਕੇ ਦੇ ਲਈ ਚਿੰਤਾ ਨਾ ਕਰੋ। ਇਹ ਆਪਣੇ ਬਾਰੇ ਆਪੇ ਹੀ
ਚਿੰਤਾ ਕਰੇਗਾ; ਅੱਜ ਦੇ ਲਈ ਅੱਜ ਦਾ ਦੁੱਖ ਹੀ ਬਥੇਰਾ ਹੈ।

## ਯਿਸੂ ਦਾ ਅਧਿਕਾਰ ਵਾਲਾ ਉਪਦੇਸ਼

*(ਲੂਕਾ 6:37–38, 41–42)*

**7** **1**“ਦੂਜੇ ਲੋਕਾਂ ਦਾ ਨਿਆਂ ਨਾ ਕਰੋ ਤਾਂ ਤੁਹਾਡਾ ਨਿਆਂ ਵੀ ਨਹੀਂ
ਕੀਤਾ ਜਾਵੇਗਾ। **2**ਜੇਕਰ ਤੁਸੀਂ ਦੂਸਰਿਆਂ ਦਾ ਨਿਆਂ ਕਰਦੇ
ਹੋ ਤਾਂ ਉਸੇ ਤਰ੍ਹਾਂ ਹੀ ਤੁਹਾਡਾ ਵੀ ਨਿਆਂ ਕੀਤਾ ਜਾਵੇਗਾ। ਅਤੇ ਜਿਸ
ਮਾਪ ਨਾਲ ਤੁਸੀਂ ਦੂਸਰਿਆਂ ਨੂੰ ਮਿਣਦੇ ਹੋ, ਉਸੇ ਨਾਲ ਤੁਹਾਨੂੰ ਵੀ
ਮਿਣਿਆ ਜਾਵੇਗਾ।

**3**“ਤੁਸੀਂ ਆਪਣੇ ਭਰਾ ਦੀ ਅੱਖ ਵਿੱਚ ਧੂੜ ਦੇ ਕਣ ਨੂੰ ਕਿਵੇਂ ਵੇਖ
ਸਕਦੇ ਹੋ, ਜਦੋਂ ਕਿ ਤੁਸੀਂ ਆਪਣੀ ਅੱਖ ਵਿਚਲੇ ਸ਼ਤੀਰ ਨੂੰ ਨਹੀਂ
ਵੇਖਦੇ। **4**ਜਾਂ ਤੁਸੀਂ ਆਪਣੇ ਭਰਾ ਨੂੰ ਕਿਵੇਂ ਆਖ ਸਕਦੇ ਹੋ, ‘ਲਿਆ
ਮੈਂ ਤੇਰੀ ਅੱਖ ਵਿੱਚੋਂ ਧੂੜ ਦੇ ਕਣ ਨੂੰ ਕੱਢਾਂ’ ਜਦ ਕਿ ਤੁਹਾਡੀ ਆਪਣੀ
ਅੱਖ ਵਿੱਚ ਹਾਲੇ ਵੀ ਸ਼ਤੀਰ ਹੈ? **5**ਤੁਸੀਂ ਕਪਟੀ ਹੋ, ਪਹਿਲਾਂ ਉਸ
ਸ਼ਤੀਰ ਨੂੰ ਆਪਣੀ ਅੱਖ ਵਿੱਚੋਂ ਕੱਢੋ ਤਾਂ ਹੀ ਤੁਸੀਂ ਉਸ ਕਣ ਨੂੰ ਕੱਢਣ
ਵਾਸਤੇ ਸਪੱਸ਼ਟ ਤੌਰ ਤੇ ਵੇਖ ਸਕਦੇ ਹੋ।

**6**“ਪਵਿੱਤਰ ਵਸਤਾਂ ਕੁੱਤਿਆਂ ਨੂੰ ਨਾ ਪਾਓ, ਕਿਉਂਕਿ ਉਹ ਮੁੜ
ਤੁਹਾਨੂੰ ਵੱਢਣਗੇ ਅਤੇ ਆਪਣੇ ਮੋਤੀ ਸੂਰਾਂ ਅੱਗੇ ਨਾ ਸੁੱਟੋ, ਕਿਉਂਕਿ
ਉਹ ਉਨ੍ਹਾਂ ਨੂੰ ਆਪਣੇ ਪੈਰਾਂ ਹੇਠ ਮਿੱਧ ਦੇਣਗੇ।

## ਜੋ ਤੁਹਾਨੂੰ ਚਾਹੀਦਾ ਹੈ ਪਰਮੇਸ਼ੁਰ ਕੋਲੋਂ ਮੰਗਣਾ ਜਾਰੀ ਰੱਖੋ

*(ਲੂਕਾ 11:9–13)*

**7**“ਜੇਕਰ ਤੁਸੀਂ ਮੰਗਦੇ ਰਹੋਗੇ, ਤਾਂ ਤੁਸੀਂ ਪ੍ਰਾਪਤ ਕਰ ਲਓਗੇ।
ਲੱਭੋ, ਤਾਂ ਲੱਭੇਗਾ। ਖੜਕਾਓ, ਤਾਂ ਤੁਹਾਡੇ ਲਈ ਦਰਵਾਜ਼ਾ ਖੋਲ੍ਹਿਆ
ਜਾਵੇਗਾ। **8**ਕਿਉਂਕਿ ਹਰੇਕ ਮੰਗਣ ਵਾਲਾ ਪਾ ਲੈਂਦਾ ਹੈ ਅਤੇ ਢੂੰਡਣ
ਵਾਲੇ ਨੂੰ ਲੱਭਦਾ ਹੈ ਤੇ ਖੜਕਾਉਣ ਵਾਲੇ ਲਈ ਦਰਵਾਜ਼ਾ ਖੋਲ੍ਹਿਆ
ਜਾਂਦਾ ਹੈ।

**9**“ਤੁਹਾਡੇ ਵਿੱਚੋਂ ਕਿਹੜਾ ਐਸਾ ਹੈ ਕਿ ਜਦੋਂ ਉਸ ਦਾ ਪੁੱਤਰ ਉਸ ਤੋਂ
ਰੋਟੀ ਮੰਗੇ ਤਾਂ ਉਹ ਉਸ ਨੂੰ ਪੱਥਰ ਦੇਵੇ? **10**ਜੇਕਰ ਉਹ ਮੱਛੀ ਮੰਗੇ
ਤਾਂ ਕੀ ਤੁਸੀਂ ਉਸ ਨੂੰ ਸੱਪ ਦਿਓਗੇ? **11**ਜੇਕਰ ਤੁਸੀਂ ਇੰਨੇ ਦੁਸ਼ਟ
ਹੋ ਕੇ ਵੀ ਆਪਣੇ ਬੱਚਿਆਂ ਨੂੰ ਚੰਗੀਆਂ ਦਾਤਾਂ ਦੇਣੀਆਂ ਜਾਣਦੇ ਹੋ
ਤਾਂ ਤੁਹਾਡਾ ਸਵਰਗੀ ਪਿਤਾ ਮੰਗਣ ਵਾਲਿਆਂ ਨੂੰ ਕਿੰਨੀਆਂ ਵਧੀਕ
ਚੰਗੀਆਂ ਦਾਤਾਂ ਦੇਵੇਗਾ?

## ਸਭ ਤੋਂ ਜ਼ਰੂਰੀ ਅਸੂਲ

**12**“ਇਸ ਲਈ ਜੋ ਕੁਝ ਤੁਸੀਂ ਚਾਹੁੰਦੇ ਹੋ ਕਿ ਲੋਕ ਤੁਹਾਡੇ ਨਾਲ ਕਰਨ,
ਉਨ੍ਹਾਂ ਨਾਲ ਉਸੇ ਤਰ੍ਹਾਂ ਕਰੋ। ਕਿਉਂਕਿ ਮੂਸਾ ਦੀ ਸ਼ਰ੍ਹਾ ਅਤੇ ਨਬੀਆਂ
ਦੀਆਂ ਲਿਖਤਾਂ ਦਾ ਇਹੋ ਨਚੋੜ ਹੈ।

## ਸਵਰਗ ਦਾ ਰਾਹ ਅਤੇ ਨਰਕ ਦਾ ਰਾਹ

*(ਲੂਕਾ 13:24)*

**13**“ਤੁਸੀਂ ਭੀੜੇ ਫਾਟਕ ਰਾਹੀਂ ਵੜੋ, ਕਿਉਂਕਿ ਇਹ ਰਾਹ ਸਵਰਗ
ਨੂੰ ਜਾਂਦਾ ਹੈ। ਨਰਕ ਦਾ ਰਾਹ ਬਹੁਤ ਖੁੱਲ੍ਹਾ ਹੈ ਅਤੇ ਬਹੁਤ ਸੁਖਾਲਾ
ਹੈ, ਅਤੇ ਤਬਾਹੀ ਵੱਲ ਲਿਜਾਂਦਾ ਹੈ। ਉਸ ਥਾਣੀਂ ਬਹੁਤ ਲੋਕ ਅੰਦਰ
ਜਾਂਦੇ ਹਨ। **14**ਪਰ ਉਹ ਫਾਟਕ ਬੜਾ ਭੀੜਾ ਹੈ ਅਤੇ ਔਖਾ ਹੈ
ਜਿਹੜਾ ਸੱਚੇ ਜੀਵਨ ਵੱਲ ਨੂੰ ਜਾਂਦਾ ਹੈ। ਅਤੇ ਜਿਹੜੇ ਉਸ ਨੂੰ
ਲੱਭਦੇ ਹਨ ਉਹ ਵਿਰਲੇ ਹਨ।

## ਲੋਕਾਂ ਦੇ ਕੰਮਾਂ ਤੋਂ ਹੁਸ਼ਿਆਰ ਰਹੋ

*(ਲੂਕਾ 6:43–44; 13:25–27)*

**15**“ਝੂਠੇ ਨਬੀਆਂ ਤੋਂ ਹੁਸ਼ਿਆਰ ਰਹੋ। ਉਹ ਤੁਹਾਡੇ ਕੋਲ ਭੇਡਾਂ ਦੇ
ਭੇਸ ਵਿੱਚ ਆਉਂਦੇ ਹਨ, ਪਰ ਅਸਲ ਵਿੱਚ ਉਹ ਬਹੁਤ ਖ਼ਤਰਨਾਕ
ਬਘਿਆੜਾਂ ਵਰਗੇ ਹਨ। **16**ਤੁਸੀਂ ਉਨ੍ਹਾਂ ਨੂੰ ਉਨ੍ਹਾਂ ਦੇ ਫ਼ਲਾਂ ਤੋਂ
ਪਛਾਣੋਗੇ। ਚੰਗੇ ਕੰਮ ਭੈੜੇ ਲੋਕਾਂ ਦੁਆਰਾ ਨਹੀਂ ਹੁੰਦੇ ਜਿਵੇਂ
ਕੰਡਿਆਲੀਆਂ ਝਾੜੀਆਂ ਨੂੰ ਅੰਗੂਰ ਨਹੀਂ ਲੱਗਦੇ ਅਤੇ ਨਾ ਹੀ ਭੱਖੜ੍ਹੇ
ਨੂੰ ਅੰਜੀਰ ਲੱਗਦੇ ਹਨ। **17**ਉਸੇ ਤਰ੍ਹਾਂ ਹਰੇਕ ਚੰਗਾ ਬਿਰਛ ਚੰਗਾ
ਫ਼ਲ ਦਿੰਦਾ ਹੈ ਪਰ ਮਾੜਾ ਬਿਰਛ ਮਾੜਾ ਫ਼ਲ ਦਿੰਦਾ ਹੈ। **18**ਚੰਗਾ
ਬਿਰਛ ਬੁਰਾ ਫ਼ਲ ਨਹੀਂ ਦੇ ਸਕਦਾ ਅਤੇ ਨਾ ਹੀ ਮਾੜਾ ਬਿਰਛ ਚੰਗਾ
ਫ਼ਲ ਦੇ ਸਕਦਾ ਹੈ। **19**ਹਰੇਕ ਬਿਰਛ ਜਿਹੜਾ ਚੰਗਾ ਫ਼ਲ ਨਹੀਂ
ਦਿੰਦਾ, ਵੱਢਿਆ ਜਾਂਦਾ ਹੈ ਅਤੇ ਅੱਗ ਵਿੱਚ ਸੁੱਟਿਆ ਜਾਂਦਾ ਹੈ।
**20**ਇਸ ਲਈ ਤੁਸੀਂ ਇਨ੍ਹਾਂ ਲੋਕਾਂ ਨੂੰ ਇਨ੍ਹਾਂ ਦੇ ਫ਼ਲਾਂ ਤੋਂ ਪਛਾਨਣ
ਯੋਗ ਹੋਵੋਗੇ।

**21**“ਉਹ ਜਿਹੜਾ ਕਿ ਮੈਨੂੰ ਪ੍ਰਭੂ-ਪ੍ਰਭੂ ਕਹਿੰਦਾ ਹੈ, ਸਵਰਗ ਦੇ ਰਾਜ
ਵਿੱਚ ਨਹੀਂ ਵੜੇਗਾ। ਸਿਰਫ਼ ਉਹੀ ਵਿਅਕਤੀ ਜਿਹੜਾ ਮੇਰੇ ਪਿਤਾ
ਦੀ ਇੱਛਾ ਅਨੁਸਾਰ ਕੰਮ ਕਰਦਾ ਹੈ, ਸਵਰਗ ਦੇ ਰਾਜ ਵਿੱਚ ਪ੍ਰਵੇਸ਼
ਕਰ ਸਕਦਾ ਹੈ। **22**ਅੰਤ ਦੇ ਦਿਨ ਅਨੇਕ ਲੋਕ ਮੈਨੂੰ ਆਖਣਗੇ, ‘ਤੂੰ
ਸਾਡਾ ਪ੍ਰਭੂ ਹੈ। ਕੀ ਅਸੀਂ ਤੇਰੇ ਲਈ ਨਹੀਂ ਬੋਲੇ? ਅਤੇ ਕੀ ਤੇਰਾ ਨਾਮ
ਲੈ ਕੇ ਭੂਤ ਨਹੀਂ ਕੱਢੇ? ਅਤੇ ਕੀ ਤੇਰਾ ਨਾਮ ਲੈ ਕੇ ਬਹੁਤ ਸਾਰੀਆਂ
ਕਰਾਮਾਤਾਂ ਨਹੀਂ ਕੀਤੀਆਂ?’ **23**ਤਦ ਮੈਂ ਉਨ੍ਹਾਂ ਨੂੰ ਸਾਫ਼ ਆਖਾਂਗਾ,
‘ਮੈਂ ਤੁਹਾਨੂੰ ਕਦੇ ਵੀ ਨਹੀਂ ਜਾਣਿਆ। ਹੇ ਬੁਰਾ ਕਰਨ ਵਾਲਿਓ, ਮੇਰੇ
ਕੋਲੋਂ ਚਲੇ ਜਾਓ।’

### ਸਿਆਣਾ ਮਨੁੱਖ ਅਤੇ ਮੂਰਖ ਮਨੁੱਖ

*(ਲੂਕਾ 6:47–49)*

24“ਹਰੇਕ ਮਨੁੱਖ ਜੋ ਮੇਰੇ ਇਹ ਬਚਨ ਸੁਣਦਾ ਹੈ ਅਤੇ ਇਨ੍ਹਾਂ ਉੱਤੇ ਚੱਲਦਾ ਹੈ ਉਹ ਉਸ ਬੁੱਧਵਾਨ ਵਰਗਾ ਜਾਣਿਆ ਜਾਵੇਗਾ ਜਿਸ ਨੇ ਚੱਟਾਨ ਉੱਤੇ ਆਪਣਾ ਘਰ ਬਣਾਇਆ। 25ਮੀਂਹ ਵਰ੍ਹਿਆ, ਹੜ੍ਹ ਆਏ ਅਤੇ ਹਨ੍ਹੇਰੀਆਂ ਵਗੀਆਂ ਅਤੇ ਉਸ ਦੇ ਘਰ ਨੂੰ ਧੱਕਾ ਮਾਰਿਆ ਪਰ ਉਹ ਨਾ ਡਿੱਗਿਆ, ਕਿਉਂਕਿ ਉਸ ਦੀ ਨੀਂਹ ਚੱਟਾਨ ਉੱਤੇ ਧਰੀ ਹੋਈ ਸੀ।

26“ਹਰੇਕ ਉਹ ਮਨੁੱਖ ਜੋ ਮੇਰੇ ਇਹ ਬਚਨ ਸੁਣਦਾ ਹੈ ਅਤੇ ਉਨ੍ਹਾਂ ਨੂੰ ਨਹੀਂ ਮੰਨਦਾ, ਉਹ ਉਸ ਮੂਰਖ ਆਦਮੀ ਵਰਗਾ ਹੈ ਜੋ ਆਪਣਾ ਘਰ ਰੇਤ ਤੇ ਬਣਾਉਂਦਾ ਹੈ। 27ਅਤੇ ਮੀਂਹ ਵਰ੍ਹਿਆ, ਹੜ੍ਹ ਆਏ, ਹਨ੍ਹੇਰੀਆਂ ਵਗੀਆਂ ਅਤੇ ਉਸ ਘਰ ਨੂੰ ਧੱਕਾ ਵੱਜਾ ਅਤੇ ਘਰ ਇੱਕ ਉੱਚੀ ਅਵਾਜ਼ ਨਾਲ ਢਹਿ ਗਿਆ।”

28ਜਦੋਂ ਯਿਸੂ ਇਹ ਗੱਲਾਂ ਆਖ ਹਟਿਆ ਤਾਂ ਲੋਕ ਉਸ ਦੇ ਉਪਦੇਸ਼ ਤੋਂ ਹੈਰਾਨ ਹੋ ਗਏ। 29ਕਿਉਂਕਿ ਯਿਸੂ ਨੇ ਨੇਮ ਦੇ ਉਪਦੇਸ਼ਕਾਂ ਵਾਂਗ ਉਪਦੇਸ਼ ਨਾ ਦਿੱਤਾ, ਸਗੋਂ ਯਿਸੂ ਨੇ ਇੱਕ ਅਜਿਹੇ ਮਨੁੱਖ ਵਾਂਗ ਉਪਦੇਸ਼ ਦਿੱਤਾ ਜਿਸ ਕੋਲ ਅਧਿਕਾਰ ਸੀ।

### ਯਿਸੂ ਦਾ ਰੋਗੀ ਨੂੰ ਚੰਗਾ ਕਰਨਾ

*(ਮਰਕੁਸ 1:40–45; ਲੂਕਾ 5:12–16)*

**8** 1ਜਦੋਂ ਉਹ ਪਹਾੜੀ ਤੋਂ ਉੱਤਰਿਆ ਤਾਂ ਵੱਡੀ ਭੀੜ ਉਸ ਦੇ ਮਗਰ ਲੱਗ ਪਈ। 2ਇੱਕ ਕੋੜ੍ਹੀ ਨੇ ਯਿਸੂ ਕੋਲ ਆ ਕੇ ਉਸ ਅੱਗੇ ਮੱਥਾ ਟੇਕਿਆ ਅਤੇ ਕਿਹਾ, “ਪ੍ਰਭੂ ਜੀ ਜੇ ਤੁਸੀਂ ਚਾਹੋ ਤਾਂ ਮੈਨੂੰ ਠੀਕ ਕਰ ਸਕਦੇ ਹੋ।”

3ਯਿਸੂ ਨੇ ਆਪਣਾ ਹੱਥ ਵਧਾਇਆ ਅਤੇ ਉਸ ਆਦਮੀ ਨੂੰ ਛੋਹਿਆ ਅਤੇ ਆਖਿਆ, “ਮੈਂ ਤੈਨੂੰ ਠੀਕ ਕਰਨਾ ਚਾਹੁੰਦਾ ਹਾਂ।” ਅਤੇ ਉਸੇ ਵੇਲੇ ਕੋੜ੍ਹੀ ਦਾ ਕੋੜ੍ਹ ਜਾਂਦਾ ਰਿਹਾ। 4ਤਾਂ ਯਿਸੂ ਨੇ ਉਸ ਨੂੰ ਆਖਿਆ, “ਹੁਣੇ ਜੋ ਕੁਝ ਵਾਪਰਿਆ ਹੈ ਕਿਸੇ ਨੂੰ ਨਾ ਦੱਸੀਂ, ਪਰ ਜਾ ਕੇ ਆਪਣੇ ਆਪ ਨੂੰ ਜਾਜਕ ਨੂੰ ਵਿਖਾ ਅਤੇ ਮੂਸਾ ਦੀ ਸ਼ਰ੍ਹਾ ਦੇ ਹੁਕਮ ਅਨੁਸਾਰ ਜਾ ਕੇ ਭੇਟਾ ਚੜ੍ਹਾ ਅਤੇ ਇਹ ਲੋਕਾਂ ਦੇ ਲਈ ਇੱਕ ਸਾਖੀ ਹੋਵੇਗੀ।”

### ਯਿਸੂ ਦਾ ਸੂਬੇਦਾਰ ਦੇ ਨੌਕਰ ਨੂੰ ਠੀਕ ਕਰਨਾ

*(ਲੂਕਾ 7:1–10; ਯੂਹੰਨਾ 4:43–54)*

5ਜਦੋਂ ਯਿਸੂ ਕਫ਼ਰਨਾਹੂਮ ਸ਼ਹਿਰ ਵਿੱਚ ਗਿਆ ਤਾਂ ਸੂਬੇਦਾਰ ਉਸ ਕੋਲ ਇੱਕ ਬੇਨਤੀ ਲੈ ਕੇ ਆਇਆ, 6“ਪ੍ਰਭੂ ਜੀ, ਮੇਰਾ ਨੌਕਰ ਅਧਰੰਗ ਤੇ ਦਰਦ ਦਾ ਮਾਰਿਆ ਘਰ ਵਿੱਚ ਮੰਜੇ ਤੇ ਬਿਮਾਰ ਪਿਆ ਹੈ।”

7ਤਦ ਉਸ ਨੇ ਸੂਬੇਦਾਰ ਨੂੰ ਆਖਿਆ, “ਮੈਂ ਆਣ ਕੇ ਉਸ ਨੂੰ ਚੰਗਾ ਕਰ ਦਿਆਂਗਾ।”

8ਪਰ ਸੂਬੇਦਾਰ ਨੇ ਉੱਤਰ ਦਿੱਤਾ, “ਪ੍ਰਭੂ ਜੀ, ਮੈਂ ਇਸ ਯੋਗ ਨਹੀਂ ਕਿ ਤੁਸੀਂ ਮੇਰੀ ਛੱਤ ਹੇਠ ਆਓ, ਜੇਕਰ ਤੁਸੀਂ ਸਿਰਫ਼ ਬਚਨ ਵੀ ਕਰ ਦਿਓ ਤਾਂ ਮੇਰਾ ਨੌਕਰ ਚੰਗਾ ਹੋ ਜਾਵੇਗਾ। 9ਕਿਉਂਕਿ ਮੈਂ ਵੀ ਦੂਜਿਆਂ ਦੇ ਅਧਿਕਾਰ ਹੇਠਾਂ ਇੱਕ ਮਨੁੱਖ ਹਾਂ ਅਤੇ ਸਿਪਾਹੀਆਂ ਨੂੰ ਆਪਣੇ ਅਧਿਕਾਰ ਵਿੱਚ ਰੱਖਦਾ ਹਾਂ, ਅਤੇ ਜੇ ਕਿਸੇ ਨੂੰ ਆਖਦਾ ਹਾਂ, ‘ਜਾਹ!’ ਤਾਂ ਉਹ ਜਾਂਦਾ ਹੈ ਅਤੇ ਜਦ ਦੂਜੇ ਨੂੰ ਆਖਦਾ ਹਾਂ, ‘ਆ!’ ਤਾਂ ਉਹ ਆਉਂਦਾ ਹੈ, ਅਤੇ ਜਦ ਅਪਣੇ ਨੌਕਰ ਨੂੰ ਆਖਦਾ ਹਾਂ ਇੰਝ ਕਰ ਤਾਂ ਉਹ ਉਵੇਂ ਕਰਦਾ ਹੈ।”

10ਯਿਸੂ ਨੇ ਇਹ ਸੁਣ ਕੇ ਅਚਰਜ ਮੰਨਿਆ ਅਤੇ ਉਨ੍ਹਾਂ ਨੂੰ ਜਿਹੜੇ ਮਗਰ-ਮਗਰ ਆਉਂਦੇ ਸਨ, ਕਿਹਾ, “ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਇਸ ਆਦਮੀ ਵਿੱਚ ਇਸਰਾਏਲ ਦੇ ਕਿਸੇ ਵੀ ਆਦਮੀ ਨਾਲੋਂ ਵੱਧ ਵਿਸ਼ਵਾਸ ਹੈ। 11ਮੈਂ ਤੁਹਾਨੂੰ ਆਖਦਾ ਹਾਂ ਕਿ ਬਹੁਤ ਸਾਰੇ ਲੋਕ ਪੂਰਬ ਅਤੇ ਪੱਛਮ ਤੋਂ ਆਉਣਗੇ। ਉਹ ਸਵਰਗ ਦੇ ਰਾਜ ਵਿੱਚ ਅਬਰਾਹਾਮ, ਇਸਹਾਕ ਅਤੇ ਯਾਕੂਬ ਨਾਲ ਬੈਠ ਕੇ ਖਾਣਗੇ। 12ਪਰ ਉਹ ਲੋਕ ਜਿਨ੍ਹਾਂ ਕੋਲ ਰਾਜ ਹੋਣਾ ਚਾਹੀਦਾ ਹੈ, ਬਾਹਰ ਸੁੱਟੇ ਜਾਣਗੇ। ਉਹ ਬਾਹਰ ਹਨੇਰੇ ਵਿੱਚ ਸੁੱਟੇ ਜਾਣਗੇ, ਲੋਕ ਉੱਥੇ ਚੀਕਣਗੇ ਅਤੇ ਦਰਦ ਨਾਲ ਆਪਣੇ ਦੰਦ ਪੀਸਣਗੇ।”

13ਤਦ ਯਿਸੂ ਨੇ ਸੂਬੇਦਾਰ ਨੂੰ ਆਖਿਆ, “ਤੂੰ ਘਰ ਜਾਹ, ਜਿਵੇਂ ਤੂੰ ਵਿਸ਼ਵਾਸ ਕੀਤਾ ਹੈ ਉਹ ਉਵੇਂ ਹੀ ਚੰਗਾ ਕੀਤਾ ਜਾਵੇਗਾ।” ਅਤੇ ਉਸ ਦਾ ਨੌਕਰ ਉਸੇ ਘੜੀ ਚੰਗਾ ਹੋ ਗਿਆ।

### ਯਿਸੂ ਦਾ ਬਹੁਤ ਸਾਰੇ ਲੋਕਾਂ ਨੂੰ ਚੰਗਾ ਕਰਨਾ

*(ਮਰਕੁਸ 1:29–34; ਲੂਕਾ 4:38–41)*

14ਯਿਸੂ ਨੇ ਪਤਰਸ ਦੇ ਘਰ ਆ ਕੇ ਉਸ ਦੀ ਸੱਸ ਨੂੰ ਤਾਪ ਨਾਲ ਪਈ ਵੇਖਿਆ। 15ਤਦ ਯਿਸੂ ਨੇ ਉਸ ਦਾ ਹੱਥ ਛੋਹਿਆ ਅਤੇ ਉਸ ਦਾ ਤਾਪ ਲਹਿ ਗਿਆ, ਅਤੇ ਉਸ ਨੇ ਉੱਠ ਕੇ ਉਸ ਦੀ ਸੇਵਾ-ਟਹਿਲ ਕੀਤੀ।

16ਜਦੋਂ ਸ਼ਾਮ ਹੋਈ ਤਾਂ ਉਸ ਕੋਲ ਬਹੁਤ ਸਾਰੇ ਅਜਿਹੇ ਲੋਕਾਂ ਨੂੰ ਲਿਆਂਦਾ ਗਿਆ ਜਿਨ੍ਹਾਂ ਨੂੰ ਭੂਤ ਚਿੰਬੜੇ ਹੋਏ ਸਨ ਅਤੇ ਯਿਸੂ ਨੇ ਆਪਣੇ ਬਚਨਾਂ ਨਾਲ ਭੂਤਾਂ ਨੂੰ ਕੱਢ ਦਿੱਤਾ ਅਤੇ ਉਨ੍ਹਾਂ ਸਾਰੇ ਲੋਕਾਂ ਨੂੰ ਚੰਗਿਆਂ ਕਰ ਦਿੱਤਾ ਜੋ ਬਿਮਾਰ ਸਨ। 17ਉਸ ਨੇ ਇਹ ਨਬੀ ਯਸਾਯਾਹ ਦੇ ਬਚਨਾਂ ਨੂੰ ਪੂਰਾ ਕਰਨ ਲਈ ਕੀਤਾ:

> “ਉਸ ਨੇ ਖੁਦ ਸਾਡੀਆਂ ਬਿਮਾਰੀਆਂ ਲੈ ਲਈਆਂ ਅਤੇ
> ਰੋਗਾਂ ਨੂੰ ਚੁੱਕ ਲਿਆ।” *ਯਸਾਯਾਹ 53:4*

### ਯਿਸੂ ਦਾ ਅਨੁਸਰਣ

*(ਲੂਕਾ 9:57–62)*

18ਜਦੋਂ ਯਿਸੂ ਨੇ ਆਪਣੇ ਆਲੇ-ਦੁਆਲੇ ਭੀੜ ਵੇਖੀ ਤਾਂ ਉਸ ਨੇ ਆਪਣੇ ਚੇਲਿਆਂ ਨੂੰ ਝੀਲ ਦੇ ਪਰਲੇ ਪਾਸੇ ਜਾਣ ਲਈ ਕਿਹਾ। 19ਤਦ ਇੱਕ ਨੇਮ ਦੇ ਉਪਦੇਸ਼ਕ ਨੇ ਯਿਸੂ ਨੂੰ ਕੋਲ ਆ ਕੇ ਕਿਹਾ, “ਗੁਰੂ ਜੀ ਜਿੱਥੇ ਕਿਤੇ ਵੀ ਤੂੰ ਜਾਵੇਂ ਮੈਂ ਤੇਰੇ ਪਿੱਛੇ ਚੱਲਾਂਗਾ।”

20ਤਾਂ ਯਿਸੂ ਨੇ ਉਸ ਨੂੰ ਆਖਿਆ, “ਲੂੰਬੜੀਆਂ ਦੇ ਘੁਰਨੇ ਹਨ ਅਤੇ ਪੰਛੀਆਂ ਲਈ ਆਲ੍ਹਣੇ ਹਨ, ਪਰ ਮਨੁੱਖ ਦੇ ਪੁੱਤਰ ਨੂੰ ਸਿਰ ਰੱਖ ਕੇ ਅਰਾਮ ਕਰਨ ਲਈ ਕੋਈ ਥਾਂ ਨਹੀਂ ਹੈ।”

21ਉਸ ਦੇ ਇੱਕ ਦੂਜੇ ਚੇਲੇ ਨੇ ਉਸ ਨੂੰ ਆਖਿਆ, “ਪ੍ਰਭੂ, ਮੈਨੂੰ ਪਰਵਾਨਗੀ ਦਿਓ ਕਿ ਮੈਂ ਪਹਿਲਾਂ ਜਾ ਕੇ ਆਪਣੇ ਪਿਉ ਨੂੰ ਦਫ਼ਨਾਵਾਂ, ਫੇਰ ਮੈਂ ਤੁਹਾਡੇ ਮਗਰ ਆਵਾਂਗਾ।”

22ਪਰ ਯਿਸੂ ਨੇ ਉਸ ਨੂੰ ਕਿਹਾ, “ਤੂੰ ਮੇਰੇ ਮਗਰ ਚਲਿਆ ਆ ਅਤੇ ਮੁਰਦਿਆਂ ਨੂੰ ਆਪਣੇ ਮੁਰਦੇ ਖੁਦ ਦੱਬਣ ਦੇ।”

### ਯਿਸੂ ਦਾ ਤੂਫਾਨ ਨੂੰ ਰੋਕਣਾ

*(ਮਰਕੁਸ 4:35–41; ਲੂਕਾ 8:22–25)*

23ਜਦੋਂ ਯਿਸੂ ਬੇੜੀ ਉੱਤੇ ਚੜ੍ਹਿਆ ਤਾਂ ਉਸ ਦੇ ਚੇਲੇ ਉਸ ਦੇ ਮਗਰ ਆਏ। 24ਝੀਲ ਵਿੱਚ ਇੰਨਾ ਤੂਫਾਨ ਆਇਆ ਕਿ ਬੇੜੀ ਲਹਿਰਾਂ ਵਿੱਚ ਲੁੱਕਦੀ ਜਾ ਰਹੀ ਸੀ, ਪਰ ਯਿਸੂ ਸੌਂ ਰਿਹਾ ਸੀ। 25ਚੇਲੇ ਉਸ

ਕੋਲ ਆਏ ਅਤੇ ਉਸ ਨੂੰ ਜਗਾਇਆ। ਉਨ੍ਹਾਂ ਨੇ ਯਿਸੂ ਨੂੰ ਆਖਿਆ,
“ਪ੍ਰਭੂ ਸਾਨੂੰ ਬਚਾਓ, ਅਸੀਂ ਡੁੱਬ ਰਹੇ ਹਾਂ!”
**26**ਤਾਂ ਉਸ ਨੇ ਉਨ੍ਹਾਂ ਨੂੰ ਆਖਿਆ, “ਤੁਸੀਂ ਇੰਨਾ ਕਿਉਂ ਡਰਦੇ
ਹੋ? ਤੁਹਾਨੂੰ ਪੂਰਾ ਵਿਸ਼ਵਾਸ ਨਹੀਂ ਹੈ।” ਤਦ ਉਸ ਨੇ ਉੱਠ ਕੇ ਹਵਾ
ਅਤੇ ਲਹਿਰਾਂ ਨੂੰ ਦਬਕਾ ਮਾਰਿਆ। ਤਦ ਇੱਕਦਮ ਚੈਨ ਹੋ ਗਿਆ।
**27**ਉਹ ਮਨੁੱਖ ਹੈਰਾਨ ਹੋ ਕੇ ਬੋਲੇ, “ਇਹ ਕਿਹੋ ਜਿਹਾ ਪੁਰਖ ਹੈ
ਕਿ ਹਵਾ ਅਤੇ ਲਹਿਰਾਂ ਵੀ ਇਸ ਦੀ ਗੱਲ ਮੰਨ ਲੈਂਦੀਆਂ ਹਨ!”

## ਯਿਸੂ ਦਾ ਦੋ ਮਨੁੱਖਾਂ ਵਿੱਚੋਂ ਭੂਤ ਕੱਢਣਾ

*(ਮਰਕੁਸ 5:1–20; ਲੂਕਾ 8:26–39)*

**28**ਜਦੋਂ ਯਿਸੂ ਝੀਲ ਦੇ ਪਾਰ ਗਦਰੀਨੀਆਂ ਦੇ ਦੇਸ ਵਿੱਚ ਪਹੁੰਚਿਆ
ਤਾਂ ਦੋ ਮਨੁੱਖ ਜਿਨ੍ਹਾਂ ਨੂੰ ਭੂਤ ਚਿੰਬੜੇ ਹੋਏ ਸਨ, ਕਬਰਾਂ ਵਿੱਚੋਂ ਨਿੱਕਲ ਕੇ
ਯਿਸੂ ਕੋਲ ਆਏ ਅਤੇ ਉਹ ਇੰਨੇ ਖ਼ਤਰਨਾਕ ਸਨ ਕਿ ਉਸ ਰਸਤੇ ਤੋਂ
ਕੋਈ ਲੰਘ ਨਹੀਂ ਸੀ ਸਕਦਾ। **29**ਉਨ੍ਹਾਂ ਦੋ ਮਨੁੱਖਾਂ ਨੇ ਉਸ ਨੂੰ ਪੁਕਾਰ
ਕੇ ਆਖਿਆ, “ਹੇ ਪਰਮੇਸ਼ੁਰ ਦੇ ਪੁੱਤਰ! ਤੇਰਾ ਸਾਡੇ ਨਾਲ ਕੀ ਕੰਮ? ਕੀ
ਤੂੰ ਮਿਥੇ ਹੋਏ ਵੇਲੇ ਤੋਂ ਪਹਿਲਾਂ ਇੱਥੇ ਸਾਨੂੰ ਦੁੱਖ ਦੇਣ ਆਇਆ ਹੈਂ?”
**30**ਉਨ੍ਹਾਂ ਤੋਂ ਕੁਝ ਦੂਰ, ਉੱਥੇ ਸੂਰਾਂ ਦਾ ਬਹੁਤ ਵੱਡਾ ਇੱਜੜ ਚਰ
ਰਿਹਾ ਸੀ। **31**ਭੂਤਾਂ ਨੇ ਉਸ ਦੀਆਂ ਮਿੰਨਤਾਂ ਕਰਕੇ ਆਖਿਆ, “ਜੇਕਰ
ਤੂੰ ਸਾਨੂੰ ਕੱਢਣਾ ਹੈ ਤਾਂ ਸਾਨੂੰ ਸੂਰਾਂ ਦੇ ਇੱਜੜ ਵਿੱਚ ਘੱਲ ਦੇ।”
**32**ਉਸ ਨੇ ਉਨ੍ਹਾਂ ਨੂੰ ਕਿਹਾ, “ਜਾਓ” ਤਾਂ ਭੂਤ ਨਿੱਕਲ ਕੇ ਸੂਰਾਂ ਵਿੱਚ
ਜਾ ਵੜੇ। ਤਦ ਉਹ ਸੂਰਾਂ ਦਾ ਇੱਜੜ ਪਹਾੜੀ ਦੀ ਢਲਾਣ ਤੋਂ ਭੱਜਿਆ
ਅਤੇ ਝੀਲ ਵਿੱਚ ਡਿੱਗ ਪਿਆ ਅਤੇ ਡੁੱਬ ਗਿਆ। **33**ਤਦ ਸੂਰਾਂ ਦੇ
ਇੱਜੜ ਦੇ ਰਖਵਾਲੇ ਸ਼ਹਿਰ ਨੂੰ ਭੱਜੇ। ਉਨ੍ਹਾਂ ਨੇ ਸੂਰਾਂ ਅਤੇ ਭੂਤਾਂ ਦੇ
ਜਕੜੇ ਵਿਅਕਤੀਆਂ ਨਾਲ ਵਾਪਰਨ ਵਾਲੀ ਘਟਨਾ ਦਾ ਵਰਣਨ
ਕੀਤਾ। **34**ਤਦ ਸਾਰਾ ਨਗਰ ਯਿਸੂ ਨੂੰ ਮਿਲਣ ਲਈ ਆਇਆ
ਅਤੇ ਉਸ ਨੂੰ ਉਨ੍ਹਾਂ ਦਾ ਇਲਾਕਾ ਛੱਡ ਕੇ ਜਾਣ ਲਈ ਬੇਨਤੀ ਕੀਤੀ।

## ਯਿਸੂ ਦਾ ਇੱਕ ਅਧਰੰਗ ਦੇ ਮਾਰੇ ਮਨੁੱਖ ਨੂੰ ਚੰਗਾ ਕਰਨਾ

*(ਮਰਕੁਸ 2:1–12; ਲੂਕਾ 5:17–26)*

**9** **1**ਯਿਸੂ ਬੇੜੀ ਉੱਤੇ ਚੜ੍ਹ ਕੇ ਪਾਰ ਲੰਘਿਆ ਅਤੇ ਆਪਣੇ
ਨਗਰ ਵੱਲ ਵਾਪਸ ਪਰਤਿਆ। **2**ਤਦ ਕੁਝ ਲੋਕ ਇੱਕ ਮੰਜੀ
ਉੱਤੇ ਪਏ ਹੋਏ ਇੱਕ ਅਧਰੰਗੀ ਨੂੰ ਉਸ ਕੋਲ ਲਿਆਏ ਅਤੇ ਯਿਸੂ ਨੇ
ਉਨ੍ਹਾਂ ਦੀ ਨਿਹਚਾ ਵੇਖ ਕੇ ਉਸ ਅਧਰੰਗੀ ਨੂੰ ਆਖਿਆ, “ਹੇ ਪੁੱਤਰ!
ਹੌਸਲਾ ਰੱਖ, ਤੇਰੇ ਸਾਰੇ ਪਾਪ ਮਾਫ਼ ਹੋਏ।”
**3**ਕਈ ਨੇਮ ਦੇ ਉਪਦੇਸ਼ਕਾਂ ਨੇ ਜਦੋਂ ਇਹ ਗੱਲਾਂ ਸੁਣੀਆਂ ਤਾਂ
ਆਪਣੇ ਮਨ ਵਿੱਚ ਕਿਹਾ ਕਿ ਇਹ ਮਨੁੱਖ ਤਾਂ ਪਰਮੇਸ਼ੁਰ ਦੀ ਤਰ੍ਹਾਂ
ਬੋਲ ਰਿਹਾ ਹੈ, “ਇਹ ਮਨੁੱਖ ਕੁਫ਼ਰ ਬੋਲਦਾ ਹੈ।”
**4**ਯਿਸੂ ਉਨ੍ਹਾਂ ਦੀਆਂ ਸੋਚਾਂ ਨੂੰ ਜਾਣਦਾ ਸੀ, ਸੋ ਉਸ ਨੇ ਆਖਿਆ,
“ਤੁਸੀਂ ਕਾਹਨੂੰ ਆਪਣੇ ਮਨ ਵਿੱਚ ਦੁਸ਼ਟ ਵਿਚਾਰ ਰੱਖਦੇ ਹੋ?
**5-6**ਕਿਹੜੀ ਗੱਲ ਸੁਖਾਲੀ ਹੈ? ਇਹ ਕਹਿਣਾ ਕਿ ਤੇਰੇ ਪਾਪ ਮਾਫ਼
ਹੋਏ ਜਾਂ ਇਹ ਕਹਿਣਾ ਕਿ ਖੜ੍ਹਾ ਹੋ ਅਤੇ ਤੁਰ? ਪਰ ਮੈਂ ਤੁਹਾਨੂੰ
ਵਿਖਾਵਾਂਗਾ ਕਿ ਮਨੁੱਖ ਦੇ ਪੁੱਤਰ ਨੂੰ ਧਰਤੀ ਉੱਤੇ ਪਾਪ ਮਾਫ਼ ਕਰਨ
ਦਾ ਇਖਤਿਆਰ ਹੈ।” ਤਦ ਯਿਸੂ ਨੇ ਅਧਰੰਗੀ ਮਨੁੱਖ ਨੂੰ ਕਿਹਾ,
“ਖੜ੍ਹਾ ਹੋ, ਆਪਣਾ ਬਿਸਤਰਾ ਚੁੱਕ ਅਤੇ ਘਰ ਚਲਿਆ ਜਾਹ।”
**7**ਤਦ ਉਹ ਉੱਠ ਕੇ ਆਪਣੇ ਘਰ ਨੂੰ ਤੁਰ ਪਿਆ। **8**ਲੋਕਾਂ ਨੇ ਇਹ
ਵੇਖਿਆ ਅਤੇ ਡਰ ਨਾਲ ਘਬਰਾ ਗਏ। ਉਨ੍ਹਾਂ ਨੇ ਮਨੁੱਖਾਂ ਨੂੰ ਅਜਿਹੀ
ਸ਼ਕਤੀ ਦੇਣ ਲਈ ਪਰਮੇਸ਼ੁਰ ਦੀ ਉਸਤਤ ਕੀਤੀ।

## ਯਿਸੂ ਦਾ ਮੱਤੀ ਨੂੰ ਚੁਨਣਾ

*(ਮਰਕੁਸ 2:13–17; ਲੂਕਾ 5:27–32)*

**9**ਜਦੋਂ ਯਿਸੂ ਉਸ ਜਗ੍ਹਾ ਤੋਂ ਜਾ ਰਿਹਾ ਸੀ ਤਾਂ ਉਸ ਨੇ ਮੱਤੀ ਨਾਮ ਦੇ
ਇੱਕ ਮਨੁੱਖ ਨੂੰ ਮਹਿਸੂਲ ਦੀ ਚੌਂਕੀ ਉੱਤੇ ਬੈਠੇ ਵੇਖਿਆ ਅਤੇ ਉਸ
ਨੂੰ ਕਿਹਾ, “ਮੇਰੇ ਮਗਰ ਹੋ ਤੁਰ।” ਅਤੇ ਉਹ ਉੱਠ ਕੇ ਉਸ ਦੇ ਮਗਰ
ਹੋ ਤੁਰਿਆ।
**10**ਜਦੋਂ ਯਿਸੂ ਮੱਤੀ ਦੇ ਘਰ ਭੋਜਨ ਕਰ ਰਿਹਾ ਸੀ ਤਾਂ ਬਹੁਤ
ਸਾਰੇ ਮਹਿਸੂਲੀਏ ਅਤੇ ਪਾਪੀ ਲੋਕ ਆਏ ਅਤੇ ਯਿਸੂ ਅਤੇ ਉਸ ਦੇ
ਚੇਲਿਆਂ ਨਾਲ ਖਾਣਾ ਖਾਧਾ। **11**ਫ਼ਰੀਸੀਆਂ ਨੇ ਇਹ ਵੇਖ ਕੇ ਯਿਸੂ
ਦੇ ਚੇਲਿਆਂ ਨੂੰ ਆਖਿਆ, “ਤੁਹਾਡਾ ਗੁਰੂ ਮਸੂਲੀਆਂ ਅਤੇ ਪਾਪੀਆਂ
ਦੇ ਨਾਲ ਕਿਉਂ ਖਾਂਦਾ ਹੈ?”
**12**ਯਿਸੂ ਨੇ ਇਹ ਸੁਣ ਕੇ ਫ਼ਰੀਸੀਆਂ ਨੂੰ ਕਿਹਾ, “ਤੰਦਰੁਸਤਾਂ ਨੂੰ
ਨਹੀਂ, ਸਗੋਂ ਰੋਗੀਆਂ ਨੂੰ ਹਕੀਮ ਦੀ ਲੋੜ ਹੁੰਦੀ ਹੈ। **13**ਤੁਸੀਂ ਜਾਓ
ਅਤੇ ਇਸ ਦਾ ਅਰਥ ਸਮਝੋ: ‘ਮੈਂ ਜਾਨਵਰਾਂ ਦਾ ਬਲੀਦਾਨ ਨਹੀਂ
ਚਾਹੁੰਦਾ। ਮੈਂ ਲੋਕਾਂ ਵਿਚ ਦਯਾ ਚਾਹੁੰਦਾ ਹਾਂ।’[a] ਮੈਂ ਚੰਗੇ ਲੋਕਾਂ ਨੂੰ ਸੱਦਾ
ਦੇਣ ਨਹੀਂ ਆਇਆ। ਮੈਂ ਪਾਪੀਆਂ ਨੂੰ ਸੱਦਾ ਦੇਣ ਆਇਆ ਹਾਂ।”

## ਯਿਸੂ ਬਾਕੀ ਧਾਰਮਿਕ ਯਹੂਦੀਆਂ ਵਰਗਾ ਨਹੀਂ

*(ਮਰਕੁਸ 2:18–22; ਲੂਕਾ 5:33–39)*

**14**ਤਦ ਯੂਹੰਨਾ ਦੇ ਚੇਲਿਆਂ ਨੇ ਉਸ ਦੇ ਕੋਲ ਆਣ ਕੇ ਕਿਹਾ, “ਇਸ
ਦਾ ਕੀ ਕਾਰਣ ਹੈ ਕਿ ਅਸੀਂ ਅਤੇ ਫ਼ਰੀਸੀ ਬਹੁਤ ਵਰਤ ਰੱਖਦੇ ਹਾਂ,
ਪਰ ਤੇਰੇ ਚੇਲੇ ਵਰਤ ਨਹੀਂ ਰੱਖਦੇ?”
**15**ਯਿਸੂ ਨੇ ਜਵਾਬ ਦਿੱਤਾ, “ਵਿਆਹ ਵਿੱਚ ਲਾੜੇ ਦੇ ਦੋਸਤ ਉਨ੍ਹਾਂ
ਚਿਰ ਉਦਾਸ ਨਹੀਂ ਹੋ ਸਕਦੇ ਜਦੋਂ ਤੱਕ ਲਾੜਾ ਉਨ੍ਹਾਂ ਦੇ ਨਾਲ ਹੈ। ਪਰ
ਉਹ ਦਿਨ ਆਉਣਗੇ ਜਦੋਂ ਲਾੜਾ ਉਨ੍ਹਾਂ ਤੋਂ ਅੱਡ ਕੀਤਾ ਜਾਵੇਗਾ, ਤਦ
ਉਹ ਵਰਤ ਰੱਖਣਗੇ।
**16**“ਕੋਈ ਵੀ ਨਵੇਂ ਕੱਪੜੇ ਦੀ ਟਾਕੀ ਪਾਟੇ ਹੋਏ ਪੁਰਾਣੇ ਕੱਪੜੇ ਤੇ
ਨਹੀਂ ਲਾਉਂਦਾ। ਜੇਕਰ ਉਹ ਅਜਿਹਾ ਕਰਦਾ ਹੈ, ਤਾਂ ਟਾਕੀ ਸੁੰਗੜ
ਜਾਵੇਗੀ ਅਤੇ ਕੱਪੜੇ ਤੋਂ ਪਾਟ ਜਾਵੇਗੀ ਅਤੇ ਉਹ ਛੇਕ ਹੋਰ ਵੀ
ਖਰਾਬ ਦਿੱਸੇਗਾ। **17**ਕੋਈ ਵੀ ਨਵੀਂ ਮੈ ਨੂੰ ਪੁਰਾਣੀਆਂ ਮਸ਼ਕਾਂ
ਵਿੱਚ ਨਹੀਂ ਭਰਦਾ। ਮੰਨ ਲਵੋ ਕਿ ਜੇ ਉਹ ਅਜਿਹਾ ਕਰਦੇ ਹਨ
ਤਾਂ ਪੁਰਾਣੀਆਂ ਮਸ਼ਕਾਂ ਪਾਟ ਜਾਣਗੀਆਂ, ਮੈ ਵਗ ਜਾਵੇਗੀ ਅਤੇ
ਮਸ਼ਕਾਂ ਦਾ ਨਾਸ ਹੋ ਜਾਵੇਗਾ। ਇਸ ਲਈ ਲੋਕ ਨਵੀਂ ਮੈ ਨਵੀਆਂ
ਮਸ਼ਕਾਂ ਵਿੱਚ ਭਰਦੇ ਹਨ। ਇਸ ਤਰ੍ਹਾਂ, ਮੈ ਅਤੇ ਮਸ਼ਕਾਂ ਦੋਵੇ
ਚੰਗੀਆਂ ਰਹਿੰਦੀਆਂ ਹਨ।”

## ਯਿਸੂ ਦਾ ਮਰੀ ਹੋਈ ਕੁੜੀ ਨੂੰ ਜੀਉਂਦਾ ਕਰਨਾ ਅਤੇ ਬਿਮਾਰ ਔਰਤ ਨੂੰ ਚੰਗਾ ਕਰਨਾ

*(ਮਰਕੁਸ 5:21–43; ਲੂਕਾ 8:40–56)*

**18**ਜਦ ਯਿਸੂ ਉਨ੍ਹਾਂ ਨੂੰ ਇਹ ਗੱਲਾਂ ਕਹਿ ਰਿਹਾ ਸੀ ਤਾਂ ਯਹੂਦੀ ਮੰਦਰ
ਦੇ ਇੱਕ ਆਗੂ ਨੇ ਆਣ ਕੇ ਉਸ ਦੇ ਅੱਗੇ ਮੱਥਾ ਟੇਕਿਆ ਅਤੇ
ਆਖਿਆ, “ਮੇਰੀ ਬੇਟੀ ਹੁਣੇ ਮਰੀ ਹੈ। ਪਰ ਤੁਸੀਂ ਆਓ ਅਤੇ ਆ
ਕੇ ਉਸ ਨੂੰ ਆਪਣੇ ਹੱਥ ਨਾਲ ਛੂਹੋ ਤਾਂ ਉਹ ਫ਼ੇਰ ਜੀ ਪਵੇਗੀ।”
**19**ਤਦ ਯਿਸੂ ਉੱਠਿਆ ਅਤੇ ਆਪਣੇ ਚੇਲਿਆਂ ਸਣੇ ਉਸ ਦੇ
ਮਗਰ ਤੁਰ ਪਿਆ।

[a] ***9:13*** ਹਵਾਲਾ: ਹੋਸ਼ੇਆ 6:6

20ਉੱਥੇ ਇੱਕ ਔਰਤ ਜਿਸ ਦੇ ਬਾਰ੍ਹਾਂ ਵਰ੍ਹਿਆਂ ਤੋਂ ਲਹੂ ਵਗ ਰਿਹਾ ਸੀ, ਉਸ ਨੇ ਪਿੱਛੋਂ ਦੀ ਆਣ ਕੇ ਯਿਸੂ ਦੇ ਚੋਗੇ ਦਾ ਪੱਲਾ ਛੋਹਿਆ। 21ਕਿਉਂਕਿ ਉਸ ਨੇ ਸੋਚਿਆ, "ਜੇਕਰ ਮੈਂ ਸਿਰਫ਼ ਉਸ ਦੇ ਚੋਗੇ ਨੂੰ ਛੂਹ ਲਵਾਂ ਤਾਂ ਮੈਂ ਚੰਗੀ ਹੋ ਜਾਵਾਂਗੀ।"

22ਯਿਸੂ ਮੁੜਿਆ ਅਤੇ ਉਸ ਨੂੰ ਵੇਖ ਕੇ ਆਖਿਆ: "ਪਿਆਰੀ ਔਰਤ, ਖੁਸ਼ ਰਹਿ। ਤੇਰੇ ਵਿਸ਼ਵਾਸ ਨੇ ਤੈਨੂੰ ਚੰਗਾ ਕੀਤਾ ਹੈ।" ਉਹ ਔਰਤ ਉਸੇ ਪਲ ਚੰਗੀ ਹੋ ਗਈ।

23ਫ਼ੇਰ ਯਿਸੂ ਯਹੂਦੀ ਮੰਦਰ ਦੇ ਆਗੂ ਦੇ ਘਰ ਗਿਆ ਅਤੇ ਯਿਸੂ ਨੇ ਵੇਖਿਆ ਕੁਝ ਲੋਕ ਜਨਾਜ਼ੇ ਦੀ ਸੰਗੀਤਕ ਧੁਨ ਵਜਾ ਰਹੇ ਸਨ ਅਤੇ ਉੱਥੇ ਕੁੜੀ ਨੂੰ ਮਰੀ ਵੇਖ ਕੇ ਰੋ ਪਿੱਟ ਰਹੇ ਸਨ। 24ਤਾਂ ਉਸ ਨੇ ਆਖਿਆ, "ਚਲੇ ਜਾਓ, ਕਿਉਂਕਿ ਕੁੜੀ ਮਰੀ ਨਹੀਂ ਸਗੋਂ ਸੁੱਤੀ ਪਈ ਹੈ," ਪਰ ਉਹ ਉਸ ਉੱਤੇ ਹੱਸੇ। 25ਜਦੋਂ ਲੋਕਾਂ ਨੂੰ ਘਰੋਂ ਬਾਹਰ ਕੱਢ ਦਿੱਤਾ ਗਿਆ ਤਾਂ ਉਹ ਉਸ ਕਮਰੇ ਵਿੱਚ ਗਿਆ ਜਿੱਥੇ ਕੁੜੀ ਸੀ। ਉਸ ਨੇ ਉਸ ਦਾ ਹੱਥ ਫ਼ੜਿਆ ਅਤੇ ਉਹ ਖੜ੍ਹੀ ਹੋ ਗਈ। 26ਇਹ ਖ਼ਬਰ ਉਸ ਸਾਰੇ ਇਲਾਕੇ ਵਿੱਚ ਫ਼ੈਲ ਗਈ।

## ਯਿਸੂ ਦਾ ਬਹੁਤ ਸਾਰੇ ਲੋਕਾਂ ਨੂੰ ਚੰਗਾ ਕਰਨਾ

27ਜਦੋਂ ਯਿਸੂ ਉੱਥੋਂ ਤੁਰਿਆ ਤਾਂ ਦੋ ਅੰਨ੍ਹੇ ਉਸ ਦੇ ਮਗਰ ਹਾਕਾਂ ਮਾਰਦੇ ਆਏ ਅਤੇ ਬੋਲੇ, "ਹੇ ਦਾਊਦ ਦੇ ਪੁੱਤਰ ਸਾਡੇ ਉੱਤੇ ਦਯਾ ਕਰ!"

28ਜਦੋਂ ਯਿਸੂ ਘਰ ਵਿੱਚ ਗਿਆ ਤਾਂ ਉਹ ਅੰਨ੍ਹੇ ਉਸ ਕੋਲ ਆਏ ਅਤੇ ਯਿਸੂ ਨੇ ਉਨ੍ਹਾਂ ਨੂੰ ਪੁੱਛਿਆ, "ਕੀ ਤੁਹਾਨੂੰ ਵਿਸ਼ਵਾਸ ਹੈ ਕਿ ਮੈਂ ਤੁਹਾਡੇ ਲਈ ਤੁਹਾਡੀ ਦ੍ਰਿਸ਼ਟੀ ਵਾਪਸ ਲਿਆ ਸਕਦਾ ਹਾਂ?" ਅੰਨ੍ਹੇ ਵਿਅਕਤੀਆਂ ਨੇ ਜਵਾਬ ਦਿੱਤਾ, "ਹਾਂ ਪ੍ਰਭੂ, ਸਾਨੂੰ ਵਿਸ਼ਵਾਸ ਹੈ।"

29ਤਦ ਉਸ ਨੇ ਉਨ੍ਹਾਂ ਦੀਆਂ ਅੱਖੀਆਂ ਨੂੰ ਛੋਹਿਆ ਅਤੇ ਆਖਿਆ, "ਜੇ ਤੁਹਾਨੂੰ ਵਿਸ਼ਵਾਸ ਹੈ ਕਿ ਮੈਂ ਤੁਹਾਨੂੰ ਫ਼ਿਰ ਤੋਂ ਵੇਖਣ ਯੋਗ ਕਰ ਸਕਦਾ ਹਾਂ ਤਾਂ ਇਵੇਂ ਹੀ ਹੋਵੇ।" 30ਤਦ ਅੰਨ੍ਹੇ ਵਿਅਕਤੀ ਵੇਖਣ ਦੇ ਯੋਗ ਹੋ ਗਏ। ਯਿਸੂ ਨੇ ਉਨ੍ਹਾਂ ਨੂੰ ਸਖਤ ਚੇਤਾਵਨੀ ਦਿੱਤੀ, "ਇਸ ਬਾਰੇ ਕਿਸੇ ਨੂੰ ਨਾ ਦੱਸਿਓ!" 31ਪਰ ਉਨ੍ਹਾਂ ਨੇ ਬਾਹਰ ਨਿੱਕਲ ਕੇ ਸਾਰੇ ਇਲਾਕੇ ਵਿੱਚ ਉਸ ਦਾ ਜੱਸ ਫ਼ੈਲਾਇਆ।

32ਉਨ੍ਹਾਂ ਦੋ ਅੰਨ੍ਹੇ ਵਿਅਕਤੀਆਂ ਦੇ ਬਾਹਰ ਨਿੱਕਲਦੇ ਹੀ ਲੋਕ ਇੱਕ ਗੂੰਗੇ ਨੂੰ ਜਿਸ ਨੂੰ ਭੂਤ ਚਿੰਬੜਿਆ ਹੋਇਆ ਸੀ, ਉਸ ਦੇ ਕੋਲ ਲਿਆਏ। 33ਜਦ ਭੂਤ ਨੇ ਆਦਮੀ ਨੂੰ ਛੱਡ ਦਿੱਤਾ, ਤਾਂ ਉਹ ਬੋਲਣ ਯੋਗ ਹੋ ਗਿਆ। ਲੋਕ ਬੜੇ ਹੈਰਾਨ ਸਨ ਅਤੇ ਆਖਿਆ, "ਅਸੀਂ ਇਸਰਾਏਲ ਵਿੱਚ ਇਸ ਤਰ੍ਹਾਂ ਕਦੀ ਵੀ ਨਹੀਂ ਵੇਖਿਆ।"

34ਪਰ ਫ਼ਰੀਸੀਆਂ ਨੇ ਕਿਹਾ, "ਉਹ ਤਾਂ ਭੂਤਾਂ ਦੇ ਆਗੂ ਦੀ ਸਹਾਇਤਾ ਨਾਲ ਭੂਤਾਂ ਨੂੰ ਕੱਢਦਾ ਹੈ।"

## ਯਿਸੂ ਨੇ ਲੋਕਾਂ ਲਈ ਤਰਸ ਮਹਿਸੂਸ ਕੀਤਾ

35ਯਿਸੂ ਨੇ ਸਾਰੇ ਪਿੰਡਾਂ ਅਤੇ ਨਗਰਾਂ ਰਾਹੀਂ ਯਾਤਰਾ ਕੀਤੀ। ਉਸ ਨੇ ਉਨ੍ਹਾਂ ਦੇ ਯਹੂਦੀ ਮੰਦਰਾਂ ਵਿੱਚ ਉਪਦੇਸ਼ ਦਿੱਤੇ ਅਤੇ ਰਾਜ ਬਾਰੇ ਲੋਕਾਂ ਵਿੱਚ ਖੁਸ਼ਖਬਰੀ ਦਾ ਪ੍ਰਚਾਰ ਕੀਤਾ। ਉਸ ਨੇ ਹਰ ਤਰ੍ਹਾਂ ਦੇ ਰੋਗਾਂ ਅਤੇ ਬਿਮਾਰੀਆਂ ਨੂੰ ਚੰਗਾ ਕੀਤਾ। 36ਜਦੋਂ ਉਸ ਨੇ ਭੀੜਾਂ ਵੇਖੀਆਂ ਤਾਂ ਉਸ ਨੂੰ ਉਨ੍ਹਾਂ ਉੱਤੇ ਤਰਸ ਆਇਆ, ਕਿਉਂਕਿ ਲੋਕ ਥੱਕੇ ਹੋਏ ਅਤੇ ਲਾਚਾਰ ਸਨ। ਉਹ ਉਨ੍ਹਾਂ ਭੇਡਾਂ ਵਾਂਗ ਸਨ ਜਿਨ੍ਹਾਂ ਦਾ ਕੋਈ ਆਜੜੀ ਨਾ ਹੋਵੇ। 37ਫ਼ਿਰ ਯਿਸੂ ਨੇ ਆਪਣੇ ਚੇਲਿਆਂ ਨੂੰ ਆਖਿਆ, "ਖੇਤੀ ਪੱਕੀ ਹੋਈ ਹੈ, ਪਰ ਵਾਢੇ ਥੋੜੇ ਹਨ। 38ਇਸ ਲਈ ਤੁਸੀਂ ਖੇਤੀ ਦੇ ਮਾਲਕ ਅੱਗੇ ਬੇਨਤੀ ਕਰੋ ਕਿ ਉਹ ਆਪਣੀ ਖੇਤੀ ਵੱਢਣ ਲਈ ਵਾਢੇ ਘੱਲ ਦੇਵੇ।"

## ਬਾਰ੍ਹਾਂ ਰਸੂਲ

*(ਮਰਕੁਸ 3:13–19; 6:7–13; ਲੂਕਾ 6:12–16; 9:1–6)*

**10** 1ਯਿਸੂ ਨੇ ਆਪਣੇ ਬਾਰ੍ਹਾਂ ਚੇਲਿਆਂ ਨੂੰ ਸੱਦਿਆ। ਉਸ ਨੇ ਉਨ੍ਹਾਂ ਨੂੰ ਭ੍ਰਿਸ਼ਟ ਆਤਮਾਵਾਂ ਕੱਢਣ ਦੀ ਸ਼ਕਤੀ ਦਿੱਤੀ। ਉਸ ਨੇ ਉਨ੍ਹਾਂ ਨੂੰ ਹਰ-ਤਰ੍ਹਾਂ ਦੇ ਰੋਗ ਅਤੇ ਬਿਮਾਰੀ ਨੂੰ ਚੰਗਿਆਂ ਕਰਨ ਦੀ ਸ਼ਕਤੀ ਦਿੱਤੀ। 2ਬਾਰ੍ਹਾਂ ਰਸੂਲਾਂ ਦੇ ਨਾਮ ਇਵੇਂ ਹਨ:

ਸ਼ਮਊਨ ਜਿਹੜਾ ਪਤਰਸ ਕਹਾਉਂਦਾ ਹੈ, ਅਤੇ ਉਸ ਦਾ ਭਰਾ ਅੰਦ੍ਰਿਯਾਸ; ਜ਼ਬਦੀ ਦਾ ਪੁੱਤਰ ਯਾਕੂਬ ਅਤੇ ਉਸ ਦਾ ਭਰਾ ਯੂਹੰਨਾ;

3 ਫ਼ਿਲਿੱਪੁਸ ਅਤੇ ਬਰਥੁਲਮਈ; ਥੋਮਾ ਅਤੇ ਮੱਤੀ ਮਸੂਲੀਆ, ਹਲਫ਼ਈ ਦਾ ਪੁੱਤਰ ਯਾਕੂਬ ਅਤੇ ਥੱਦਈ;

4 ਸ਼ਮਊਨ ਕਨਾਨੀ[a] ਅਤੇ ਯਹੂਦਾ ਇਸਕਰਿਯੋਤੀ ਜਿਸ ਨੇ ਉਸ ਨੂੰ ਫੜਵਾ ਵੀ ਦਿੱਤਾ।

5ਯਿਸੂ ਨੇ ਬਾਰ੍ਹਾਂ ਰਸੂਲਾਂ ਨੂੰ ਹਿਦਾਇਤਾਂ ਦਿੱਤੀਆਂ ਅਤੇ ਉਨ੍ਹਾਂ ਨੂੰ ਭੇਜ ਦਿੱਤਾ। ਉਸ ਨੇ ਆਖਿਆ, "ਗੈਰ-ਯਹੂਦੀਆਂ ਦੇ ਇਲਾਕੇ ਨੂੰ ਨਾ ਜਾਣਾ ਅਤੇ ਸਾਮਰੀਆਂ ਦੇ ਕਿਸੇ ਵੀ ਨਗਰ ਵਿੱਚ ਪ੍ਰਵੇਸ਼ ਨਾ ਕਰਨਾ। 6ਸਗੋਂ ਇਸਰਾਏਲ ਦੇ ਘਰਾਣੇ ਦੀਆਂ ਗੁਆਚੀਆਂ ਹੋਈਆਂ ਭੇਡਾਂ ਕੋਲ ਜਾਓ। 7ਜਾਓ ਅਤੇ ਇਹ ਪ੍ਰਚਾਰ ਕਰੋ, 'ਸਵਰਗ ਦਾ ਰਾਜ ਨੇੜੇ ਆ ਰਿਹਾ ਹੈ।' 8ਰੋਗੀਆਂ ਨੂੰ ਚੰਗਾ ਕਰੋ, ਮੁਰਦਿਆਂ ਨੂੰ ਜੀਉਂਦੇ ਕਰੋ, ਕੋੜ੍ਹੀਆਂ ਨੂੰ ਸ਼ੁੱਧ ਕਰੋ, ਭੂਤਾਂ ਨੂੰ ਕੱਢੋ। ਮੈਂ ਇਹ ਅਧਿਕਾਰ ਤੁਹਾਨੂੰ ਮੁਫ਼ਤ ਦਿੱਤਾ ਹੈ, ਇਸ ਲਈ ਤੁਸੀਂ ਵੀ ਹੋਰਾਂ ਲੋਕਾਂ ਦੀ ਮੁਫ਼ਤ ਮਦਦ ਕਰੋ। 9ਆਪਣੇ ਕਮਰ ਕੱਸਿਆਂ ਵਿੱਚ ਨਾ ਸੋਨਾ, ਨਾ ਚਾਂਦੀ, ਨਾ ਤਾਂਬਾ, ਕੁਝ ਵੀ ਨਾ ਲਿਓ। 10ਨਾ ਹੀ ਆਪਣੇ ਨਾਲ ਕੋਈ ਝੋਲਾ ਚੁੱਕੋ। ਆਪਣੇ ਸਫ਼ਰ ਵਿੱਚ ਸਿਰਫ਼ ਉਹੀ ਕੱਪੜੇ ਅਤੇ ਉਹੀ ਜੁੱਤੀ ਲਿਓ ਜਿਹੜੀ ਤੁਸੀਂ ਪਾਈ ਹੋਈ ਹੈ। ਨਾ ਹੀ ਤੁਸੀਂ ਆਪਣੇ ਨਾਲ ਲਾਠੀ ਲੈਣੀ ਹੈ। ਇੱਕ ਕਾਮੇ ਨੂੰ ਹੱਕ ਹੈ ਕਿ ਜੋ ਉਸ ਨੂੰ ਚਾਹੀਦਾ ਲੈ ਸਕਦਾ ਹੈ।

11"ਜਦ ਤੁਸੀਂ ਕਿਸੇ ਨਗਰ ਜਾਂ ਸ਼ਹਿਰ ਵਿੱਚ ਵੜੋ ਤਾਂ ਇਹ ਪੁੱਛੋ ਕਿ ਇੱਥੇ ਯੋਗ ਮਨੁੱਖ ਕੌਣ ਹੈ। ਜਿੰਨਾ ਚਿਰ ਕਿਤੇ ਹੋਰ ਨਾ ਜਾਓ ਉੱਥੇ ਹੀ ਠਹਿਰੇ ਰਹੋ। 12ਉਸ ਘਰ ਵਿੱਚ ਪ੍ਰਵੇਸ਼ ਕਰਕੇ ਕਹੋ, 'ਤੁਹਾਨੂੰ ਸ਼ਾਂਤੀ ਮਿਲੇ।' 13ਜੇਕਰ ਉਸ ਘਰ ਦੇ ਲੋਕ ਤੁਹਾਡਾ ਸੁਆਗਤ ਕਰਦੇ ਹਨ, ਤਾਂ ਉਹ ਤੁਹਾਡੀ ਸ਼ਾਂਤੀ ਦੇ ਲਾਇਕ ਹਨ। ਜੋ ਸ਼ਾਂਤੀ ਤੁਸੀਂ ਉਨ੍ਹਾਂ ਲਈ ਚਾਹੀ, ਉਹ ਉਨ੍ਹਾਂ ਦੀ ਹੋਵੇ। ਪਰ ਜੇਕਰ ਉਹ ਤੁਹਾਡਾ ਸੁਆਗਤ ਨਹੀਂ ਕਰਦੇ ਤਾਂ ਉਹ ਤੁਹਾਡੀ ਸ਼ਾਂਤੀ ਦੇ ਲਾਇਕ ਨਹੀਂ ਹਨ। ਤਦ ਜੋ ਸ਼ਾਂਤੀ ਤੁਸੀਂ ਉਨ੍ਹਾਂ ਨੂੰ ਬਖਸ਼ੀ, ਉਹ ਵਾਪਸ ਲੈ ਲਵੋ। 14ਜੇਕਰ ਕੋਈ ਘਰ ਜਾਂ ਸ਼ਹਿਰ ਤੁਹਾਡਾ ਸੁਆਗਤ ਨਾ ਕਰੇ ਅਤੇ ਤੁਹਾਡੇ ਸ਼ਬਦਾਂ ਵੱਲ ਧਿਆਨ ਨਾ ਦੇਵੇ, ਤਾਂ ਜਦੋਂ ਤੁਸੀਂ ਉਹ ਜਗ੍ਹਾ ਛੱਡੋ ਤਾਂ ਆਪਣੇ ਪੈਰਾਂ ਦੀ ਧੂੜ ਝਾੜ ਸੁੱਟੋ। 15ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਨਿਆਂ ਦੇ ਦਿਨ ਉਸ ਨਗਰ ਦਾ ਹਾਲ ਸਦੂਮ ਅਤੇ ਅਮੂਰਾਹ[b] ਦੇ ਦੇਸ ਨਾਲੋਂ ਵੀ ਭਿਆਨਕ ਹੋਵੇਗਾ।

## ਯਿਸੂ ਦਾ ਮੁਸ਼ਕਲਾਂ ਬਾਰੇ ਖ਼ਬਰਦਾਰ ਕਰਨਾ

*(ਮਰਕੁਸ 13:9–13; ਲੂਕਾ 21:12–17)*

16"ਸੁਣੋ! ਮੈਂ ਤੁਹਾਨੂੰ ਭੇਡਾਂ ਵਾਂਗ ਬਘਿਆੜਾਂ ਵਿੱਚ ਭੇਜਦਾ ਹਾਂ। ਸੋ ਤੁਸੀਂ ਸੱਪਾਂ ਵਰਗੇ ਹੁਸ਼ਿਆਰ ਅਤੇ ਕਬੂਤਰਾਂ ਵਰਗੇ ਭੋਲੇ ਹੋਵੋ।

[a] *10:4* **ਕਨਾਨ** ਯਹੂਦੀਆਂ ਦਾ ਇੱਕ ਰਾਜਸੀ ਹਿੱਸਾ।

[b] *10:15* **ਸਦੂਮ ਅਤੇ ਅਮੂਰਾਹ** ਉਹ ਸ਼ਹਿਰ ਜਿਨ੍ਹਾਂ ਨੂੰ ਪ੍ਰਭੂ ਨੇ ਪਾਪ ਦੀ ਸਜ਼ਾ ਦੇਣ ਲਈ ਤਬਾਹ ਕਰ ਦਿੱਤਾ।

17ਲੋਕਾਂ ਤੋਂ ਹੋਸ਼ਿਆਰ ਰਹੋ, ਕਿਉਂਕਿ ਉਹ ਤੁਹਾਨੂੰ ਕੈਦ ਕਰਕੇ ਤੁਹਾਡਾ
ਨਿਆਂ ਕਰਨਗੇ ਅਤੇ ਆਪਣੇ ਯਹੂਦੀ ਮੰਦਰਾਂ ਵਿੱਚ ਤੁਹਾਨੂੰ ਕੋੜੇ
ਮਾਰਨਗੇ। 18ਤੁਸੀਂ ਮੇਰੇ ਕਾਰਣ ਰਾਜਪਾਲਾਂ ਅਤੇ ਰਾਜਿਆਂ ਦੇ ਅੱਗੇ
ਪੇਸ਼ ਕੀਤੇ ਜਾਓਗੇ। ਤੁਸੀਂ ਮੇਰੇ ਬਾਰੇ ਉਨ੍ਹਾਂ ਰਾਜਿਆਂ, ਰਾਜਪਾਲਾਂ
ਅਤੇ ਲੋਕਾਂ ਨੂੰ ਦੱਸੋਗੇ ਜਿਹੜੇ ਗੈਰ-ਯਹੂਦੀ ਹਨ। 19ਪਰ ਜਦੋਂ ਲੋਕ
ਤੁਹਾਨੂੰ ਗਿਰਫ਼ਤਾਰ ਕਰਨ ਤਾਂ ਇਹ ਚਿੰਤਾ ਨਾ ਕਰੋ ਕਿ ਇਸ ਬਾਰੇ
ਕੀ ਆਖੀਏ ਅਤੇ ਉਨ੍ਹਾਂ ਨੂੰ ਕਿਵੇਂ ਦੱਸੀਏ। ਕਿਉਂਕਿ ਜਿਹੜੇ ਸ਼ਬਦ
ਤੁਹਾਨੂੰ ਆਖਣੇ ਚਾਹੀਦੇ ਹਨ ਉਹ ਉਸੇ ਘੜੀ ਤੁਹਾਨੂੰ ਦਿੱਤੇ ਜਾਣਗੇ।
20ਕਿਉਂਕਿ ਬੋਲਣ ਵਾਲੇ ਤੁਸੀਂ ਨਹੀਂ ਹੋਵੋਗੇ, ਸਗੋਂ ਤੁਹਾਡੇ ਪਿਤਾ ਦਾ
ਆਤਮਾ ਤੁਹਾਡੇ ਰਾਹੀਂ ਬੋਲ ਰਿਹਾ ਹੋਵੇਗਾ।

21“ਭਰਾ ਆਪਣੇ ਭਰਾਵਾਂ ਦੇ ਵੈਰੀ ਬਣ ਜਾਣਗੇ ਅਤੇ ਉਨ੍ਹਾਂ ਨੂੰ
ਮਰਵਾਉਣ ਵਾਸਤੇ ਗਿਰਫ਼ਤਾਰ ਕਰਾਉਣਗੇ। ਪਿਤਾ ਅਪਣੇ ਬੱਚਿਆਂ
ਦੇ ਵਿਰੁੱਧ ਖੜ੍ਹੇ ਹੋ ਜਾਣਗੇ ਅਤੇ ਬੱਚੇ ਆਪਣੇ ਮਾਪਿਆਂ ਦੇ ਖਿਲਾਫ਼
ਖੜ੍ਹੇ ਹੋ ਜਾਣਗੇ ਅਤੇ ਉਹ ਉਨ੍ਹਾਂ ਨੂੰ ਮਾਰਨ ਵਾਸਤੇ ਸੌਂਪ ਦੇਣਗੇ।
22ਮੇਰੇ ਨਾਮ ਦੇ ਕਾਰਣ ਸਭ ਲੋਕ ਤੁਹਾਨੂੰ ਨਫ਼ਰਤ ਕਰਨਗੇ।
ਜਿਹੜਾ ਅੰਤ ਤੀਕ ਸਹੇਗਾ ਸੋ ਹੀ ਬਚਾਇਆ ਜਾਵੇਗਾ। 23ਜੇਕਰ
ਇੱਕ ਨਗਰ ਵਿੱਚ ਲੋਕ ਤੁਹਾਨੂੰ ਕਸ਼ਟ ਦੇਣ ਤਾਂ ਦੂਸਰੇ ਨਗਰ ਵਿੱਚ
ਚਲੇ ਜਾਓ। ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਤੁਸੀਂ ਮਨੁੱਖ ਦੇ ਪੁੱਤਰ
ਦੇ ਆਉਣ ਤੋਂ ਪਹਿਲਾਂ ਇਸਰਾਏਲ ਦੇ ਸਾਰੇ ਨਗਰਾਂ ਵਿੱਚ ਨਹੀਂ
ਜਾਓਗੇ।

24“ਕੋਈ ਵੀ ਚੇਲਾ ਆਪਣੇ ਗੁਰੂ ਨਾਲੋਂ ਵੱਡਾ ਨਹੀਂ, ਅਤੇ ਕੋਈ
ਨੌਕਰ ਆਪਣੇ ਮਾਲਕ ਨਾਲੋਂ ਵੱਡਾ ਨਹੀਂ 25ਇੰਨਾ ਹੀ ਬਹੁਤ ਹੈ
ਕਿ ਚੇਲਾ ਆਪਣੇ ਗੁਰੂ ਜਿਹਾ ਅਤੇ ਨੌਕਰ ਆਪਣੇ ਮਾਲਕ ਜਿਹਾ
ਹੋਵੇ। ਜੇਕਰ ਉਨ੍ਹਾਂ ਨੇ ਘਰ ਦੇ ਮਾਲਕ ਨੂੰ ‘ਬਆਲ-ਜ਼ਬੂਲ’ (ਸ਼ੈਤਾਨ)
ਆਖਿਆ, ਤਾਂ ਘਰ ਦੇ ਬਾਕੀ ਲੋਕਾਂ ਨੂੰ ਇਸ ਤੋਂ ਵੀ ਬਦਤਰ ਨਾਮ
ਨਾਲ ਸੱਦਣਗੇ।

## ਪਰਮੇਸ਼ੁਰ ਤੋਂ ਡਰੋ, ਲੋਕਾਂ ਤੋਂ ਨਹੀਂ

*(ਲੂਕਾ 12:2–7)*

26“ਸੋ ਤੁਸੀਂ ਉਨ੍ਹਾਂ ਕੋਲੋਂ ਨਾ ਡਰੋ, ਕਿਉਂਕਿ ਕੋਈ ਚੀਜ਼ ਲੁਕੀ ਨਹੀਂ
ਹੈ ਜਿਹੜੀ ਪਰਗਟ ਨਹੀਂ ਕੀਤੀ ਜਾਵੇਗੀ, ਨਾ ਹੀ ਕੁਝ ਗੁਪਤ ਹੈ
ਜੋ ਜਾਣਿਆ ਨਹੀਂ ਜਾਵੇਗਾ। 27ਜੋ ਕੁਝ ਵੀ ਮੈਂ ਤੁਹਾਨੂੰ ਹਨੇਰੇ ਵਿੱਚ
ਆਖ ਰਿਹਾ ਹਾਂ ਤੁਸੀਂ ਉਸ ਨੂੰ ਚਾਨਣ ਵਿੱਚ ਆਖੋ ਅਤੇ ਜੋ ਕੁਝ ਵੀ
ਤੁਸੀਂ ਕੰਨਾਂ ਨਾਲ ਸੁਣਦੇ ਹੋ ਉਸ ਦਾ ਖੁੱਲ੍ਹੇਆਮ ਪ੍ਰਚਾਰ ਕਰੋ।

28“ਉਨ੍ਹਾਂ ਕੋਲੋਂ ਨਾ ਡਰੋ ਜਿਹੜੇ ਦੇਹ ਨੂੰ ਤਾਂ ਮਾਰ ਸੁੱਟਦੇ ਹਨ ਪਰ
ਰੂਹ ਨੂੰ ਨਹੀਂ ਮਾਰ ਸਕਦੇ, ਸਗੋਂ ਉਸੇ ਕੋਲੋਂ ਡਰੋ ਜਿਹੜਾ ਦੇਹ ਅਤੇ
ਰੂਹ ਦੋਹਾਂ ਨੂੰ ਨਰਕ ਵਿੱਚ ਨਸ਼ਟ ਕਰ ਸਕਦਾ ਹੈ। 29ਇੱਕ ਪੈਸੇ
ਦੀਆਂ ਦੋ ਚਿੜੀਆਂ ਵਿਕਦੀਆਂ ਹਨ ਅਤੇ ਉਨ੍ਹਾਂ ਵਿੱਚੋਂ ਇੱਕ ਵੀ
ਤੁਹਾਡੇ ਪਿਤਾ ਦੀ ਮਰਜ਼ੀ ਬਿਨਾਂ ਖਤਮ ਨਹੀਂ ਹੋ ਸਕਦੀ; 30ਅਤੇ
ਤੁਹਾਡੇ ਸਿਰ ਦੇ ਵਾਲ ਵੀ ਗਿਣੇ ਹੋਏ ਹਨ। 31ਸੋ ਤੁਸੀਂ ਨਾ ਡਰੋ! ਤੁਸੀਂ
ਬਹੁਤੀਆਂ ਚਿੜੀਆਂ ਨਾਲੋਂ ਵਧੀਕ ਉੱਤਮ ਹੋ।

## ਲੋਕਾਂ ਨੂੰ ਆਪਣੇ ਵਿਸ਼ਵਾਸ ਬਾਰੇ ਦੱਸਣਾ

*(ਲੂਕਾ 12:8–9)*

32“ਜੋ ਕੋਈ ਮਨੁੱਖ ਲੋਕਾਂ ਨੂੰ ਦੱਸਦਾ ਹੈ ਕਿ ਉਹ ਮੇਰੇ ਵਿੱਚ ਵਿਸ਼ਵਾਸ
ਕਰਦਾ ਹੈ, ਮੈਂ ਵੀ ਆਪਣੇ ਪਿਤਾ ਅੱਗੇ ਜਿਹੜਾ ਸਵਰਗ ਵਿੱਚ ਹੈ
ਦੱਸਾਂਗਾ ਕਿ ਉਹ ਵਿਅਕਤੀ ਮੇਰੇ ਨਾਲ ਸੰਬੰਧਤ ਹੈ। 33ਪਰ ਜੋ
ਕੋਈ ਮਨੁੱਖ ਲੋਕਾਂ ਨੂੰ ਦੱਸਦਾ ਹੈ ਕਿ ਉਹ ਮੇਰੇ ਵਿੱਚ ਵਿਸ਼ਵਾਸ ਨਹੀਂ
ਕਰਦਾ, ਮੈਂ ਵੀ ਆਪਣੇ ਪਿਤਾ ਦੇ ਅੱਗੇ ਜਿਹੜਾ ਸਵਰਗ ਵਿੱਚ ਹੈ,
ਉਸ ਦਾ ਇਕਰਾਰ ਨਹੀਂ ਕਰਾਂਗਾ।

## ਮੈਂ ਤੁਹਾਨੂੰ ਤਲਵਾਰ ਦੇਣ ਲਈ ਆਇਆ ਹਾਂ

*(ਲੂਕਾ 12:51–53; 14:26–27)*

34“ਇਹ ਨਾ ਸੋਚੋ ਕਿ ਮੈਂ ਧਰਤੀ ਉੱਤੇ ਤੁਹਾਨੂੰ ਸ਼ਾਂਤੀ ਦੇਣ ਆਇਆ
ਹਾਂ। ਮੈਂ ਸ਼ਾਂਤੀ ਦੇਣ ਨਹੀਂ, ਸਗੋਂ ਤਲਵਾਰ ਦੇਣ ਆਇਆ ਹਾਂ।
35-36ਕਿਉਂਕਿ ਮੈਂ ਇਹ ਪੂਰਾ ਕਰਨ ਵਾਸਤੇ ਆਇਆ ਹਾਂ:

> ‘ਮਨੁੱਖ ਦੇ ਵੈਰੀ ਉਸ ਦੇ ਆਪਣੇ ਘਰ ਦੇ ਜੀਅ ਹੋਣਗੇ।
> ਪੁੱਤਰ ਆਪਣੇ ਪਿਓ ਦੇ ਵਿਰੁੱਧ ਹੋਵੇਗਾ ਅਤੇ ਧੀ ਆਪਣੀ
> ਮਾਂ ਦੇ ਵਿਰੁੱਧ ਹੋਵੇਗੀ। ਅਤੇ ਨੂੰਹ ਆਪਣੀ ਸੱਸ ਦੇ ਵਿਰੁੱਧ
> ਹੋਵੇਗੀ।’ *ਮੀਕਾਹ 7:6*

37“ਜੋ ਵਿਅਕਤੀ ਪਿਉ ਜਾਂ ਮਾਂ ਨੂੰ ਮੇਰੇ ਨਾਲੋਂ ਵੱਧ ਪਿਆਰ ਕਰਦਾ
ਹੈ ਉਹ ਮੇਰੇ ਮਗਰ ਚੱਲਣ ਦੇ ਲਾਇਕ ਨਹੀਂ ਹੈ। 38ਜੇਕਰ ਕੋਈ
ਵਿਅਕਤੀ ਆਪਣੀ ਸਲੀਬ ਨੂੰ ਜਿਹੜੀ ਉਸ ਨੂੰ ਦਿੱਤੀ ਗਈ ਹੈ, ਚੁੱਕ
ਕੇ ਮੇਰੇ ਪਿੱਛੇ ਨਹੀਂ ਚੱਲਦਾ ਤਾਂ ਉਹ ਮੇਰੇ ਲਾਇਕ ਨਹੀਂ। 39ਜੇਕਰ
ਕੋਈ ਵਿਅਕਤੀ ਆਪਣੇ ਜੀਵਨ ਨੂੰ ਮੇਰੇ ਨਾਲੋਂ ਵੱਧ ਪਿਆਰ ਕਰਦਾ
ਹੈ, ਉਹ ਸੱਚਾ ਜੀਵਨ ਗੁਆ ਲਵੇਗਾ। ਜੋ ਕੋਈ ਵੀ ਮੇਰੇ ਲਈ
ਆਪਣੀ ਜਾਨ ਦੇਵੇਗਾ, ਉਹ ਸੱਚਾ ਜੀਵਨ ਲੱਭ ਲਵੇਗਾ।

## ਤੁਹਾਨੂੰ ਕਬੂਲਣ ਵਾਸਤੇ ਪਰਮੇਸ਼ੁਰ ਲੋਕਾਂ ਨੂੰ ਅਸੀਸਾਂ ਦੇਵੇਗਾ

*(ਮਰਕੁਸ 9:41)*

40“ਜੋ ਕੋਈ ਤੁਹਾਨੂੰ ਕਬੂਲਦਾ ਹੈ ਉਹ ਮੈਨੂੰ ਕਬੂਲਦਾ ਹੈ, ਅਤੇ ਜੋ
ਕੋਈ ਮੈਨੂੰ ਕਬੂਲਦਾ ਹੈ ਉਹ ਉਸ ਨੂੰ ਕਬੂਲ ਕਰਦਾ ਹੈ ਜਿਸ ਨੇ ਮੈਨੂੰ
ਭੇਜਿਆ ਹੈ। 41ਜੇਕਰ ਕੋਈ ਕਿਸੇ ਨਬੀ ਨੂੰ ਇਸ ਕਰਕੇ ਕਬੂਲਦਾ
ਹੈ ਕਿ ਉਹ ਨਬੀ ਹੈ, ਤਾਂ ਉਹ ਉਸ ਦਾ ਫ਼ਲ ਪ੍ਰਾਪਤ ਕਰੇਗਾ ਜੋ ਇੱਕ
ਨਬੀ ਦਾ ਹੁੰਦਾ ਹੈ। ਜੋ ਕੋਈ ਚੰਗੇ ਆਦਮੀ ਨੂੰ ਇਸ ਲਈ ਕਬੂਲਦਾ
ਹੈ ਕਿਉਂਕਿ ਉਹ ਇੱਕ ਚੰਗਾ ਆਦਮੀ ਹੈ, ਤਾਂ ਉਹ ਉਸ ਦਾ ਫ਼ਲ
ਪ੍ਰਾਪਤ ਕਰੇਗਾ ਜੋ ਇੱਕ ਚੰਗੇ ਆਦਮੀ ਦਾ ਹੁੰਦਾ ਹੈ। 42ਇਹ ਛੋਟੇ
ਬੱਚੇ ਮੇਰੇ ਚੇਲੇ ਹਨ। ਜੇਕਰ ਕੋਈ ਇਨ੍ਹਾਂ ਛੋਟਿਆਂ ਵਿੱਚੋਂ ਕਿਸੇ ਇੱਕ
ਨੂੰ ਵੀ ਇਹ ਸੋਚ ਕੇ ਇੱਕ ਠੰਡੇ ਪਾਣੀ ਦਾ ਪਿਆਲਾ ਦਿੰਦਾ ਹੈ ਕਿਉਂਕਿ
ਉਹ ਮੇਰੇ ਚੇਲੇ ਹਨ, ਤਾਂ ਸੱਚਮੁੱਚ ਮੈਂ ਤੁਹਾਨੂੰ ਦੱਸਦਾ ਹਾਂ ਕਿ ਉਹ
ਆਪਣਾ ਫ਼ਲ ਪ੍ਰਾਪਤ ਕਰੇਗਾ।”

## ਯਿਸੂ ਅਤੇ ਯੂਹੰਨਾ ਬਪਤਿਸਮਾ ਦੇਣ ਵਾਲਾ

*(ਲੂਕਾ 7:18–35)*

**11** 1ਆਪਣੇ ਬਾਰ੍ਹਾਂ ਚੇਲਿਆਂ ਨੂੰ ਹਿਦਾਇਤਾਂ ਦੇਣ ਤੋਂ ਬਾਦ
ਯਿਸੂ ਉੱਥੋਂ ਨਿੱਕਲ ਕੇ ਗਲੀਲ ਦੇ ਨਗਰਾਂ ਵਿੱਚ ਉਪਦੇਸ਼
ਦੇਣ ਅਤੇ ਪ੍ਰਚਾਰ ਕਰਨ ਲਈ ਚਲਿਆ ਗਿਆ।

2ਯੂਹੰਨਾ ਬਪਤਿਸਮਾ ਦੇਣ ਵਾਲੇ ਨੇ ਕੈਦਖਾਨੇ ਵਿੱਚ ਮਸੀਹ ਦੇ
ਕੰਮਾਂ ਬਾਰੇ ਸੁਣ ਕੇ ਆਪਣੇ ਕੁਝ ਚੇਲਿਆਂ ਨੂੰ ਉਸ ਵੱਲ ਭੇਜਿਆ।
3ਯੂਹੰਨਾ ਦੇ ਚੇਲਿਆਂ ਨੇ ਯਿਸੂ ਨੂੰ ਆਖਿਆ, “ਕੀ ਤੂੰ ਉਹੀ
ਵਿਅਕਤੀ ਹੈਂ ਜਿਸ ਬਾਰੇ ਯੂਹੰਨਾ ਨੇ ਕਿਹਾ ਸੀ ਕਿ ਆਉਣ ਵਾਲਾ
ਹੈ, ਜਾਂ ਫ਼ਿਰ ਸਾਨੂੰ ਕਿਸੇ ਹੋਰ ਦਾ ਇੰਤਜ਼ਾਰ ਕਰਨਾ ਚਾਹੀਦਾ ਹੈ?”

4ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, “ਜੋ ਕੁਝ ਤੁਸੀਂ ਸੁਣਦੇ ਅਤੇ

ਵੇਖਦੇ ਹੋ ਜਾ ਕੇ ਯੂਹੰਨਾ ਨੂੰ ਆਖ ਦੇਣਾ, 5ਕਿ ਅੰਨ੍ਹੇ ਸੁਜਾਖੇ ਹੁੰਦੇ ਹਨ
ਅਤੇ ਲੰਗੜੇ ਤੁਰਦੇ ਹਨ, ਕੋੜ੍ਹੀ ਸ਼ੁੱਧ ਕੀਤੇ ਜਾਂਦੇ ਹਨ, ਬੋਲੇ ਸੁਣਦੇ
ਹਨ ਅਤੇ ਮੁਰਦੇ ਜਿਵਾਏ ਜਾਂਦੇ ਹਨ ਅਤੇ ਗਰੀਬਾਂ ਨੂੰ ਖੁਸ਼ਖਬਰੀ
ਸੁਣਾਈ ਜਾਂਦੀ ਹੈ। 6ਜਿਹੜਾ ਵਿਅਕਤੀ ਮੈਨੂੰ ਕਬੂਲਦਾ ਹੈ ਉਹ
ਧੰਨ ਹੈ।"

7ਯਿਸੂ ਨੇ ਯੂਹੰਨਾ ਬਾਰੇ ਲੋਕਾਂ ਨਾਲ ਗੱਲ ਕਰਨੀ ਸ਼ੁਰੂ ਕੀਤੀ,
"ਤੁਸੀਂ ਬਾਹਰ ਉਜਾੜ ਵਿੱਚ ਕੀ ਵੇਖਣ ਨਿੱਕਲੇ ਸੀ? ਇੱਕ ਕਾਨੇ ਨੂੰ
ਜਿਹੜਾ ਹਵਾ ਨਾਲ ਹਿੱਲਦਾ ਹੈ? ਨਹੀਂ! 8ਸੱਚਮੁੱਚ ਤੁਸੀਂ ਕੀ ਵੇਖਣ
ਲਈ ਬਾਹਰ ਨਿੱਕਲੇ ਸੀ? ਕੀ ਮਹੀਨ ਵਸਤਰ ਪਹਿਨੇ ਹੋਏ ਇੱਕ
ਮਨੁੱਖ ਨੂੰ ਵੇਖਣ? ਨਹੀਂ! ਉਹ ਜਿਹੜੇ ਮਹੀਨ ਵਸਤਰ ਪਹਿਨਦੇ
ਹਨ ਉਹ ਰਾਜਿਆਂ ਦੇ ਮਹਿਲਾਂ ਵਿੱਚ ਹਨ। 9ਫ਼ੇਰ ਤੁਸੀਂ ਬਾਹਰ ਕੀ
ਵੇਖਣ ਲਈ ਨਿੱਕਲੇ ਸੀ? ਇੱਕ ਨਬੀ ਨੂੰ? ਹਾਂ ਮੈਂ ਤੁਹਾਨੂੰ ਦੱਸਦਾ
ਹਾਂ, ਯੂਹੰਨਾ ਨਬੀ ਨਾਲੋਂ ਵੀ ਵਧੇਰੇ ਹੈ। 10ਇਹ ਓਹੋ ਹੈ ਜਿਸ ਦੇ ਬਾਰੇ
ਪੋਥੀਆਂ ਵਿੱਚ ਇਹ ਲਿਖਿਆ ਹੋਇਆ ਹੈ:

'ਸੁਣੋ! ਮੈਂ ਤੇਰੇ ਅੱਗੇ ਆਪਣਾ ਦੂਤ ਘੱਲ ਰਿਹਾ ਹਾਂ ਜਿਹੜਾ
ਕਿ ਤੇਰੇ ਲਈ ਤੇਰਾ ਰਾਹ ਤਿਆਰ ਕਰੇਗਾ।' *ਮਲਾਕੀ 3:1*

11"ਮੈਂ ਤੁਹਾਨੂੰ ਸੱਚ ਦੱਸਦਾ ਹਾਂ: ਸਾਰੇ ਆਦਮੀਆਂ ਵਿੱਚੋਂ ਜਿਹੜੇ
ਔਰਤਾਂ ਤੋਂ ਜੰਮੇ ਹਨ, ਕੋਈ ਵੀ ਯੂਹੰਨਾ ਬਪਤਿਸਮਾ ਦੇਣ ਵਾਲੇ ਤੋਂ
ਵੱਡਾ ਨਹੀਂ ਹੈ। ਪਰ ਹਾਲੇ ਵੀ, ਜੋ ਸਵਰਗ ਦੇ ਰਾਜ ਵਿੱਚ ਛੋਟਾ ਹੈ
ਉਹ ਯੂਹੰਨਾ ਤੋਂ ਵੱਡਾ ਹੈ। 12ਯੂਹੰਨਾ ਬਪਤਿਸਮਾ ਦੇਣ ਵਾਲੇ ਦੇ ਦਿਨਾਂ
ਤੋਂ ਹੁਣ ਤੀਕ ਸਵਰਗ ਦੇ ਰਾਜ ਉੱਤੇ ਜ਼ੋਰ ਮਾਰਿਆ ਜਾਂਦਾ ਹੈ। ਜਿਹੜੇ
ਬਲ ਦਾ ਉਪਯੋਗ ਕਰਦੇ ਹਨ, ਇਸ ਨੂੰ ਪਾਉਣ ਦੀ ਕੋਸ਼ਿਸ਼ ਕਰ
ਰਹੇ ਹਨ। 13ਕਿਉਂ ਜੋ ਸਾਰੇ ਨਬੀ ਅਤੇ ਤੁਰੇਤ ਯੂਹੰਨਾ ਦੇ ਆਉਣ
ਤੀਕ ਬੋਲੇ। 14ਜੇਕਰ ਤੁਸੀਂ ਉਹ ਗੱਲਾਂ ਜੋ ਸ਼ਰ੍ਹਾ ਅਤੇ ਨਬੀਆਂ ਨੇ
ਆਖੀਆਂ ਹਨ, ਮੰਨੋ ਤਾਂ ਤੁਸੀਂ ਵਿਸ਼ਵਾਸ ਕਰੋਗੇ ਕਿ ਯੂਹੰਨਾ ਉਹੀ
ਏਲੀਯਾਹ ਹੈ ਜੋ ਆਉਣ ਵਾਲਾ ਸੀ। 15ਜੇਕਰ ਤੁਸੀਂ ਮੈਨੂੰ ਸੁਣ
ਸਕਦੇ ਹੋ, ਤਾਂ ਸੁਣੋ।

16"ਮੈਂ ਇਸ ਪੀੜ੍ਹੀ ਦੇ ਲੋਕਾਂ ਦੀ ਤੁਲਨਾ ਕਿਸ ਨਾਲ ਕਰਾਂ? ਅੱਜ
ਦੇ ਲੋਕ ਉਨ੍ਹਾਂ ਬੱਚਿਆਂ ਵਰਗੇ ਹਨ ਜੋ ਬੱਚਿਆਂ ਦਾ ਇੱਕ ਧੜਾ
ਬਣਾ ਕੇ ਬਜ਼ਾਰ ਵਿੱਚ ਬੈਠੇ ਦੂਜੇ ਬਾਲਕਾਂ ਦੇ ਧੜੇ ਨੂੰ ਅਵਾਜ਼ ਮਾਰ
ਕੇ ਆਖਦੇ ਹਨ,

17 'ਅਸੀਂ ਤੁਹਾਡੇ ਲਈ ਬੰਸਰੀ ਵਜਾਈ ਪਰ ਤੁਸੀਂ ਨਾ ਨੱਚੇ।
ਅਸੀਂ ਉਦਾਸ ਗੀਤ ਗਾਇਆ ਪਰ ਤੁਸੀਂ ਨਾ ਪਿੱਟਿਆ।'

18ਮੈਂ ਕਿਉਂ ਕਹਿੰਦਾ ਹਾਂ ਕਿ ਲੋਕ ਇਹੋ ਜਿਹੇ ਹਨ? ਕਿਉਂਕਿ ਯੂਹੰਨਾ
ਆਇਆ ਪਰ ਉਸ ਨੇ ਦੂਜੇ ਲੋਕਾਂ ਵਾਂਗ ਨਾ ਖਾਧਾ ਨਾ ਪੀਤਾ, 'ਅਤੇ
ਲੋਕਾਂ ਨੇ ਆਖਿਆ ਕਿ ਉਸ ਦੇ ਅੰਦਰ ਭੂਤ ਹੈ।' 19ਮਨੁੱਖ ਦਾ ਪੁੱਤਰ
ਖਾਂਦਾ-ਪੀਂਦਾ ਆਇਆ ਅਤੇ ਲੋਕ ਆਖਦੇ ਹਨ ਕਿ ਵੇਖੋ ਇੱਕ ਖਾਊ
ਅਤੇ ਸ਼ਰਾਬੀ ਮਨੁੱਖ ਮਸੂਲੀਆਂ ਅਤੇ ਪਾਪੀਆਂ ਦਾ ਯਾਰ ਹੈ! ਪਰ
ਗਿਆਨ ਖੁਦ ਦੀਆਂ ਕਰਨੀਆਂ ਤੋਂ ਧਰਮੀ ਦਿਖਾਇਆ ਜਾਂਦਾ ਹੈ।"

### ਯਿਸੂ ਵੱਲੋਂ ਉਨ੍ਹਾਂ ਨੂੰ ਚੇਤਾਵਨੀ ਜੋ ਵਿਸ਼ਵਾਸ ਨਹੀਂ ਕਰਦੇ

*(ਲੂਕਾ 10:13–15)*

20ਯਿਸੂ ਨੇ ਉਨ੍ਹਾਂ ਸ਼ਹਿਰਾਂ ਦੀ ਅਲੋਚਨਾ ਕੀਤੀ ਜਿਨ੍ਹਾਂ ਵਿੱਚ ਉਸ ਨੇ
ਬਹੁਤ ਸਾਰੇ ਕਰਿਸ਼ਮੇ ਕੀਤੇ। ਉੱਥੋਂ ਦੇ ਸ਼ਹਿਰਾਂ ਦੇ ਲੋਕਾਂ ਨੇ ਆਪਣੇ
ਜੀਵਨ ਢੰਗ ਨਹੀਂ ਬਦਲੇ ਅਤੇ ਨਾ ਹੀ ਪਾਪ ਕਰਨੇ ਬੰਦ ਕੀਤੇ।
21ਯਿਸੂ ਨੇ ਕਿਹਾ, "ਤੇਰੇ ਲਈ ਇਹ ਬੁਰਾ ਹੋਵੇਗਾ, ਖੁਰਾਜ਼ੀਨ!
ਤੇਰੇ ਲਈ ਇਹ ਬੁਰਾ ਹੋਵੇਗਾ ਬੈਤਸੈਦਾ![a] ਤੁਹਾਡੇ ਵਿੱਚ ਮੈਂ ਬਹੁਤ
ਕਰਿਸ਼ਮੇ ਕੀਤੇ। ਜੇਕਰ ਉਹ ਕਰਿਸ਼ਮੇ ਸੂਰ ਅਤੇ ਸੈਦਾ[b] ਵਿੱਚ ਕੀਤੇ
ਜਾਂਦੇ ਤਾਂ ਬਹੁਤ ਪਹਿਲਾਂ ਉਨ੍ਹਾਂ ਲੋਕਾਂ ਨੇ ਆਪਣੇ ਜੀਵਨ ਬਦਲ ਲਏ
ਹੁੰਦੇ। 22ਪਰ ਮੈਂ ਤੁਹਾਨੂੰ ਆਖਦਾ ਹਾਂ ਕਿ ਨਿਆਂ ਦੇ ਦਿਨ ਤੁਹਾਡੇ ਨਾਲੋਂ
ਸੂਰ ਅਤੇ ਸੈਦਾ ਦਾ ਹਾਲ ਝੱਲਣ ਜੋਗ ਹੋਵੇਗਾ।

23"ਹੇ ਕਫ਼ਰਨਾਹੂਮ! ਕੀ ਤੂੰ ਸਵਰਗ ਤੀਕ ਉੱਚਾ ਚੁੱਕਿਆ
ਜਾਵੇਂਗਾ? ਨਹੀਂ! ਤੈਨੂੰ ਥੱਲੇ ਮੌਤ ਦੀ ਥਾਵੇਂ ਸੁੱਟਿਆ ਜਾਵੇਗਾ,
ਕਿਉਂਕਿ ਜਿਹੜੀਆਂ ਕਰਾਮਾਤਾਂ ਤੇਰੇ ਵਿੱਚ ਵਿਖਾਈਆਂ ਗਈਆਂ
ਜੇਕਰ ਉਹੀ ਕਰਾਮਾਤਾਂ ਸਦੂਮ ਵਿੱਚ ਵਿਖਾਈਆਂ ਜਾਂਦੀਆਂ ਤਾਂ ਉਹ
ਅੱਜ ਤੀਕ ਬਣਿਆ ਰਹਿੰਦਾ। 24ਪਰ ਮੈਂ ਤੁਹਾਨੂੰ ਆਖਦਾ ਹਾਂ ਕਿ
ਨਿਆਂ ਦੇ ਦਿਨ ਤੇਰਾ ਹਾਲ ਸਦੂਮ ਦੇਸ ਨਾਲੋਂ ਮਾੜਾ ਹੋਵੇਗਾ।"

### ਯਿਸੂ ਆਪਣੇ ਲੋਕਾਂ ਨੂੰ ਵਿਸ਼ਰਾਮ ਦਿੰਦਾ

*(ਲੂਕਾ 10:21–22)*

25ਤਦ ਯਿਸੂ ਨੇ ਆਖਿਆ, "ਹੇ ਪਿਤਾ, ਸਵਰਗ ਅਤੇ ਧਰਤੀ ਦੇ ਪ੍ਰਭੂ,
ਮੈਂ ਤੇਰੀ ਉਸਤਤ ਕਰਦਾ ਹਾਂ ਜੋ ਤੂੰ ਇਨ੍ਹਾਂ ਗੱਲਾਂ ਨੂੰ ਗਿਆਨੀ ਅਤੇ
ਬੁੱਧਵਾਨ ਲੋਕਾਂ ਤੋਂ ਗੁਪਤ ਰੱਖਿਆ। ਪਰ ਤੂੰ ਇਹ ਗੱਲਾਂ ਉਨ੍ਹਾਂ ਲੋਕਾਂ
ਉੱਤੇ ਪਰਗਟ ਕੀਤੀਆਂ ਜੋ ਬੱਚਿਆਂ ਦੀ ਤਰ੍ਹਾਂ ਹਨ। 26ਹਾਂ, ਪਿਤਾ!
ਤੂੰ ਅਜਿਹਾ ਕੀਤਾ, ਕਿਉਂਕਿ ਸੱਚਮੁੱਚ ਤੂੰ ਇਹੀ ਕਰਨਾ ਚਾਹੁੰਦਾ ਸੀ।

27"ਸਭ ਕੁਝ ਮੇਰੇ ਪਿਤਾ ਨੇ ਮੈਨੂੰ ਸੌਂਪਿਆ ਹੋਇਆ ਹੈ। ਪਿਤਾ ਤੋਂ
ਬਿਨਾਂ ਪੁੱਤਰ ਨੂੰ ਕੋਈ ਨਹੀਂ ਜਾਣਦਾ ਅਤੇ ਨਾ ਹੀ ਪੁੱਤਰ ਤੋਂ ਬਿਨਾਂ
ਪਿਤਾ ਨੂੰ ਕੋਈ ਜਾਣਦਾ ਹੈ। ਜਿਨ੍ਹਾਂ ਨੂੰ ਪੁੱਤਰ ਪਰਗਟ ਕਰਨ ਲਈ
ਚੁਣੇਗਾ, ਸਿਰਫ਼ ਉਹੀ ਲੋਕ ਪਿਤਾ ਨੂੰ ਜਾਣਨਗੇ।

28"ਉਹ ਸਾਰੇ ਲੋਕ ਜੋ ਥੱਕੇ ਹੋਏ ਹਨ ਅਤੇ ਜਿਨ੍ਹਾਂ ਨੇ ਭਾਰੀ ਬੋਝ
ਚੁੱਕੇ ਹੋਏ ਹਨ ਮੇਰੇ ਕੋਲ ਆਓ, ਮੈਂ ਤੁਹਾਨੂੰ ਅਰਾਮ ਦਿਆਂਗਾ।
29ਮੇਰਾ ਜੂਲਾ ਆਪਣੇ ਉੱਤੇ ਚੁੱਕੋ ਅਤੇ ਮੈਥੋਂ ਸਿੱਖੋ, ਕਿਉਂਕਿ ਮੈਂ ਕੋਮਲ
ਅਤੇ ਹਲੀਮ ਦਿਲ ਹਾਂ। ਇਵੇਂ, ਤੁਸੀਂ ਆਪਣੇ ਆਤਮਾ ਵਿੱਚ ਅਰਾਮ
ਮਹਿਸੂਸ ਕਰੋਗੇ। 30ਕਿਉਂਕਿ ਮੇਰਾ ਜੂਲਾ ਸੁਖਾਲਾ ਹੈ ਅਤੇ ਜੋ ਬੋਝ
ਮੈਂ ਤੁਹਾਨੂੰ ਦਿੰਦਾ ਹਾਂ, ਉਹ ਹੌਲਾ ਹੈ।"

### ਕੁਝ ਯਹੂਦੀਆਂ ਵੱਲੋਂ ਯਿਸੂ ਦੀ ਨਿੰਦਿਆ

*(ਮਰਕੁਸ 2:23–28; ਲੂਕਾ 6:1–5)*

**12** 1ਉਸ ਵੇਲੇ ਯਿਸੂ ਕਣਕ ਦੇ ਖੇਤਾਂ ਵਿੱਚੋਂ ਦੀ ਲੰਘ ਰਿਹਾ
ਸੀ। ਉਸ ਦੇ ਚੇਲੇ ਉਸ ਦੇ ਨਾਲ ਸਨ ਅਤੇ ਉਹ ਭੁੱਖੇ
ਸਨ, ਇਸ ਲਈ ਉਨ੍ਹਾਂ ਨੇ ਸਿੱਟੇ ਤੋੜ-ਤੋੜ ਕੇ ਖਾਣੇ ਸ਼ੁਰੂ ਕਰ ਦਿੱਤੇ।
2ਫ਼ਰੀਸੀਆਂ ਨੇ ਇਹ ਵੇਖਿਆ ਅਤੇ ਉਸ ਨੂੰ ਆਖਿਆ, "ਵੇਖ! ਤੇਰੇ
ਚੇਲੇ ਉਹ ਕਰ ਰਹੇ ਹਨ ਜੋ ਸਬਤ ਦੇ ਦਿਨ ਦੀ ਸ਼ਰ੍ਹਾ ਦੇ ਵਿਰੁੱਧ ਹੈ।"

3ਯਿਸੂ ਨੇ ਉਨ੍ਹਾਂ ਨੂੰ ਕਿਹਾ, "ਭਲਾ ਤੁਸੀਂ ਇਹ ਨਹੀਂ ਪੜ੍ਹਿਆ ਕਿ
ਦਾਊਦ ਨੇ ਕੀ ਕੀਤਾ ਸੀ ਜਦੋਂ ਉਹ ਅਤੇ ਉਸ ਦੇ ਸਾਥੀ ਭੁੱਖੇ ਸਨ?
4ਦਾਊਦ ਪਰਮੇਸ਼ੁਰ ਦੇ ਘਰ ਗਿਆ, ਉਸ ਨੇ ਅਤੇ ਉਸ ਦੇ ਸਾਥੀਆਂ
ਨੇ ਉੱਥੇ ਚੜ੍ਹਾਵੇ ਦੀਆਂ ਰੋਟੀਆਂ ਖਾਧੀਆਂ ਜਿਹੜੀਆਂ ਕਿ ਦਾਊਦ
ਅਤੇ ਉਸ ਦੇ ਸਾਥੀਆਂ ਲਈ ਖਾਣੀਆਂ ਯੋਗ ਨਹੀਂ ਸਨ। ਸਿਰਫ਼

[a] *11:21* **ਖੁਰਾਜ਼ੀਨ, ਬੈਤਸੈਦਾ** ਗਲੀਲੀ ਝੀਲ ਦੇ ਨੇੜੇ ਦੇ ਸ਼ਹਿਰ ਜਿੱਥੇ ਯਿਸੂ ਨੇ ਪ੍ਰਚਾਰ ਕੀਤਾ।

[b] *11:21* **ਸੂਰ ਅਤੇ ਸੈਦਾ** ਇਹ ਉਨ੍ਹਾਂ ਸ਼ਹਿਰਾਂ ਦੇ ਨਾਮ ਹਨ ਜਿੱਥੇ ਬੁਰੇ ਲੋਕ ਰਹਿੰਦੇ ਸਨ।

ਜਾਜਕਾਂ ਨੂੰ ਹੀ ਇਨ੍ਹਾਂ ਨੂੰ ਖਾਣ ਦੀ ਇਜਾਜ਼ਤ ਸੀ? **5**ਕੀ ਤੁਸੀਂ ਤੁਰੇਤ
ਵਿੱਚ ਇਹ ਨਹੀਂ ਪੜ੍ਹਿਆ ਕਿ ਹਰ ਸਬਤ ਦੇ ਦਿਨ ਮੰਦਰ ਵਿੱਚ
ਜਾਜਕ ਹੀ ਸਬਤ ਦੇ ਦਿਨ ਦੀ ਸ਼ਰ੍ਹਾ ਨੂੰ ਤੋੜਦੇ ਹਨ, ਅਤੇ ਫਿਰ ਵੀ
ਉਹ ਦੋਸ਼ੀ ਨਹੀਂ ਹਨ? **6**ਪਰ ਮੈਂ ਤੁਹਾਨੂੰ ਦੱਸਦਾ ਹਾਂ ਕਿ ਇੱਥੇ ਉਹ ਹੈ
ਜਿਹੜਾ ਮੰਦਰ ਨਾਲੋਂ ਵੀ ਮਹਾਨ ਹੈ। **7**ਪਵਿੱਤਰ ਪੁਸਤਕ ਵਿੱਚ ਕਿਹਾ
ਗਿਆ ਹੈ, 'ਮੈਂ ਜੀਵ ਬਲੀਦਾਨ ਨਹੀਂ ਚਾਹੁੰਦਾ, ਸਗੋਂ ਮੈਂ ਦਯਾ ਚਾਹੁੰਦਾ
ਹਾਂ।' ਜੇਕਰ ਤੁਸੀਂ ਇਸ ਦਾ ਅਰਥ ਜਾਣਦੇ ਹੁੰਦੇ ਤਾਂ ਤੁਸੀਂ ਉਨ੍ਹਾਂ ਲੋਕਾਂ
ਦਾ ਨਿਆਂ ਨਾ ਕਰਦੇ ਜਿਨ੍ਹਾਂ ਨੇ ਕੁਝ ਵੀ ਗਲਤ ਨਹੀਂ ਕੀਤਾ ਹੈ।
**8**"ਕਿਉਂ ਜੋ ਮਨੁੱਖ ਦਾ ਪੁੱਤਰ ਸਬਤ ਦੇ ਦਿਨ ਦਾ ਵੀ ਪ੍ਰਭੂ ਹੈ।"

## ਯਿਸੂ ਦਾ ਟੁੰਡੇ ਦੇ ਹੱਥ ਨੂੰ ਠੀਕ ਕਰਨਾ

*(ਮਰਕੁਸ 3:1–6; ਲੂਕਾ 6:6–11)*

**9**ਯਿਸੂ ਉਸ ਜਗ੍ਹਾ ਤੋਂ ਤੁਰ ਕੇ ਉੱਥੋਂ ਦੇ ਯਹੂਦੀ ਮੰਦਰ ਵਿੱਚ ਗਿਆ।
**10**ਉੱਥੇ ਇੱਕ ਮਨੁੱਖ ਸੀ ਜਿਸ ਦਾ ਹੱਥ ਸੁੱਕਿਆ ਹੋਇਆ ਸੀ। ਉੱਥੇ
ਕੁਝ ਯਹੂਦੀਆਂ ਨੇ ਯਿਸੂ ਦੇ ਜ਼ੁੰਮੇ ਇੱਕ ਦੋਸ਼ ਲਾਉਣ ਲਈ ਇਹ
ਕਹਿ ਕੇ ਉਸ ਨੂੰ ਪੁੱਛਿਆ, "ਕੀ ਸਬਤ ਦੇ ਦਿਨ ਕਿਸੇ ਨੂੰ ਚੰਗਾ ਕਰਨਾ
ਸ਼ਰਾ ਦੇ ਅਨੁਸਾਰ ਹੈ?"
**11**ਯਿਸੂ ਨੇ ਜਵਾਬ ਦਿੱਤਾ, "ਜੇਕਰ ਤੁਹਾਡੇ ਵਿੱਚੋਂ ਕਿਸੇ ਕੋਲ ਇੱਕ
ਭੇਡ ਹੋਵੇ ਅਤੇ ਜੇ ਸਬਤ ਦੇ ਦਿਨ ਉਹ ਟੋਏ ਵਿੱਚ ਡਿੱਗ ਪਵੇ, ਤਾਂ ਕੀ
ਤੁਸੀਂ ਉਸ ਨੂੰ ਟੋਏ ਵਿੱਚੋਂ ਨਹੀਂ ਕੱਢੋਗੇ? **12**ਨਿਸ਼ਚੇ ਹੀ ਆਦਮੀ ਭੇਡ
ਨਾਲੋਂ ਕਿਤੇ ਵੱਧ ਮੁੱਲਵਾਨ ਹੈ। ਇਸ ਲਈ ਸਬਤ ਦੇ ਦਿਨ ਚੰਗਾ
ਕਰਨਾ ਸ਼ਰਾ ਦੇ ਅਨੁਸਾਰ ਹੈ।"
**13**ਤਦ ਯਿਸੂ ਨੇ ਉਸ ਟੁੰਡੇ ਮਨੁੱਖ ਨੂੰ ਕਿਹਾ, "ਮੈਨੂੰ ਆਪਣਾ ਹੱਥ
ਵੇਖਣ ਦੇ।" ਜਦ ਉਸ ਮਨੁੱਖ ਨੇ ਆਪਣਾ ਹੱਥ ਯਿਸੂ ਅੱਗੇ ਕੀਤਾ
ਤਾਂ ਉਹ ਦੂਜੇ ਹੱਥ ਵਰਗਾ ਹੀ ਚੰਗਾ ਹੋ ਗਿਆ। **14**ਪਰ ਫ਼ਰੀਸੀ
ਪ੍ਰਾਰਥਨਾ ਸਥਾਨ ਤੋਂ ਵਿਦਾ ਹੋ ਗਏ ਅਤੇ ਉਨ੍ਹਾਂ ਨੇ ਯਿਸੂ ਨੂੰ ਮਾਰਨ
ਦੀਆਂ ਵਿਉਂਤਾਂ ਬਣਾਈਆਂ।

## ਯਿਸੂ, ਪਰਮੇਸ਼ੁਰ ਦਾ ਚੁਣਿਆ ਹੋਇਆ ਸੇਵਕ

**15**ਯਿਸੂ ਫ਼ਰੀਸੀਆਂ ਦੀਆਂ ਵਿਉਂਤਾਂ ਜਾਣ ਗਿਆ ਅਤੇ ਉਹ ਉਸ
ਜਗ੍ਹਾ ਤੋਂ ਚਲਾ ਗਿਆ। ਬਹੁਤ ਸਾਰੇ ਲੋਕ ਉਸ ਦੇ ਪਿੱਛੇ ਲੱਗ ਤੁਰੇ
ਅਤੇ ਉਸ ਨੇ ਉਨ੍ਹਾਂ ਸਾਰਿਆਂ ਨੂੰ ਚੰਗਾ ਕੀਤਾ, **16**ਅਤੇ ਉਨ੍ਹਾਂ ਨੂੰ
ਹਿਦਾਇਤ ਕੀਤੀ ਕਿ ਉਹ ਉਸ ਬਾਰੇ ਹੋਰਾਂ ਨੂੰ ਨਾ ਦੱਸਣ। **17**ਯਿਸੂ
ਨੇ ਇਹ ਸਭ ਨਬੀ ਯਸਾਯਾਹ ਦੇ ਇਨ੍ਹਾਂ ਸ਼ਬਦਾਂ ਨੂੰ ਪੂਰਾ ਕਰਨ
ਲਈ ਕੀਤਾ:

**18** "ਇਹ ਮੇਰਾ ਸੇਵਕ ਹੈ ਜਿਸ ਨੂੰ ਮੈਂ ਚੁਣਿਆ ਹੈ; ਮੇਰਾ
ਪਿਆਰਾ, ਜਿਸ ਤੋਂ ਮੈਂ ਪ੍ਰਸੰਨ ਹਾਂ। ਮੈਂ ਆਪਣਾ ਆਤਮਾ
ਉਸ ਉੱਤੇ ਰੱਖਾਂਗਾ, ਅਤੇ ਉਹ ਕੌਮਾਂ ਵਿੱਚ ਨਿਆਂ ਦਾ
ਐਲਾਨ ਕਰੇਗਾ।
**19** ਉਹ ਨਾ ਝਗੜਾ ਕਰੇਗਾ ਅਤੇ ਨਾ ਹੀ ਉੱਚੀ ਬੋਲੇਗਾ। ਨਾ
ਹੀ ਰਾਹਾਂ ਵਿੱਚ ਕੋਈ ਉਸ ਦੀ ਅਵਾਜ਼ ਸੁਣੇਗਾ।
**20** ਉਹ ਲਿਤਾੜੇ ਹੋਏ ਕਾਨੇ ਨੂੰ ਨਹੀਂ ਤੋੜੇਗਾ। ਉਹ ਉਸ ਦੀਵੇ
ਨੂੰ ਬਾਹਰ ਰੱਖੇਗਾ ਜੋ ਬੁਝਣ ਵਾਲਾ ਹੈ ਅਤੇ ਉਹ ਅਜਿਹਾ
ਉਦੋਂ ਤੱਕ ਕਰੇਗਾ ਜਦੋਂ ਤੱਕ ਉਹ ਨਿਰਪੱਖ ਨਿਆਂ ਦੀ ਜਿੱਤ
ਸਥਾਪਿਤ ਨਾ ਕਰ ਦੇਵੇ।
**21** ਅਤੇ ਕੌਮਾਂ ਉਸ ਉੱਤੇ ਆਪਣੀ ਆਸ ਰੱਖਣਗੀਆਂ।"

*ਯਸਾਯਾਹ 42:1–4*

## ਯਿਸੂ ਨੂੰ ਪਰਮੇਸ਼ੁਰ ਵੱਲੋਂ ਸ਼ਕਤੀ

*(ਮਰਕੁਸ 3:20–30; ਲੂਕਾ 11:14–23; 12:10)*

**22**ਫ਼ੇਰ ਲੋਕ ਇੱਕ ਅੰਨ੍ਹੇ ਅਤੇ ਗੂੰਗੇ ਮਨੁੱਖ ਨੂੰ ਜਿਸ ਨੂੰ ਭੂਤ
ਚਿੰਬੜਿਆ ਹੋਇਆ ਸੀ, ਉਸ ਦੇ ਕੋਲ ਲਿਆਏ ਅਤੇ ਯਿਸੂ ਨੇ
ਉਸ ਨੂੰ ਅਜਿਹਾ ਚੰਗਾ ਕੀਤਾ ਕਿ ਉਹ ਬੋਲਣ ਅਤੇ ਵੇਖਣ ਲੱਗਾ।
**23**ਸਾਰੇ ਲੋਕ ਹੈਰਾਨ ਸਨ ਅਤੇ ਆਖਿਆ, "ਕੀ ਇਹ ਆਦਮੀ
ਦਾਊਦ ਦਾ ਪੁੱਤਰ ਤਾਂ ਨਹੀਂ ਜਿਸ ਨੂੰ ਪਰਮੇਸ਼ੁਰ ਨੇ ਸਾਡੇ ਲੋਕਾਂ ਵਿੱਚ
ਭੇਜਣ ਦਾ ਵਾਅਦਾ ਕੀਤਾ ਸੀ।"
**24**ਫ਼ਰੀਸੀਆਂ ਨੇ ਲੋਕਾਂ ਨੂੰ ਇਸ ਤਰ੍ਹਾਂ ਕਹਿੰਦਿਆਂ ਸੁਣਿਆ ਅਤੇ
ਆਖਿਆ, "ਉਹ ਭੂਤਾਂ ਦੇ ਸ਼ਾਸਕ ਬਆਲ-ਜ਼ਬੂਲ ਦੀ ਸਹਾਇਤਾ
ਨਾਲ ਲੋਕਾਂ ਵਿੱਚੋਂ ਭੂਤਾਂ ਨੂੰ ਕੱਢਦਾ ਹੈ।"
**25**ਪਰ ਉਸ ਨੇ ਉਨ੍ਹਾਂ ਦਾ ਸੋਚ-ਵਿਚਾਰ ਜਾਣ ਕੇ ਉਨ੍ਹਾਂ ਨੂੰ ਆਖਿਆ,
"ਹਰ ਉਹ ਰਾਜ ਜੋ ਆਪਣੇ-ਆਪ ਨਾਲ ਲੜਦਾ ਹੈ, ਨਸ਼ਟ ਹੋ ਜਾਂਦਾ
ਹੈ, ਅਤੇ ਉਹ ਸ਼ਹਿਰ ਜਾਂ ਪਰਿਵਾਰ ਜੋ ਆਪਣੇ ਆਪ ਨਾਲ ਲੜਦਾ
ਹੈ, ਖੜ੍ਹਾ ਨਹੀਂ ਰਹਿ ਸਕਦਾ। **26**ਅਤੇ ਜੇ ਸ਼ੈਤਾਨ ਆਪਣੇ ਹੀ ਭੂਤਾਂ
ਨੂੰ ਬਾਹਰ ਕੱਢਦਾ ਹੈ, ਤਾਂ ਸ਼ੈਤਾਨ ਆਪਣੇ ਹੀ ਖਿਲਾਫ਼ ਲੜ ਰਿਹਾ
ਹੈ। ਇਸ ਤਰ੍ਹਾਂ ਉਸ ਦਾ ਰਾਜ ਨਹੀਂ ਚੱਲ ਸਕਦਾ? **27**ਜੇਕਰ ਮੈਂ ਭੂਤਾਂ
ਨੂੰ ਕੱਢਣ ਵਾਸਤੇ ਬਆਲ-ਜ਼ਬੂਲ ਦੀ ਸ਼ਕਤੀ ਦੀ ਵਰਤੋਂ ਕਰਦਾ ਹਾਂ,
ਤਾਂ ਤੁਹਾਡੇ ਚੇਲੇ ਭੂਤ ਕੱਢਣ ਵਾਸਤੇ ਕਿਸ ਸ਼ਕਤੀ ਦੀ ਵਰਤੋਂ ਕਰਦੇ
ਹਨ? ਇਸ ਲਈ ਤੁਹਾਡੇ ਆਪਣੇ ਲੋਕ ਇਹ ਸਾਬਤ ਕਰ ਦਿੰਦੇ
ਹਨ ਕਿ ਤੁਸੀਂ ਗਲਤ ਹੋ। **28**ਪਰ ਜੇ ਮੈਂ ਪਰਮੇਸ਼ੁਰ ਦੇ ਆਤਮਾ ਦੀ
ਸਹਾਇਤਾ ਨਾਲ ਭੂਤਾਂ ਨੂੰ ਕੱਢਦਾ ਹਾਂ ਤਾਂ ਇਸ ਦਾ ਮਤਲਬ ਹੈ ਕਿ
ਪਰਮੇਸ਼ੁਰ ਦਾ ਰਾਜ ਤੁਹਾਡੇ ਉੱਤੇ ਆ ਪਹੁੰਚਿਆ ਹੈ। **29**ਜੇਕਰ ਕੋਈ
ਮਨੁੱਖ ਕਿਸੇ ਜ਼ੋਰਾਵਰ ਦੇ ਘਰ ਵਿੱਚ ਵੜ ਕੇ ਉਸ ਦਾ ਮਾਲ ਚੋਰੀ
ਕਰਨਾ ਚਾਹੇ ਤਾਂ ਪਹਿਲਾਂ ਉਹ ਉਸ ਜ਼ੋਰਾਵਰ ਨੂੰ ਬੰਨ੍ਹੇਗਾ, ਤਾਂ ਹੀ ਉਹ
ਜ਼ੋਰਾਵਰ ਦੇ ਘਰੋਂ ਮਾਲ ਚੋਰੀ ਕਰ ਸਕਦਾ ਹੈ। **30**ਜੋ ਕੋਈ ਮੇਰੇ ਨਾਲ
ਨਹੀਂ ਹੈ ਉਹ ਮੇਰੇ ਖਿਲਾਫ਼ ਹੈ। ਜੋ ਕੋਈ ਮੇਰੇ ਨਾਲ ਨਾਲ ਨਹੀਂ ਜੁੜਦਾ
ਉਹ ਖਿੰਡ ਜਾਂਦਾ ਹੈ।
**31**"ਇਸ ਲਈ ਮੈਂ ਤੁਹਾਨੂੰ ਦੱਸਦਾ ਹਾਂ ਕਿ ਹਰ ਪਾਪ ਅਤੇ ਹਰ
ਕੁਫ਼ਰ ਲਈ ਮਾਫ਼ੀ ਹੈ ਜਿਹੜਾ ਲੋਕ ਕਰਦੇ ਅਤੇ ਕਹਿੰਦੇ ਹਨ। ਪਰ
ਉਹ ਕੁਫ਼ਰ ਜਿਹੜਾ ਪਵਿੱਤਰ ਆਤਮਾ ਦੇ ਵਿਰੁੱਧ ਹੋਵੇ, ਮਾਫ਼ ਨਹੀਂ
ਕੀਤਾ ਜਾਵੇਗਾ। **32**ਅਤੇ ਜੇ ਕੋਈ ਮਨੁੱਖ ਦੇ ਪੁੱਤਰ ਵਿਰੁੱਧ ਗੱਲ
ਕਰੇ ਉਸ ਨੂੰ ਮਾਫ਼ ਕੀਤਾ ਜਾਵੇਗਾ ਪਰ ਜੇ ਕੋਈ ਪਵਿੱਤਰ ਆਤਮਾ
ਦੇ ਵਿਰੁੱਧ ਗੱਲ ਕਰੇ ਤਾਂ ਉਸ ਨੂੰ ਨਾ ਇਸ ਯੁਗ ਵਿੱਚ ਅਤੇ ਨਾ ਹੀ
ਆਉਣ ਵਾਲੇ ਯੁਗ ਵਿੱਚ ਮਾਫ਼ ਕੀਤਾ ਜਾਵੇਗਾ।

## ਤੁਹਾਡੀ ਕਰਨੀ ਤੋਂ ਪਤਾ ਲੱਗਦਾ ਹੈ ਕਿ ਤੁਸੀਂ ਕੀ ਹੋ

*(ਲੂਕਾ 6:43–45)*

**33**"ਜੇਕਰ ਤੁਹਾਨੂੰ ਚੰਗਾ ਫ਼ਲ ਚਾਹੀਦਾ ਹੈ ਤਾਂ ਰੁੱਖ ਨੂੰ ਚੰਗਾ ਬਣਾਓ।
ਜੇਕਰ ਤੁਹਾਡਾ ਰੁੱਖ ਬੁਰਾ ਹੈ ਤਾਂ ਇਸ ਦਾ ਫ਼ਲ ਵੀ ਭੈੜਾ ਹੋਵੇਗਾ,
ਕਿਉਂਕਿ ਬਿਰਛ ਆਪਣੇ ਫ਼ਲੋਂ ਹੀ ਪਛਾਣਿਆ ਜਾਂਦਾ ਹੈ। **34**ਹੇ ਸੱਪਾਂ
ਦੇ ਬੱਚਿਓ! ਕੀ ਤੁਸੀਂ ਬੁਰੇ ਹੋ ਕੇ ਚੰਗੀਆਂ ਗੱਲਾਂ ਕਰ ਸਕਦੇ ਹੋ?
ਤੁਹਾਡਾ ਦਿਲ ਜਿਸ ਨਾਲ ਭਰਿਆ ਹੈ, ਤੁਹਾਡਾ ਮੂੰਹ ਉਹੀ ਬੋਲਦਾ
ਹੈ। **35**ਇੱਕ ਚੰਗੇ ਵਿਅਕਤੀ ਦੇ ਦਿਲ ਵਿੱਚ ਚੰਗੀਆਂ ਗੱਲਾਂ ਦਾ
ਭੰਡਾਰ ਹੁੰਦਾ ਹੈ, ਇਸ ਲਈ ਉਹ ਆਪਣੇ ਦਿਲੋਂ ਚੰਗੀਆਂ ਗੱਲਾਂ
ਬੋਲਦਾ ਹੈ। ਅਤੇ ਦੁਸ਼ਟ ਆਦਮੀ ਬੁਰੀਆਂ ਗੱਲਾਂ ਰੱਖਦਾ ਹੈ, ਇਸ
ਲਈ ਉਹ ਦਿਲੋਂ ਬੁਰਾ ਬੋਲਦਾ ਹੈ। **36**ਪਰ ਮੈਂ ਤੁਹਾਨੂੰ ਆਖਦਾ ਹਾਂ

ਕਿ ਹਰੇਕ ਅਕਾਰਥ ਗੱਲ ਲਈ ਜਿਹੜੀ ਮਨੁੱਖ ਬੋਲਣਗੇ, ਨਿਆਂ
ਦੇ ਦਿਨ ਉਸ ਦਾ ਹਿਸਾਬ ਦੇਣਗੇ। 37ਤੁਹਾਡੇ ਸ਼ਬਦਾਂ ਤੋਂ ਤੁਸੀਂ
ਧਰਮੀ ਮੰਨੇ ਜਾਓਗੇ। ਤੁਹਾਡੇ ਸ਼ਬਦਾਂ ਤੋਂ ਤੁਹਾਡੇ ਦੋਸ਼ੀ ਹੋਣ ਦਾ
ਨਿਆਂ ਕੀਤਾ ਜਾਵੇਗਾ।”

## ਯਹੂਦੀਆਂ ਵੱਲੋਂ ਯਿਸੂ ਤੋਂ ਨਿਸ਼ਾਨ ਮੰਗਣਾ

*(ਮਰਕੁਸ 8:11–12; ਲੂਕਾ 11:29–32)*

38ਤਦ ਨੇਮ ਦੇ ਕੁਝ ਉਪਦੇਸ਼ਕਾਂ ਅਤੇ ਫ਼ਰੀਸੀਆਂ ਨੇ ਪੁੱਛਿਆ,
“ਗੁਰੂ, ਅਸੀਂ ਤੈਥੋਂ ਨਿਸ਼ਾਨ ਵਜੋਂ ਕੋਈ ਕਰਿਸ਼ਮਾ ਵੇਖਣਾ ਚਾਹੁੰਦੇ ਹਾਂ।”
39ਯਿਸੂ ਨੇ ਉੱਤਰ ਦਿੱਤਾ, “ਦੁਸ਼ਟ ਅਤੇ ਪਾਪੀ ਲੋਕ ਹੀ ਨਿਸ਼ਾਨ
ਵਜੋਂ ਕਰਿਸ਼ਮਾ ਵੇਖਣਾ ਲੋਚਦੇ ਹਨ। ਪਰ ਉਨ੍ਹਾਂ ਲੋਕਾਂ ਨੂੰ ਸਬੂਤ ਵਜੋਂ
ਕੋਈ ਨਿਸ਼ਾਨ ਨਹੀਂ ਦਿੱਤਾ ਜਾਵੇਗਾ, ਸਿਵਾਏ ਉਸ ਨਿਸ਼ਾਨ ਦੇ ਜੋ
ਨਬੀ ਯੂਨਾਹ ਨਾਲ ਵਾਪਰਿਆ। 40ਜਿਵੇਂ ਯੂਨਾਹ ਤਿੰਨ ਦਿਨ ਅਤੇ
ਤਿੰਨ ਰਾਤ ਵੱਡੀ ਮੱਛੀ ਦੇ ਢਿੱਡ ਵਿੱਚ ਰਿਹਾ, ਉਸੇ ਤਰ੍ਹਾਂ ਮਨੁੱਖ ਦਾ
ਪੁੱਤਰ ਵੀ ਤਿੰਨ ਦਿਨ ਅਤੇ ਤਿੰਨ ਰਾਤ ਧਰਤੀ ਦੇ ਅੰਦਰ ਰਹੇਗਾ।
41ਨੀਨਵਾਹ ਦੇ ਲੋਕ ਅਤੇ ਉਹ ਲੋਕ ਜੋ ਅੱਜ ਜਿਉਂਦੇ ਹਨ, ਨਿਆਂ ਦੇ
ਦਿਨ ਉੱਠ ਖੜ੍ਹੇ ਹੋਣਗੇ ਅਤੇ ਇਨ੍ਹਾਂ ਨੂੰ ਦੋਸ਼ੀ ਠਹਿਰਾਉਣਗੇ, ਕਿਉਂਕਿ
ਯੂਨਾਹ ਦਾ ਪ੍ਰਚਾਰ ਸੁਣ ਕੇ ਉਨ੍ਹਾਂ ਨੇ ਆਪਣੇ ਜੀਵਨ ਬਦਲ ਲਏ।
ਅਤੇ ਮੈਂ ਤੁਹਾਨੂੰ ਦੱਸਦਾ ਹਾਂ ਕਿ ਕੋਈ ਯੂਨਾਹ ਤੋਂ ਵੀ ਵੱਡਾ ਇੱਥੇ ਹੈ।
42“ਦੱਖਣ ਦੀ ਰਾਣੀ ਵੀ ਇਸ ਪੀੜ੍ਹੀ ਦੇ ਲੋਕਾਂ ਨਾਲ ਨਿਆਂ ਦੇ
ਦਿਨ ਉੱਠ ਖੜ੍ਹੀ ਹੋਵੇਗੀ ਅਤੇ ਉਹ ਦਿਖਾਵੇਗੀ ਕਿ ਤੁਸੀਂ ਗਲਤ
ਹੋ। ਕਿਉਂਕਿ ਉਹ ਦੂਰ-ਦੁਰਾਡਿਓਂ ਸੁਲੇਮਾਨ ਦਾ ਉਪਦੇਸ਼ ਸੁਣਨ
ਆਈ ਸੀ ਅਤੇ ਮੈਂ ਤੁਹਾਨੂੰ ਦੱਸਦਾ ਹਾਂ ਕਿ ਕੋਈ ਸੁਲੇਮਾਨ ਤੋਂ ਵੀ
ਵੱਡਾ ਇੱਥੇ ਹੈ!

## ਅੱਜ ਦੇ ਲੋਕ ਦੁਸ਼ਟ ਹਨ

*(ਲੂਕਾ 11:24–26)*

43“ਪਰ ਜਦੋਂ ਦੁਸ਼ਟ ਆਤਮਾ ਮਨੁੱਖ ਵਿੱਚੋਂ ਨਿੱਕਲ ਗਿਆ ਹੋਵੇ ਤਾਂ
ਉਹ ਖੁਸ਼ਕ ਥਾਵਾਂ ਵਿੱਚ ਅਰਾਮ ਭਾਲਦਾ ਫ਼ਿਰਦਾ ਹੈ ਪਰ ਉਸ ਨੂੰ
ਕੋਈ ਅਰਾਮ ਦੀ ਜਗ੍ਹਾ ਨਹੀਂ ਲੱਭਦੀ। 44ਤਦ ਉਹ ਆਖਦਾ ਹੈ,
‘ਮੈਂ ਆਪਣੇ ਘਰ ਜਿੱਥੋਂ ਮੈਂ ਨਿੱਕਲਿਆ ਸੀ, ਉੱਥੇ ਹੀ ਮੁੜ ਜਾਵਾਂਗਾ।’
ਅਤੇ ਜਦੋਂ ਉਹ ਮੁੜ ਉਸ ਘਰ ਪਰਤਦਾ ਹੈ ਤਾਂ ਉਹ ਵੇਖਦਾ ਹੈ ਕਿ
ਉਹ ਘਰ ਸੁੰਨਾ, ਝਾੜਿਆ ਅਤੇ ਸਵਾਰਿਆ ਹੋਇਆ ਹੈ। 45ਤਦ
ਉਹ ਦੁਸ਼ਟ ਆਤਮਾ ਜਾਂਦਾ ਹੈ ਅਤੇ ਆਪਣੇ ਤੋਂ ਵੀ ਵੱਧ ਭੈੜੇ ਸੱਤ
ਹੋਰ ਦੁਸ਼ਟ ਆਤਮੇ ਨਾਲ ਲਿਆਉਂਦਾ ਹੈ। ਫ਼ਿਰ ਉਹ ਸਾਰੇ ਆਤਮੇ
ਉਸ ਮਨੁੱਖ ਅੰਦਰ ਜਾ ਵੱਸਦੇ ਹਨ। ਅਤੇ ਉਸ ਮਨੁੱਖ ਦਾ ਹਾਲ
ਪਹਿਲਾਂ ਨਾਲੋਂ ਵੀ ਵੱਧ ਬੁਰਾ ਹੋ ਜਾਂਦਾ ਹੈ। ਇਹੀ ਦੁਸ਼ਟ ਲੋਕਾਂ ਨਾਲ
ਵਾਪਰੇਗਾ ਜੋ ਅੱਜ ਜਿਉਂਦੇ ਹਨ।”

## ਯਿਸੂ ਦੇ ਚੇਲੇ ਹੀ ਉਸ ਦਾ ਪਰਿਵਾਰ

*(ਮਰਕੁਸ 3:31–35; ਲੂਕਾ 8:19–21)*

46ਜਦੋਂ ਯਿਸੂ ਲੋਕਾਂ ਨਾਲ ਗੱਲਾਂ ਕਰ ਰਿਹਾ ਸੀ ਤਾਂ ਉਸ ਦੀ ਮਾਤਾ
ਅਤੇ ਭਰਾ ਉਸ ਨਾਲ ਗੱਲ ਕਰਨ ਲਈ ਬਾਹਰ ਖੜ੍ਹੇ ਸਨ। 47ਤਦ
ਇੱਕ ਬੰਦੇ ਨੇ ਉਸ ਨੂੰ ਆਖਿਆ, “ਬਾਹਰ ਤੇਰੀ ਮਾਤਾ ਅਤੇ ਭਰਾ
ਤੇਰੇ ਨਾਲ ਗੱਲ ਕਰਨੀ ਚਾਹੁੰਦੇ ਹਨ।”
48ਯਿਸੂ ਨੇ ਉਸ ਨੂੰ ਉੱਤਰ ਦਿੱਤਾ, “ਕੌਣ ਹੈ ਮੇਰੀ ਮਾਤਾ ਅਤੇ
ਕੌਣ ਹਨ ਮੇਰੇ ਭਰਾ?” 49ਅਤੇ ਉਸ ਨੇ ਆਪਣੇ ਚੇਲੇ ਵਿਖਾਏ ਅਤੇ
ਆਖਿਆ, “ਵੇਖੋ ਇਹੀ ਮੇਰੀ ਮਾਤਾ ਹੈ ਅਤੇ ਇਹੀ ਮੇਰੇ ਭਰਾ ਹਨ।
50ਕਿਉਂਕਿ ਜੋ ਕੋਈ ਵੀ ਮੇਰੇ ਸਵਰਗੀ ਪਿਤਾ ਦੀ ਇੱਛਾ ਪੂਰੀ ਕਰਦਾ
ਹੈ ਉਹੀ ਮੇਰਾ ਭਰਾ, ਭੈਣ ਅਤੇ ਮਾਤਾ ਹੈ।”

## ਯਿਸੂ ਦਾ ਬੀਜ ਬੀਜਣ ਬਾਰੇ ਉਪਦੇਸ਼

*(ਮਰਕੁਸ 4:1–9; ਲੂਕਾ 8:4–8)*

**13** 1ਉਸੇ ਦਿਨ ਯਿਸੂ ਘਰੋਂ ਨਿੱਕਲ ਕੇ ਝੀਲ ਦੇ ਨੇੜੇ ਜਾ
ਬੈਠਾ। 2ਜਦੋਂ ਬਹੁਤ ਭੀੜ ਉਸ ਦੇ ਆਸ-ਪਾਸ ਇਕੱਠੀ
ਹੋ ਗਈ ਤਾਂ ਉਹ ਬੇੜੀ ਤੇ ਚੜ੍ਹ ਬੈਠ ਗਿਆ ਅਤੇ ਸਾਰੇ ਲੋਕ ਕੰਢੇ ਤੇ
ਖੜ੍ਹੇ ਸਨ। 3ਫ਼ਿਰ ਯਿਸੂ ਨੇ ਦ੍ਰਿਸ਼ਟਾਂਤਾਂ ਵਿੱਚ ਬਹੁਤ ਸਾਰੀਆਂ ਗੱਲਾਂ
ਸਮਝਾਈਆਂ। ਉਸ ਨੇ ਆਖਿਆ,
“ਵੇਖੋ ਇੱਕ ਕਿਸਾਨ ਬੀਜ ਬੀਜਣ ਲਈ ਬਾਹਰ ਗਿਆ। 4ਜਦੋਂ
ਉਹ ਬੀਜ, ਬੀਜ ਰਿਹਾ ਸੀ ਤਾਂ ਕੁਝ ਬੀਜ ਬੀਜਦੇ ਹੋਏ ਸੜਕ ਵੱਲ
ਡਿੱਗ ਪਏ ਅਤੇ ਪੰਛੀ ਆਏ ਤੇ ਉਹ ਡਿੱਗੇ ਹੋਏ ਬੀਜ ਨੂੰ ਚੁਗ ਗਏ।
5ਕੁਝ ਬੀਜ ਪਥਰੀਲੀ ਜ਼ਮੀਨ ਤੇ ਡਿੱਗ ਪਏ ਅਤੇ ਉਨ੍ਹਾਂ ਨੂੰ ਬਹੁਤੀ
ਮਿੱਟੀ ਨਾ ਮਿਲੀ। ਉੱਥੇ ਬੀਜ ਬਹੁਤ ਜਲਦੀ ਉੱਗੇ ਕਿਉਂਕਿ ਜ਼ਮੀਨ
ਕਾਫ਼ੀ ਡੂੰਘੀ ਨਹੀਂ ਸੀ। 6ਪਰ ਜਦੋਂ ਸੂਰਜ ਚੜ੍ਹਿਆ ਤਾਂ ਬੂਟੇ ਸੜ
ਗਏ। ਉਹ ਇਸ ਲਈ ਮੁਰਝਾ ਗਏ ਕਿਉਂਕਿ ਉਨ੍ਹਾਂ ਦੀਆਂ ਜੜ੍ਹਾਂ
ਡੂੰਘੀਆਂ ਨਹੀਂ ਸਨ। 7ਕੁਝ ਬੀਜ ਕੰਡਿਆਂ ਵਿੱਚ ਡਿੱਗ ਪਏ ਅਤੇ
ਕੰਡਿਆਲੀਆਂ ਝਾੜੀਆਂ ਵਧੀਆਂ ਅਤੇ ਉਨ੍ਹਾਂ ਨੇ ਪੌਦਿਆਂ ਨੂੰ ਦਬਾ
ਲਿਆ। 8ਕੁਝ ਬੀਜ ਚੰਗੀ ਜ਼ਮੀਨ ਵਿੱਚ ਡਿੱਗ ਪਏ। ਉਹ ਪੌਦੇ
ਬਣ ਗਏ ਅਤੇ ਅਨਾਜ ਪੈਦਾ ਕੀਤਾ। ਕੁਝ ਪੌਦਿਆਂ ਤੋਂ ਸੌ ਗੁਣਾ
ਵੱਧ ਅਨਾਜ ਪੈਦਾ ਹੋਇਆ, ਕੁਝ ਤੋਂ ਸੱਠ ਗੁਣਾ ਵੱਧ ਅਤੇ ਕੁਝ
ਤੋਂ ਤੀਹ ਗੁਣਾ ਵੱਧ ਅਨਾਜ ਪੈਦਾ ਹੋਇਆ। 9ਤੁਸੀਂ ਜੋ ਲੋਕ ਮੈਨੂੰ
ਸੁਣਦੇ ਹੋ, ਸੁਣੋ!”

## ਯਿਸੂ ਨੇ ਉਪਦੇਸ਼ ਲਈ ਦ੍ਰਿਸ਼ਟਾਂਤ ਕਿਉਂ ਵਰਤੇ

*(ਮਰਕੁਸ 4:10–12; ਲੂਕਾ 8:9–10)*

10ਚੇਲਿਆਂ ਨੇ ਯਿਸੂ ਕੋਲ ਆ ਕੇ ਉਸ ਨੂੰ ਕਿਹਾ, “ਤੂੰ ਉਨ੍ਹਾਂ ਨੂੰ
ਦ੍ਰਿਸ਼ਟਾਂਤਾਂ ਵਿੱਚ ਉਪਦੇਸ਼ ਕਿਉਂ ਦਿੰਦਾ ਹੈਂ?”
11ਉਸ ਨੇ ਉਨ੍ਹਾਂ ਨੂੰ ਉੱਤਰ ਦਿੱਤਾ, “ਸਵਰਗ ਦੇ ਰਾਜ ਦੇ ਭੇਤਾਂ ਦੀ
ਸਮਝ ਤੁਹਾਨੂੰ ਦਿੱਤੀ ਗਈ ਹੈ ਪਰ ਉਨ੍ਹਾਂ ਨੂੰ ਨਹੀਂ ਦਿੱਤੀ ਗਈ ਹੈ।
12ਕਿਉਂਕਿ ਜਿਸ ਕੋਲ ਹੈ ਉਸ ਨੂੰ ਹੋਰ ਦਿੱਤਾ ਜਾਵੇਗਾ। ਉਹ ਆਪਣੀ
ਜ਼ਰੂਰਤ ਤੋਂ ਵੱਧ ਪ੍ਰਾਪਤ ਕਰੇਗਾ। ਪਰ ਜਿਸ ਕਿਸੇ ਕੋਲ ਨਹੀਂ ਹੈ,
ਜੋ ਥੋੜਾ ਜਿਹਾ ਉਸ ਕੋਲ ਹੈ ਉਸ ਤੋਂ ਉਹ ਵੀ ਲੈ ਲਿਆ ਜਾਵੇਗਾ।
13ਇਸ ਲਈ ਮੈਂ ਉਨ੍ਹਾਂ ਨਾਲ ਦ੍ਰਿਸ਼ਟਾਂਤਾਂ ਵਿੱਚ ਗੱਲਾਂ ਕਰਦਾ ਹਾਂ,
ਕਿਉਂਕਿ ਉਹ ਵੇਖਦੇ ਹੋਵੇ ਵੀ ਨਹੀਂ ਵੇਖਦੇ ਅਤੇ ਸੁਣਦੇ ਹੋਏ ਵੀ ਨਹੀਂ
ਸੁਣਦੇ ਅਤੇ ਨਾ ਹੀ ਸਮਝਦੇ ਹਨ। 14ਇਸ ਲਈ ਜੋ ਯਸਾਯਾਹ ਨੇ
ਆਖਿਆ ਉਨ੍ਹਾਂ ਦੇ ਮਾਮਲੇ ਵਿੱਚ ਸੱਚ ਹੋਇਆ:

‘ਤੁਸੀਂ ਲੋਕ ਹਮੇਸ਼ਾ ਸੁਣਦੇ ਰਹੋਗੇ ਪਰ ਸਮਝੋਗੇ ਨਹੀਂ।
ਤੁਸੀਂ ਲੋਕ ਹਮੇਸ਼ਾ ਵੇਖਦੇ ਰਹੋਗੇ ਪਰ ਦੇਖੋਗੇ ਨਹੀਂ।
15 ਕਿਉਂਕਿ ਇਨ੍ਹਾਂ ਲੋਕਾਂ ਦੇ ਦਿਲ ਸਖਤ ਹੋ ਗਏ ਹਨ, ਇਨ੍ਹਾਂ
ਦੇ ਕੰਨ ਬੋਲੇ ਹੋ ਗਏ ਹਨ ਅਤੇ ਇਨ੍ਹਾਂ ਨੇ ਆਪਣੀਆਂ
ਅੱਖਾਂ ਬੰਦ ਕਰ ਲਈਆਂ ਹਨ, ਤਾਂ ਜੋ ਇਹ ਆਪਣੀਆਂ
ਅੱਖਾਂ ਨਾਲ ਨਾ ਵੇਖ ਸਕਣ ਅਤੇ ਨਾ ਆਪਣੇ ਕੰਨਾਂ ਨਾਲ
ਸੁਣ ਸਕਣ, ਅਤੇ ਮੇਰੇ ਕੋਲ ਵਾਪਸ ਆਉਣ ਤਾਂ ਜੋ ਮੈਂ
ਉਨ੍ਹਾਂ ਨੂੰ ਚੰਗਾ ਕਰਾਂ।’ *ਯਸਾਯਾਹ 6:9–10*

16ਪਰ ਤੁਹਾਡੀਆਂ ਅੱਖੀਆਂ ਧੰਨ ਹਨ, ਕਿਉਂਕਿ ਉਹ ਵੇਖਦੀਆਂ ਹਨ
ਅਤੇ ਤੁਹਾਡੇ ਕੰਨ ਧੰਨ ਹਨ, ਕਿਉਂਕਿ ਉਹ ਸੁਣਦੇ ਹਨ। 17ਮੈਂ ਤੁਹਾਨੂੰ
ਸੱਚ ਕਹਿੰਦਾ ਹਾਂ ਕਿ ਬਹੁਤ ਸਾਰੇ ਨਬੀ ਅਤੇ ਚੰਗੇ ਲੋਕ ਉਹ ਗੱਲਾਂ
ਵੇਖਣੀਆਂ ਚਾਹੁੰਦੇ ਸਨ ਜੋ ਤੁਸੀਂ ਹੁਣ ਵੇਖੀਆਂ ਹਨ, ਪਰ ਉਨ੍ਹਾਂ ਨੇ
ਇਹ ਗੱਲਾਂ ਨਾ ਵੇਖੀਆਂ। ਉਹ ਗੱਲਾਂ ਸੁਣਨੀਆਂ ਚਾਹੁੰਦੇ ਸਨ ਜੋ ਹੁਣ
ਤੁਸੀਂ ਸੁਣਦੇ ਹੋ, ਪਰ ਉਨ੍ਹਾਂ ਨੇ ਨਾ ਸੁਣੀਆਂ।

## ਯਿਸੂ ਵੱਲੋਂ ਬੀਜ ਬਾਰੇ ਵਿਆਖਿਆ

*(ਮਰਕੁਸ 4:13–20; ਲੂਕਾ 8:11–15)*

18“ਇਸ ਲਈ ਬੀਜਣ ਵਾਲੇ ਦ੍ਰਿਸ਼ਟਾਂਤ ਦਾ ਅਰਥ ਸੁਣੋ।
19“ਕੋਈ ਵਿਅਕਤੀ ਰਾਜ ਬਾਰੇ ਉਪਦੇਸ਼ ਸੁਣਦਾ ਹੈ, ਪਰ ਇਸ
ਨੂੰ ਸਮਝਦਾ ਨਹੀਂ। ਤਦ ਦੁਸ਼ਟ ਆਉਂਦਾ ਹੈ ਅਤੇ ਜੋ ਕੁਝ ਵੀ ਉਸ
ਦੇ ਦਿਲ ਵਿੱਚ ਬੀਜਿਆ ਹੋਇਆ ਹੈ, ਪੁੱਟ ਲੈ ਜਾਂਦਾ ਹੈ। ਇਹ ਉਹੀ
ਹੈ ਜੋ ਰਾਹ ਦੇ ਪਾਸੇ ਤੇ ਬੀਜਿਆ ਗਿਆ ਸੀ।
20“ਅਤੇ ਜਿਹੜਾ ਬੀਜ ਪਥਰੀਲੀ ਧਰਤੀ ਤੇ ਬੀਜਿਆ ਗਿਆ
ਸੀ, ਉਹ ਉਸ ਵਿਅਕਤੀ ਵਰਗਾ ਹੈ ਜੋ ਉਪਦੇਸ਼ ਸੁਣਦਾ ਹੈ ਅਤੇ
ਝੱਟ ਖੁਸ਼ੀ ਨਾਲ ਉਸ ਨੂੰ ਮੰਨ ਲੈਂਦਾ ਹੈ। 21ਪਰ ਉਹ ਵਿਅਕਤੀ
ਉਪਦੇਸ਼ਾਂ ਨੂੰ ਡੂੰਘਿਆਈ ਨਾਲ ਨਹੀਂ ਲੈਂਦਾ ਅਤੇ ਉਹ ਥੋੜਾ ਚਿਰ ਹੀ
ਰਹਿੰਦੇ ਹਨ। ਜਦੋਂ ਇਨ੍ਹਾਂ ਉਪਦੇਸ਼ਾਂ ਕਾਰਣ ਉਸ ਨੂੰ ਦੁੱਖ ਜਾਂ ਕਸ਼ਟ
ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਹ ਝੱਟ ਆਪਣਾ ਵਿਸ਼ਵਾਸ
ਛੱਡ ਦਿੰਦਾ ਹੈ।
22“ਜਿਹੜਾ ਬੀਜ ਕੰਡਿਆਲਿਆਂ ਤੇ ਡਿੱਗਿਆ, ਉਹ ਉਸ
ਵਿਅਕਤੀ ਵਰਗਾ ਹੈ ਜੋ ਉਪਦੇਸ਼ ਨੂੰ ਸੁਣਦਾ ਹੈ ਪਰ ਇਸ ਜ਼ਿੰਦਗੀ
ਦੀ ਚਿੰਤਾ ਅਤੇ ਧਨ ਦਾ ਮਾਇਆ ਜਾਲ ਉਸ ਉਪਦੇਸ਼ ਦੇ ਵਧਣ
ਵਿੱਚ ਵਿਘਨ ਪਾ ਦਿੰਦਾ ਹੈ। ਇਸ ਲਈ ਉਹ ਕੋਈ ਫ਼ਲ ਪੈਦਾ ਨਹੀਂ
ਕਰ ਸਕਦਾ।
23“ਪਰ ਜਿਹੜਾ ਬੀਜ ਉਪਜਾਊ ਜ਼ਮੀਨ ਤੇ ਡਿੱਗਿਆ ਉਹ ਉਸ
ਵਿਅਕਤੀ ਵਰਗਾ ਹੈ ਜੋ ਉਪਦੇਸ਼ ਨੂੰ ਸੁਣਦਾ ਅਤੇ ਸਮਝਦਾ ਹੈ। ਉਹ
ਜ਼ਰੂਰ ਚੰਗਾ ਫ਼ਲ ਦਿੰਦਾ ਹੈ। ਕੋਈ ਸੌ ਗੁਣਾ, ਕੋਈ ਸੱਠ ਗੁਣਾ ਅਤੇ
ਕੋਈ ਤੀਹ ਗੁਣਾ ਫ਼ਲ ਦਿੰਦਾ ਹੈ।”

## ਕਣਕ ਅਤੇ ਜੰਗਲੀ ਬੂਟੀ ਬਾਰੇ ਦ੍ਰਿਸ਼ਟਾਂਤ

24ਉਸ ਨੇ ਉਨ੍ਹਾਂ ਨੂੰ ਇੱਕ ਹੋਰ ਦ੍ਰਿਸ਼ਟਾਂਤ ਦੇ ਕੇ ਆਖਿਆ, “ਸਵਰਗ
ਦਾ ਰਾਜ ਇੱਕ ਅਜਿਹੇ ਮਨੁੱਖ ਵਰਗਾ ਹੈ ਜਿਸ ਨੇ ਆਪਣੇ ਖੇਤ ਵਿੱਚ
ਚੰਗਾ ਬੀਜ ਬੀਜਿਆ। 25ਪਰ ਜਦੋਂ ਸਾਰੇ ਲੋਕ ਸੁੱਤੇ ਹੋਏ ਸਨ ਤਾਂ
ਉਸ ਦਾ ਵੈਰੀ ਆਇਆ ਅਤੇ ਉਸ ਦੀ ਕਣਕ ਵਿੱਚ ਜੰਗਲੀ ਬੂਟੀ
ਬੀਜ ਕੇ ਚਲਿਆ ਗਿਆ। 26ਕਣਕ ਵਧੀ ਅਤੇ ਕਣਕ ਦੇ ਸਿੱਟੇ ਵੀ
ਵਧੇ ਅਤੇ ਉਸ ਦੇ ਨਾਲ ਜੰਗਲੀ ਬੂਟੀ ਵੀ ਵਧੀ। 27ਫ਼ੇਰ ਮਾਲਕ
ਦੇ ਨੌਕਰ ਉਸ ਕੋਲ ਆਏ ਅਤੇ ਆਖਿਆ, ‘ਸ਼੍ਰੀਮਾਨ ਜੀ, ਕੀ ਤੁਸੀਂ
ਆਪਣੇ ਖੇਤ ਵਿੱਚ ਚੰਗੇ ਬੀਜ ਨਹੀਂ ਬੀਜੇ? ਤਾਂ ਫ਼ੇਰ ਜੰਗਲੀ ਬੂਟੀ
ਕਿੱਥੋਂ ਆਈ?’
28“ਮਨੁੱਖ ਨੇ ਜਵਾਬ ਦਿੱਤਾ, ‘ਕਿਸੇ ਵੈਰੀ ਨੇ ਅਜਿਹਾ ਕੀਤਾ
ਹੈ।’
“ਨੌਕਰਾਂ ਨੇ ਪੁੱਛਿਆ, ‘ਕੀ ਸਾਨੂੰ ਜੰਗਲੀ ਬੂਟੀਆਂ ਨੂੰ ਇਕੱਠਾ
ਕਰਨ ਜਾਣਾ ਚਾਹੀਦਾ ਹੈ?’
29“ਮਨੁੱਖ ਨੇ ਜਵਾਬ ਦਿੱਤਾ, ‘ਨਹੀਂ, ਜਦੋਂ ਤੁਸੀਂ ਜੰਗਲੀ ਬੂਟੀ ਨੂੰ
ਪੁੱਟੋਗੇ ਤਾਂ ਹੋ ਸਕਦਾ ਹੈ ਕਿ ਤੁਸੀਂ ਕਣਕ ਨੂੰ ਵੀ ਪੁੱਟ ਸੁੱਟੋ। 30ਇਸ
ਲਈ ਵਾਢੀ ਤੱਕ ਤੁਸੀਂ ਦੋਹਾਂ ਨੂੰ ਰਲੇ-ਮਿਲੇ ਵਧਣ ਦਿਓ ਅਤੇ ਵਾਢੀ
ਦੇ ਵੇਲੇ ਮੈਂ ਕਾਮਿਆਂ ਨੂੰ ਆਖਾਂਗਾ ਕਿ ਪਹਿਲਾਂ ਜੰਗਲੀ ਬੂਟੀ ਨੂੰ
ਇਕੱਠਾ ਕਰੋ ਅਤੇ ਫ਼ੂਕਣ ਲਈ ਉਸਦੇ ਪੂਲੇ ਬੰਨ੍ਹੋ। ਫ਼ੇਰ ਕਣਕ ਨੂੰ
ਇਕੱਠਾ ਕਰਕੇ ਮੇਰੇ ਕੋਠੇ ਵਿੱਚ ਜਮ੍ਹਾ ਕਰੋ।’ ”

## ਯਿਸੂ ਦਾ ਬਹੁਤ ਸਾਰਿਆਂ ਦ੍ਰਿਸ਼ਟਾਂਤਾਂ ਨਾਲ ਉਪਦੇਸ਼ ਦੇਣਾ

*(ਮਰਕੁਸ 4:30–34; ਲੂਕਾ 13:18–21)*

31ਯਿਸੂ ਨੇ ਉਨ੍ਹਾਂ ਨੂੰ ਇੱਕ ਹੋਰ ਦ੍ਰਿਸ਼ਟਾਂਤ ਦੇ ਕੇ ਕਿਹਾ: “ਸਵਰਗ
ਦਾ ਰਾਜ ਇੱਕ ਸਰ੍ਹੋਂ ਦੇ ਦਾਣੇ ਵਰਗਾ ਹੈ। ਇੱਕ ਮਨੁੱਖ ਨੇ ਇਸ ਨੂੰ
ਲਿਆਂਦਾ ਅਤੇ ਆਪਣੇ ਖੇਤ ਵਿੱਚ ਬੀਜ ਦਿੱਤਾ। 32ਇਹ ਸਭ ਚੀਜ਼ਾਂ
ਤੋਂ ਛੋਟਾ ਹੈ, ਪਰ ਜਦੋਂ ਬੀਜ ਉੱਗਦਾ ਹੈ ਤਾਂ ਇਹ ਬਾਗ ਦੇ ਸਾਰਿਆਂ
ਪੌਦਿਆਂ ਨਾਲੋਂ ਵੱਡਾ ਹੁੰਦਾ ਹੈ, ਅਤੇ ਇਹ ਇੱਕ ਰੁੱਖ ਬਣ ਜਾਂਦਾ
ਹੈ। ਪੰਛੀ ਆ ਕੇ ਇਸ ਦੀਆਂ ਟਹਿਣੀਆਂ ਵਿੱਚ ਆਪਣੇ ਆਲ੍ਹਣੇ
ਬਣਾਉਂਦੇ ਹਨ।”
33ਉਸ ਨੇ ਉਨ੍ਹਾਂ ਨੂੰ ਇੱਕ ਹੋਰ ਦ੍ਰਿਸ਼ਟਾਂਤ ਦਿੱਤਾ, “ਸਵਰਗ ਦਾ
ਰਾਜ ਖਮੀਰ ਵਰਗਾ ਹੈ ਜਿਸ ਨੂੰ ਇੱਕ ਔਰਤ ਨੇ ਲੈ ਕੇ ਦਸ ਕਿੱਲੋ
ਆਟੇ ਵਿੱਚ ਮਿਲਾਇਆ, ਅਤੇ ਖਮੀਰ ਸਾਰੇ ਆਟੇ ਨੂੰ ਫ਼ੁਲਾ ਦਿੰਦਾ
ਹੈ।”
34ਇਹ ਸਾਰੀਆਂ ਗੱਲਾਂ ਯਿਸੂ ਨੇ ਲੋਕਾਂ ਨੂੰ ਦ੍ਰਿਸ਼ਟਾਂਤ ਵਿੱਚ
ਦੱਸੀਆਂ। ਉਸ ਨੇ ਦ੍ਰਿਸ਼ਟਾਂਤਾਂ ਦਾ ਇਸਤੇਮਾਲ ਕੀਤੇ ਬਿਨਾਂ ਲੋਕਾਂ
ਨੂੰ ਕੁਝ ਨਹੀਂ ਦੱਸਿਆ। 35ਇਹ ਉਵੇਂ ਸੀ ਜਿਹੜਾ ਬਚਨ ਨਬੀ ਨੇ
ਕੀਤਾ ਸੀ ਕਿ:

> “ਮੈਂ ਦ੍ਰਿਸ਼ਟਾਂਤਾਂ ਵਿੱਚ ਆਪਣਾ ਮੂੰਹ ਖੋਲਾਂਗਾ, ਮੈਂ ਉਨ੍ਹਾਂ
> ਗੱਲਾਂ ਨੂੰ ਉਚਾਰਾਂਗਾ ਜਿਹੜੀਆਂ ਦੁਨੀਆ ਦੇ ਮੁੱਢ ਤੋਂ
> ਗੁਪਤ ਰਹੀਆਂ ਹਨ।”
>
> *ਜ਼ਬੂਰ 78:2*

## ਯਿਸੂ ਵੱਲੋਂ ਕਣਕ ਅਤੇ ਜੰਗਲੀ ਬੂਟੀ ਦੇ ਦ੍ਰਿਸ਼ਟਾਂਤ ਦੀ ਵਿਆਖਿਆ

36ਫ਼ਿਰ ਯਿਸੂ ਨੇ ਲੋਕਾਂ ਨੂੰ ਵਿਦਾ ਕੀਤਾ ਅਤੇ ਘਰ ਆ ਗਿਆ।
ਤਦ ਉਸ ਦੇ ਚੇਲੇ ਉਸ ਕੋਲ ਆਏ ਅਤੇ ਆਖਿਆ, “ਸਾਨੂੰ ਖੇਤ ਦੀ
ਜੰਗਲੀ ਬੂਟੀ ਦੇ ਦ੍ਰਿਸ਼ਟਾਂਤ ਦੀ ਵਿਆਖਿਆ ਕਰਕੇ ਦੱਸ।”
37ਉਸ ਨੇ ਜਵਾਬ ਦਿੱਤਾ, “ਜਿਸ ਵਿਅਕਤੀ ਨੇ ਚੰਗਾ ਬੀਜ
ਬੀਜਿਆ ਉਹ ਮਨੁੱਖ ਦਾ ਪੁੱਤਰ ਹੈ। 38ਖੇਤ ਦੁਨੀਆ ਹੈ ਅਤੇ ਚੰਗੇ
ਬੀਜ ਰਾਜ ਦੇ ਪੁੱਤਰ ਹਨ, ਅਤੇ ਜੰਗਲੀ ਬੂਟੀ ਦੁਸ਼ਟ ਦੇ ਪੁੱਤਰ ਹਨ।
39ਉਹ ਵੈਰੀ ਜਿਸ ਨੇ ਉਨ੍ਹਾਂ ਨੂੰ ਬੀਜਿਆ ਉਹ ਸ਼ੈਤਾਨ ਹੈ। ਵਾਢੀ
ਦਾ ਵੇਲਾ ਯੁਗ ਦੇ ਅੰਤ ਦਾ ਸਮਾਂ ਹੈ ਅਤੇ ਵੱਢਣ ਵਾਲੇ ਪਰਮੇਸ਼ੁਰ
ਦੇ ਦੂਤ ਹਨ।
40“ਸੋ ਜਿਸ ਪ੍ਰਕਾਰ ਜੰਗਲੀ ਬੂਟੀ ਇਕੱਠੀ ਕੀਤੀ ਜਾਂਦੀ ਹੈ ਅਤੇ
ਅੱਗ ਵਿੱਚ ਫ਼ੂਕੀ ਜਾਂਦੀ ਹੈ, ਇਸੇ ਤਰ੍ਹਾਂ ਇਸ ਯੁਗ ਦੇ ਅੰਤ ਦੇ ਸਮੇਂ
ਹੋਵੇਗਾ। 41ਮਨੁੱਖ ਦਾ ਪੁੱਤਰ ਆਪਣਿਆਂ ਦੂਤਾਂ ਨੂੰ ਆਪਣੇ ਰਾਜ
ਵਿੱਚੋਂ ਪਾਪ ਕਰਾਉਣ ਦੇ ਸਾਰੇ ਕਾਰਣਾਂ, ਭੈੜੀਆਂ ਵਸਤਾਂ, ਪਾਪੀਆਂ
ਅਤੇ ਸਾਰੇ ਕੁਕਰਮੀਆਂ ਨੂੰ ਇਕੱਠਿਆਂ ਕਰਨ ਲਈ ਘੱਲੇਗਾ।
42ਉਹ ਉਨ੍ਹਾਂ ਨੂੰ ਅੱਗ ਦੇ ਭੱਠੇ ਵਿੱਚ ਸੁੱਟ ਦੇਣਗੇ। ਉੱਥੇ ਉਹ ਲੋਕ
ਰੋਣਗੇ ਅਤੇ ਆਪਣੇ ਦੰਦ ਪੀਸਣਗੇ। 43ਤਦ ਧਰਮੀ ਲੋਕ ਆਪਣੇ
ਪਿਤਾ ਦੇ ਰਾਜ ਵਿੱਚ ਸੂਰਜ ਵਾਂਗ ਚਮਕਣਗੇ। ਜਿਹੜੇ ਲੋਕ ਸੁਣ
ਸਕਦੇ ਹਨ, ਸੁਣਨ!

### ਖਜ਼ਾਨਿਆਂ ਅਤੇ ਮੋਤੀਆਂ ਬਾਰੇ ਦ੍ਰਿਸ਼ਟਾਂਤ

**44**“ਸਵਰਗ ਦਾ ਰਾਜ ਉਸ ਖਜ਼ਾਨੇ ਵਰਗਾ ਹੈ ਜਿਹੜਾ ਖੇਤ ਵਿੱਚ
ਲੁਕਿਆ ਹੋਇਆ ਹੈ। ਜਦੋਂ ਇੱਕ ਮਨੁੱਖ ਨੇ ਇਸ ਨੂੰ ਲੱਭ ਲਿਆ ਤਾਂ
ਉਸ ਨੇ ਇਸ ਨੂੰ ਖੇਤ ਵਿੱਚ ਫ਼ੇਰ ਦੱਬ ਦਿੱਤਾ। ਉਹ ਬਹੁਤ ਖੁਸ਼ ਸੀ
ਕਿ ਉਸ ਨੇ ਉਸ ਖੇਤ ਨੂੰ ਖਰੀਦਣ ਵਾਸਤੇ ਆਪਣਾ ਸਭ ਕੁਝ ਵੇਚ
ਦਿੱਤਾ, ਜੋ ਉਸ ਕੋਲ ਸੀ।
**45**“ਫ਼ੇਰ ਸਵਰਗ ਦਾ ਰਾਜ ਉਸ ਵਪਾਰੀ ਵਰਗਾ ਹੈ ਜੋ ਚੰਗੇ
ਮੋਤੀਆਂ ਨੂੰ ਲੱਭ ਰਿਹਾ ਸੀ। **46**ਜਦ ਉਸ ਨੂੰ ਇੱਕ ਮੋਤੀ ਭਾਰੇ ਮੁੱਲ
ਦਾ ਮਿਲਿਆ ਤਾਂ ਉਹ ਗਿਆ ਅਤੇ ਆਪਣਾ ਸਭ ਕੁਝ ਵੇਚ ਵੱਟ ਕੇ
ਉਹ ਮੋਤੀ ਮੁੱਲ ਲੈ ਲਿਆ।

### ਮੱਛੀ ਦੇ ਜਾਲ ਬਾਰੇ ਇੱਕ ਦ੍ਰਿਸ਼ਟਾਂਤ

**47**“ਸਵਰਗ ਦਾ ਰਾਜ ਇੱਕ ਜਾਲ ਵਰਗਾ ਵੀ ਹੈ ਜਿਹੜਾ ਝੀਲ
ਵਿੱਚ ਪਾਇਆ ਹੋਇਆ ਹੈ। ਉਸ ਜਾਲ ਨੇ ਭਾਂਤ -ਭਾਂਤ ਦੀਆਂ
ਮੱਛੀਆਂ ਫ਼ੜੀਆਂ। **48**ਜਦੋਂ ਉਹ ਭਰ ਗਿਆ ਤਾਂ ਮਛੇਰੇ ਜਾਲ ਨੂੰ
ਕੰਢੇ ਉੱਤੇ ਖਿੱਚ ਕੇ ਲੈ ਆਏ ਅਤੇ ਬੈਠ ਕੇ ਚੰਗੀਆਂ ਮੱਛੀਆਂ ਨੂੰ
ਬਾਲਟੀ ਵਿੱਚ ਜਮ੍ਹਾ ਕੀਤਾ ਅਤੇ ਬੇਕਾਰ ਨੂੰ ਪਰੇ ਸੁੱਟ ਦਿੱਤਾ। **49**ਸੋ
ਦੁਨੀਆ ਦੇ ਅੰਤ ਦੇ ਸਮੇਂ ਵੀ ਅਜਿਹਾ ਹੋਵੇਗਾ। ਦੂਤ ਜਾਣਗੇ ਅਤੇ
ਚੰਗੇ ਲੋਕਾਂ ਵਿੱਚੋਂ ਦੁਸ਼ਟਾਂ ਨੂੰ ਅਲੱਗ ਕਰ ਦੇਣਗੇ। **50**ਉਹ ਉਨ੍ਹਾਂ
ਨੂੰ ਅੱਗ ਦੇ ਭੱਠੇ ਵਿੱਚ ਸੁੱਟ ਦੇਣਗੇ। ਉਸ ਜਗ੍ਹਾ ਤੇ ਲੋਕਾਂ ਨੂੰ ਰੋਣਾ
ਪਵੇਗਾ ਅਤੇ ਆਪਣੇ ਦੰਦ ਪੀਸਣੇ ਪੈਣਗੇ।”
**51**ਯਿਸੂ ਨੇ ਆਪਣੇ ਚੇਲਿਆਂ ਨੂੰ ਪੁੱਛਿਆ, “ਕੀ ਤੁਸੀਂ ਇਹ ਸਭ
ਗੱਲਾਂ ਸਮਝਦੇ ਹੋ?”
ਚੇਲਿਆਂ ਨੇ ਜਵਾਬ ਦਿੱਤਾ, “ਹਾਂ, ਅਸੀਂ ਸਮਝਦੇ ਹਾਂ।”
**52**ਤਦ ਉਸ ਨੇ ਉਨ੍ਹਾਂ ਨੂੰ ਕਿਹਾ, “ਇਸ ਲਈ ਨੇਮ ਦਾ ਹਰੇਕ
ਉਪਦੇਸ਼ਕ ਜਿਸ ਨੂੰ ਇਸ ਸਵਰਗ ਦੇ ਰਾਜ ਬਾਰੇ ਸਿੱਖਿਆ ਦਿੱਤੀ
ਗਈ ਹੈ, ਘਰ ਦੇ ਉਸ ਮਾਲਕ ਵਰਗਾ ਹੈ ਜਿਹੜਾ ਆਪਣੇ ਖਜ਼ਾਨੇ
ਵਿੱਚੋਂ ਨਵੀਆਂ, ਅਤੇ ਪੁਰਾਣੀਆਂ ਚੀਜ਼ਾਂ ਬਾਹਰ ਕੱਢਦਾ ਹੈ।”

### ਯਿਸੂ ਦੀ ਆਪਣੇ ਘਰ ਵੱਲ ਵਾਪਸੀ

*(ਮਰਕੁਸ 6:1–6; ਲੂਕਾ 4:16–30)*

**53**ਜਦੋਂ ਯਿਸੂ ਨੇ ਇਹ ਦ੍ਰਿਸ਼ਟਾਂਤ ਪੂਰੇ ਕੀਤੇ ਤਾਂ ਉਹ ਉੱਥੋਂ ਤੁਰ
ਪਿਆ। **54**ਯਿਸੂ ਉਸ ਨਗਰ ਵਿੱਚ ਗਿਆ ਜਿੱਥੇ ਉਹ ਵੱਡਾ ਹੋਇਆ
ਸੀ ਅਤੇ ਉਸ ਨੇ ਉਨ੍ਹਾਂ ਨੂੰ ਉਨ੍ਹਾਂ ਦੇ ਯਹੂਦੀ ਮੰਦਰਾਂ ਵਿੱਚ ਉਪਦੇਸ਼
ਦੇਣੇ ਸ਼ੁਰੂ ਕਰ ਦਿੱਤੇ। ਤਾਂ ਲੋਕ ਹੈਰਾਨ ਹੋ ਗਏ ਅਤੇ ਪੁੱਛਿਆ, “ਉਸ
ਨੇ ਕਰਿਸ਼ਮੇ ਕਰਨ ਦਾ ਇਹ ਗਿਆਨ ਅਤੇ ਸ਼ਕਤੀ ਕਿੱਥੋਂ ਪ੍ਰਾਪਤ
ਕੀਤੀ ਹੈ? **55**ਭਲਾ ਇਹ ਤਰਖਾਣ ਦਾ ਪੁੱਤਰ ਨਹੀਂ ਅਤੇ ਇਸ ਦੀ
ਮਾਂ ਮਰਿਯਮ ਨਹੀਂ ਕਹਾਉਂਦੀ ਅਤੇ ਇਸ ਦੇ ਭਾਈ ਯਾਕੂਬ, ਯੂਸੁਫ਼,
ਸ਼ਮਊਨ ਅਤੇ ਯਹੂਦਾ ਨਹੀਂ ਹਨ? **56**ਅਤੇ ਉਸ ਦੀਆਂ ਸਭ ਭੈਣਾਂ
ਭਲਾ ਇੱਥੇ ਸਾਡੇ ਕੋਲ ਨਹੀਂ ਰਹਿੰਦੀਆਂ? ਫ਼ੇਰ ਉਸ ਨੂੰ ਇਹ ਸਭ
ਕੁਝ ਕਿੱਥੋਂ ਮਿਲਿਆ?” **57**ਇੰਝ ਉਨ੍ਹਾਂ ਨੇ ਯਿਸੂ ਨੂੰ ਕਬੂਲਣ ਤੋਂ
ਇਨਕਾਰ ਕਰ ਦਿੱਤਾ।
ਪਰ ਯਿਸੂ ਨੇ ਉਨ੍ਹਾਂ ਨੂੰ ਆਖਿਆ, “ਕਿਸੇ ਨਬੀ ਨੂੰ ਉਸ ਦੇ
ਆਪਣੇ ਸ਼ਹਿਰ ਜਾਂ ਆਪਣੇ ਘਰ ਵਿੱਚ ਨਹੀਂ ਸਤਕਾਰਿਆ
ਜਾਂਦਾ। ਬਾਕੀ ਲੋਕ ਉਸ ਦਾ ਸਤਿਕਾਰ ਕਰਦੇ ਹਨ।” **58**ਉੱਥੇ
ਯਿਸੂ ਨੇ ਬਹੁਤੇ ਕਰਿਸ਼ਮੇ ਨਾ ਕੀਤੇ ਕਿਉਂਕਿ ਉਨ੍ਹਾਂ ਨੇ ਵਿਸ਼ਵਾਸ
ਨਹੀਂ ਕੀਤਾ।

### ਹੇਰੋਦੇਸ ਨੂੰ ਯਿਸੂ ਬਾਰੇ ਖ਼ਬਰ

*(ਮਰਕੁਸ 6:14–29; ਲੂਕਾ 9:7–9)*

**14** **1**ਉਸ ਸਮੇਂ ਗਲੀਲ ਦੇ ਸ਼ਾਸਕ ਰਾਜਾ ਹੇਰੋਦੇਸ ਨੇ
ਯਿਸੂ ਦੀ ਖ਼ਬਰ ਸੁਣੀ। **2**ਉਸ ਨੇ ਆਪਣੇ ਨੌਕਰਾਂ ਨੂੰ
ਆਖਿਆ, “ਇਹ ਮਨੁੱਖ ਬਪਤਿਸਮਾ ਦੇਣ ਵਾਲਾ ਯੂਹੰਨਾ ਹੈ। ਉਹ
ਜ਼ਰੂਰ ਮੁਰਦਿਆਂ ਵਿੱਚੋਂ ਜੀ ਉੱਠਿਆ ਹੈ। ਇਸੇ ਲਈ ਇਸ ਵਿੱਚ
ਅਜਿਹੀਆਂ ਚਮਤਕਾਰੀ ਸ਼ਕਤੀਆਂ ਕੰਮ ਕਰ ਰਹੀਆਂ ਹਨ।”

### ਯੂਹੰਨਾ ਬਪਤਿਸਮਾ ਦੇਣ ਵਾਲੇ ਦੀ ਮੌਤ

**3**ਹੇਰੋਦੇਸ ਨੇ ਆਪਣੇ ਭਰਾ ਫ਼ਿਲਿੱਪੁਸ ਦੀ ਤੀਵੀਂ ਹੇਰੋਦਿਯਾਸ ਦੇ
ਕਾਰਣ ਯੂਹੰਨਾ ਨੂੰ ਫ਼ੜ ਕੇ ਬੰਨ੍ਹਿਆ ਅਤੇ ਕੈਦ ਵਿੱਚ ਪਾ ਦਿੱਤਾ ਸੀ।
**4**ਉਸ ਨੇ ਯੂਹੰਨਾ ਨੂੰ ਇਸ ਲਈ ਕੈਦ ਕੀਤਾ ਕਿਉਂਕਿ ਯੂਹੰਨਾ ਨੇ
ਉਸ ਨੂੰ ਆਖਿਆ, “ਹੇਰੋਦਿਯਾਸ ਨੂੰ ਰੱਖਣਾ ਤੁਹਾਨੂੰ ਯੋਗ ਨਹੀਂ।”
**5**ਉਹ ਯੂਹੰਨਾ ਨੂੰ ਮਾਰਨਾ ਚਾਹੁੰਦਾ ਸੀ, ਪਰ ਉਹ ਲੋਕਾਂ ਤੋਂ ਡਰਦਾ ਸੀ
ਕਿਉਂਕਿ ਉਨ੍ਹਾਂ ਨੇ ਯੂਹੰਨਾ ਨੂੰ ਨਬੀ ਸਮਝਿਆ ਹੋਇਆ ਸੀ।
**6**ਪਰ ਹੇਰੋਦੇਸ ਦੇ ਜਨਮ ਦਿਨ ਤੇ ਹੇਰੋਦਿਯਾਸ ਦੀ ਧੀ ਹੇਰੋਦੇਸ
ਅਤੇ ਉਸ ਦੇ ਮਹਿਮਾਨਾਂ ਵਾਸਤੇ ਨੱਚੀ। ਹੇਰੋਦੇਸ ਉਸ ਤੋਂ ਬਹੁਤ
ਪ੍ਰਸੰਨ ਹੋਇਆ। **7**ਤਦ ਹੇਰੋਦੇਸ ਨੇ ਸੌਂਹ ਖਾ ਕੇ ਉਸ ਨੂੰ, ਜੋ ਕੁਝ
ਵੀ ਉਹ ਮੰਗੇ, ਦੇਣ ਦਾ ਇਕਰਾਰ ਕੀਤਾ। **8**ਉਸ ਦੀ ਮਾਂ ਨੇ ਉਸ
ਨੂੰ ਦੱਸਿਆ ਹੋਇਆ ਸੀ ਕਿ ਉਹ ਕੀ ਮੰਗੇ, ਤਾਂ ਉਸ ਨੇ ਆਖਿਆ,
“ਹੁਣੇ ਇੱਥੇ ਥਾਲ ਤੇ ਰੱਖ ਕੇ ਮੈਨੂੰ ਯੂਹੰਨਾ ਬਪਤਿਸਮਾ ਦੇਣ ਵਾਲੇ
ਦਾ ਸਿਰ ਦਿਉ।”
**9**ਹੇਰੋਦੇਸ ਉਦਾਸ ਹੋ ਗਿਆ, ਪਰ ਆਪਣੀ ਸੌਂਹ ਦੇ ਕਾਰਣ ਅਤੇ
ਉਨ੍ਹਾਂ ਲੋਕਾਂ ਦੇ ਕਾਰਣ ਜਿਹੜੇ ਉਸ ਦੇ ਨਾਲ ਬੈਠੇ ਹੋਏ ਸਨ, ਉਸ
ਨੇ ਹੁਕਮ ਦਿੱਤਾ ਕਿ ਉਸ ਦੀ ਬੇਨਤੀ ਤੁਰੰਤ ਪੂਰੀ ਕੀਤੀ ਜਾਵੇ।
**10**ਉਸ ਨੇ ਮਨੁੱਖ ਨੂੰ ਭੇਜ ਕੇ ਕੈਦਖਾਨੇ ਵਿੱਚ ਯੂਹੰਨਾ ਦਾ ਸਿਰ ਵੱਢਵਾ
ਸੁੱਟਿਆ। **11**ਫ਼ੇਰ ਸਿਰ ਥਾਲ ਵਿੱਚ ਲਿਆਂਦਾ ਗਿਆ ਅਤੇ ਉਸ ਦੀ
ਕੁੜੀ ਨੂੰ ਦਿੱਤਾ ਗਿਆ ਅਤੇ ਉਹ ਇਹ ਸਿਰ ਆਪਣੀ ਮਾਂ ਹੇਰੋਦਿਯਾਸ
ਕੋਲ ਲੈ ਗਈ। **12**ਯੂਹੰਨਾ ਦੇ ਚੇਲਿਆਂ ਨੇ ਉੱਥੇ ਜਾ ਕੇ ਯੂਹੰਨਾ ਦੀ ਲੋਥ
ਚੁੱਕੀ ਅਤੇ ਉਸ ਨੂੰ ਦੱਬਿਆ ਅਤੇ ਆ ਕੇ ਯਿਸੂ ਨੂੰ ਖ਼ਬਰ ਦਿੱਤੀ।

### ਯਿਸੂ ਦਾ ਪੰਜ ਹਜ਼ਾਰ ਨੂੰ ਭੋਜਨ ਕਰਾਉਣਾ

*(ਮਰਕੁਸ 6:30–44; ਲੂਕਾ 9:10–17; ਯੂਹੰਨਾ 6:1–14)*

**13**ਜਦੋਂ ਯਿਸੂ ਨੇ ਇਹ ਸੁਣਿਆ ਤਾਂ ਉਹ ਉਸ ਥਾਂ ਤੋਂ ਇਕੱਲਾ ਬੇੜੀ
ਉੱਤੇ ਬੈਠ ਕੇ ਇੱਕ ਇਕਾਂਤ ਥਾਂ ਨੂੰ ਚਲਾ ਗਿਆ। ਇਹ ਸੁਣ ਕੇ
ਲੋਕ ਨਗਰਾਂ ਤੋਂ ਉਸ ਦੇ ਪਿੱਛੇ ਪੈਦਲ ਤੁਰ ਪਏ। **14**ਜਦੋਂ ਉਹ ਬੇੜੀ
ਤੋਂ ਉਤਰਿਆ ਤਾਂ ਉੱਥੇ ਉਸ ਨੇ ਬਹੁਤ ਵੱਡੀ ਭੀੜ ਵੇਖੀ। ਉਸ
ਨੇ ਉਨ੍ਹਾਂ ਲਈ ਤਰਸ ਮਹਿਸੂਸ ਕੀਤਾ ਅਤੇ ਉਨ੍ਹਾਂ ਦੇ ਰੋਗੀਆਂ ਨੂੰ
ਚੰਗਾ ਕੀਤਾ।
**15**ਜਦੋਂ ਸ਼ਾਮ ਹੋਈ ਤਾਂ ਚੇਲਿਆਂ ਨੇ ਉਸ ਕੋਲ ਆ ਕੇ ਕਿਹਾ, “ਇਹ
ਉਜਾੜ ਥਾਂ ਹੈ ਅਤੇ ਹੁਣ ਕੁਵੇਲਾ ਹੋ ਗਿਆ ਹੈ, ਲੋਕਾਂ ਨੂੰ ਭੇਜ ਦਿਓ
ਤਾਂ ਜੋ ਉਹ ਪਿੰਡਾਂ ਨੂੰ ਜਾ ਸਕਣ ਅਤੇ ਆਪਣੇ ਲਈ ਖਾਣਾ-ਦਾਣਾ
ਮੁੱਲ ਲੈਣ।”
**16**ਪਰ ਯਿਸੂ ਨੇ ਉਨ੍ਹਾਂ ਨੂੰ ਜਵਾਬ ਦਿੱਤਾ, “ਉਨ੍ਹਾਂ ਦੇ ਜਾਣ ਦੀ ਲੋੜ
ਨਹੀਂ। ਤੁਸੀਂ ਉਨ੍ਹਾਂ ਨੂੰ ਖਾਣ ਨੂੰ ਦਿਓ।”
**17**ਚੇਲਿਆਂ ਨੇ ਕਿਹਾ, “ਪਰ ਇੱਥੇ ਸਾਡੇ ਕੋਲ ਸਿਰਫ਼ ਪੰਜ ਰੋਟੀਆਂ
ਅਤੇ ਦੋ ਮੱਛੀਆਂ ਹਨ।”

**18**ਯਿਸੂ ਨੇ ਆਖਿਆ, “ਉਹ ਰੋਟੀਆਂ ਤੇ ਮੱਛੀਆਂ ਮੇਰੇ ਕੋਲ
ਲਿਆਓ।” **19**ਫ਼ੇਰ ਯਿਸੂ ਨੇ ਭੀੜ ਨੂੰ ਘਾਹ ਉੱਤੇ ਬੈਠਣ ਦਾ ਹੁਕਮ
ਦਿੱਤਾ। ਉਸ ਨੇ ਪੰਜ ਰੋਟੀਆਂ ਤੇ ਦੋ ਮੱਛੀਆਂ ਲਈਆਂ: ਉਸ ਨੇ
ਅਕਾਸ਼ ਵੱਲ ਵੇਖਿਆ ਅਤੇ ਭੋਜਨ ਲਈ ਪਰਮੇਸ਼ੁਰ ਦਾ ਧੰਨਵਾਦ
ਕੀਤਾ। ਫ਼ਿਰ ਯਿਸੂ ਨੇ ਰੋਟੀਆਂ ਤੋੜ ਕੇ ਚੇਲਿਆਂ ਨੂੰ ਦੇ ਦਿੱਤੀਆਂ,
ਅਤੇ ਚੇਲਿਆਂ ਨੇ ਉਹ ਰੋਟੀਆਂ ਲੋਕਾਂ ਵਿੱਚ ਵੰਡ ਦਿੱਤੀਆਂ। **20**ਸਭ
ਲੋਕਾਂ ਨੇ ਰੱਜ ਕੇ ਖਾਧਾ ਅਤੇ ਖਾਣ ਤੋਂ ਬਾਦ ਚੇਲਿਆਂ ਨੇ ਬਚੀਆਂ
ਹੋਈਆਂ ਰੋਟੀਆਂ ਦੇ ਟੁਕੜਿਆਂ ਨਾਲ ਬਾਰ੍ਹਾਂ ਟੋਕਰੀਆਂ ਭਰੀਆਂ।
**21**ਖਾਣ ਵਾਲੇ ਔਰਤਾਂ ਅਤੇ ਬੱਚਿਆਂ ਤੋਂ ਬਿਨਾਂ ਜਿਨ੍ਹਾਂ ਨੇ ਭੋਜਨ
ਕੀਤਾ, ਕੁਲ ਪੰਜ ਹਜ਼ਾਰ ਆਦਮੀ ਸਨ।

## ਯਿਸੂ ਝੀਲ ਉੱਤੇ ਚੱਲਦਾ ਹੈ

*(ਮਰਕੁਸ 6:45–52; ਯੂਹੰਨਾ 6:16–21)*

**22**ਉਸ ਤੋਂ ਬਾਦ ਯਿਸੂ ਨੇ ਚੇਲਿਆਂ ਨੂੰ ਬੇੜੀ ਵਿੱਚ ਬੈਠਣ ਲਈ ਕਿਹਾ
ਅਤੇ ਆਖਿਆ ਕਿ ਉਹ ਝੀਲ ਪਾਰ ਲੰਘ ਜਾਣ ਅਤੇ ਉੱਥੇ ਉਸ ਦਾ
ਇੰਤਜ਼ਾਰ ਕਰਨ। **23**ਭੀੜ ਨੂੰ ਭੇਜਣ ਤੋਂ ਬਾਦ ਉਹ ਪ੍ਰਾਰਥਨਾ ਕਰਨ
ਲਈ ਬਿਲਕੁਲ ਇਕੱਲਾ ਪਹਾੜ ਉੱਤੇ ਚੜ੍ਹ ਗਿਆ। ਜਦੋਂ ਸ਼ਾਮ ਹੋਈ
ਤਾਂ ਉਹ ਉੱਥੇ ਇਕੱਲਾ ਹੀ ਸੀ। **24**ਬੇੜੀ ਪਹਿਲਾਂ ਹੀ ਕੰਢੇ ਤੋਂ ਬਹੁਤ
ਦੂਰ ਸੀ। ਲਹਿਰਾਂ ਦੇ ਕਾਰਣ ਬੇੜੀ ਮੁਸੀਬਤ ਵਿੱਚ ਸੀ। ਹਵਾ ਉਲਟੀ
ਦਿਸ਼ਾ ਤੋਂ ਵਗ ਰਹੀ ਸੀ।

**25**ਸਵੇਰ ਦੇ ਤਿੰਨ ਅਤੇ ਛੇ ਦੇ ਵਿਚਕਾਰ ਯਿਸੂ ਝੀਲ ਦੇ ਉੱਤੇ
ਤੁਰਦਾ ਹੋਇਆ ਆਪਣੇ ਚੇਲਿਆਂ ਕੋਲ ਆਇਆ। **26**ਜਦੋਂ ਉਸ ਦੇ
ਚੇਲਿਆਂ ਨੇ ਉਸ ਨੂੰ ਝੀਲ ਦੇ ਉੱਪਰ ਤੁਰਦਿਆਂ ਵੇਖਿਆ ਤਾਂ ਘਬਰਾ
ਕੇ ਆਖਣ ਲੱਗੇ, “ਇਹ ਕੋਈ ਭੂਤ ਹੈ।” ਉਹ ਡਰ ਨਾਲ ਚੀਕ ਉੱਠੇ।
**27**ਪਰ ਯਿਸੂ ਨੇ ਝੱਟ ਉਨ੍ਹਾਂ ਨੂੰ ਆਖਿਆ, “ਘਬਰਾਓ ਨਾ! ਇਹ
ਮੈਂ ਹਾਂ, ਡਰੋ ਨਾ।”

**28**ਤਦ ਪਤਰਸ ਨੇ ਜਵਾਬ ਦਿੱਤਾ, “ਪ੍ਰਭੂ ਜੀ, ਜੇਕਰ ਇਹ
ਸੱਚਮੁੱਚ ਤੁਸੀਂ ਹੋ ਤਾਂ ਮੈਨੂੰ ਪਾਣੀ ਉੱਤੇ ਤੁਰ ਕੇ ਆਪਣੇ ਕੋਲ ਆਉਣ
ਦਾ ਆਦੇਸ਼ ਦਿਓ।”

**29**ਯਿਸੂ ਨੇ ਕਿਹਾ, “ਪਤਰਸ, ਆ ਜਾ!”

ਤਦ ਬੇੜੀਓਂ ਉਤਰਨ ਤੋਂ ਬਾਦ ਪਤਰਸ ਪਾਣੀ ਉੱਤੇ ਯਿਸੂ ਵੱਲ ਨੂੰ
ਤੁਰਿਆ। **30**ਪਰ ਜਦੋਂ ਪਤਰਸ ਪਾਣੀ ਉੱਤੇ ਤੁਰਿਆ ਤਾਂ ਉਸ ਨੇ ਹਵਾ
ਦਾ ਭਾਰੀ ਬੁੱਲਾ ਵੇਖਿਆ ਅਤੇ ਡਰ ਗਿਆ ਤੇ ਪਾਣੀ ਵਿੱਚ ਡੁੱਬਣ
ਲੱਗਾ। ਪਤਰਸ ਚੀਕਿਆ, “ਪ੍ਰਭੂ ਜੀ, ਮੈਨੂੰ ਬਚਾਓ!”

**31**ਯਿਸੂ ਨੇ ਉਸ ਨੂੰ ਆਪਣੇ ਹੱਥ ਨਾਲ ਚੁੱਕਿਆ ਅਤੇ ਆਖਿਆ,
“ਤੈਨੂੰ ਘੱਟ ਵਿਸ਼ਵਾਸ ਹੈ। ਤੂੰ ਸ਼ੱਕ ਕਿਉਂ ਕੀਤਾ?”

**32**ਜਦੋਂ ਉਹ ਬੇੜੀ ਤੇ ਚੜ੍ਹ ਗਏ ਤਾਂ ਪੌਣ ਥੰਮ੍ਹ ਗਈ। **33**ਤਦ ਉਹ
ਜਿਹੜੇ ਬੇੜੀ ਵਿੱਚ ਸਨ, ਉਨ੍ਹਾਂ ਨੇ ਉਸ ਦੀ ਉਪਾਸਨਾ ਕੀਤੀ ਅਤੇ
ਆਖਿਆ, “ਸੱਚਮੁੱਚ ਤੂੰ ਪਰਮੇਸ਼ੁਰ ਦਾ ਪੁੱਤਰ ਹੈਂ।”

## ਯਿਸੂ ਕਈ ਬਿਮਾਰ ਲੋਕਾਂ ਨੂੰ ਚੰਗਾ ਕਰਦਾ ਹੈ

*(ਮਰਕੁਸ 6:53–56)*

**34**ਉਹ ਝੀਲ ਦੇ ਪਾਰ ਲੰਘ ਕੇ ਗੰਨੇਸਰਤ ਦੀ ਧਰਤੀ ਉੱਤੇ
ਉੱਤਰੇ। **35**ਜਦੋਂ ਉੱਥੋਂ ਦੇ ਲੋਕਾਂ ਨੇ ਉਸ ਨੂੰ ਪਛਾਣਿਆ ਤਾਂ ਉਨ੍ਹਾਂ ਨੇ
ਆਸ-ਪਾਸ ਦੇ ਇਲਾਕਿਆਂ ਵਿੱਚ ਖ਼ਬਰ ਫ਼ੈਲਾ ਦਿੱਤੀ ਤੇ ਉਨ੍ਹਾਂ ਨੇ
ਆਪਣੇ ਸਾਰੇ ਬਿਮਾਰ ਲੋਕਾਂ ਨੂੰ ਉਸ ਕੋਲ ਲਿਆਂਦਾ। **36**ਉਨ੍ਹਾਂ ਨੇ
ਯਿਸੂ ਨੂੰ ਬੇਨਤੀ ਕੀਤੀ ਕਿ ਉਹ ਸਿਰਫ਼ ਉਨ੍ਹਾਂ ਨੂੰ ਉਸ ਦੇ ਚੋਲੇ ਦਾ
ਪੱਲਾ ਛੋਹਣ ਦੀ ਆਗਿਆ ਦੇਵੇ ਅਤੇ ਉਹ ਸਭ ਜਿਨ੍ਹਾਂ ਨੇ ਛੋਹਿਆ,
ਚੰਗੇ ਹੋ ਗਏ।

## ਪਰਮੇਸ਼ੁਰ ਦੇ ਨੇਮ ਅਤੇ ਲੋਕਾਂ ਦੀਆਂ ਰੀਤਾਂ

*(ਮਰਕੁਸ 7:1–23)*

**15** **1**ਤਦ ਕੁਝ ਫ਼ਰੀਸੀ ਤੇ ਨੇਮ ਦੇ ਉਪਦੇਸ਼ਕ ਯਿਸੂ ਕੋਲ
ਆਏ। ਉਹ ਯਰੂਸ਼ਲਮ ਤੋਂ ਉਸ ਕੋਲ ਆਏ ਅਤੇ ਕਿਹਾ,
**2**“ਤੇਰੇ ਚੇਲੇ ਸਾਡੇ ਵਡੇਰਿਆਂ ਦੀ ਰੀਤ ਦੀ ਉਲੰਘਣਾ ਕਿਉਂ ਕਰਦੇ
ਹਨ? ਤੇਰੇ ਚੇਲੇ ਭੋਜਨ ਖਾਣ ਤੋਂ ਪਹਿਲਾਂ ਹੱਥ ਕਿਉਂ ਨਹੀਂ ਧੋਂਦੇ?”

**3**ਪਰ ਉਸ ਨੇ ਉਨ੍ਹਾਂ ਨੂੰ ਉੱਤਰ ਦਿੱਤਾ, “ਤੁਸੀਂ ਵੀ ਆਪਣੀ ਰੀਤ
ਨਾਲ ਪਰਮੇਸ਼ੁਰ ਦੇ ਹੁਕਮ ਦੀ ਉਲੰਘਣਾ ਕਿਉਂ ਕਰਦੇ ਹੋ? **4**ਪਰਮੇਸ਼ੁਰ
ਨੇ ਫ਼ਰਮਾਇਆ ਹੈ ਕਿ, ‘ਤੁਸੀਂ ਆਪਣੇ ਪਿਤਾ ਅਤੇ ਮਾਤਾ ਦਾ ਆਦਰ
ਕਰੋ,’[a] ਅਤੇ ਪਰਮੇਸ਼ੁਰ ਨੇ ਇਹ ਵੀ ਫ਼ਰਮਾਇਆ ਹੈ ਕਿ ਜਿਹੜਾ ਵੀ
ਮਨੁੱਖ ਆਪਣੇ ਪਿਤਾ ਜਾਂ ਮਾਤਾ ਨੂੰ ਬੁਰਾ ਬੋਲੇ ਉਹ ਜਾਨੋਂ ਮਾਰਿਆ
ਜਾਵੇ।’[b] **5**ਪਰ ਤੁਸੀਂ ਉਪਦੇਸ਼ ਦਿੰਦੇ ਹੋ ਕਿ ਵਿਅਕਤੀ ਆਪਣੇ
ਪਿਤਾ ਜਾਂ ਮਾਤਾ ਨੂੰ ਆਖ ਸਕਦਾ ਹੈ ਕਿ ਮੇਰੇ ਕੋਲ ਕੁਝ ਹੈ ਜੋ ਮੈਂ
ਤੁਹਾਡੀ ਸਹਾਇਤਾ ਲਈ ਇਸਤੇਮਾਲ ਕਰ ਸਕਦਾ ਹਾਂ, ਪਰ ਇਹ
ਮੈਂ ਤੁਹਾਡੀ ਸਹਾਇਤਾ ਕਰਨ ਲਈ ਇਸਤੇਮਾਲ ਨਹੀਂ ਕਰਾਂਗਾ, ਮੈਂ
ਇਹ ਪਰਮੇਸ਼ੁਰ ਨੂੰ ਦੇਵਾਂਗਾ। **6**ਤੁਸੀਂ ਉਸ ਬੰਦੇ ਨੂੰ ਆਪਣੇ ਪਿਤਾ ਦਾ
ਸਤਿਕਾਰ ਨਾ ਕਰਨ ਦਾ ਉਪਦੇਸ਼ ਦਿੰਦੇ ਹੋ। ਇਸ ਤਰ੍ਹਾਂ, ਤੁਸੀਂ ਆਪਣੀ
ਪਰੰਪਰਾ ਕਾਰਣ ਪਰਮੇਸ਼ੁਰ ਦੇ ਹੁਕਮਾਂ ਨੂੰ ਵਿਅਰਥ ਕਰ ਦਿੱਤਾ ਹੈ। **7**ਹੇ
ਕਪਟੀਓ, ਯਸਾਯਾਹ ਨੇ ਤੁਹਾਡੇ ਬਾਰੇ ਠੀਕ ਅਗੰਮ ਵਾਕ ਕੀਤਾ ਹੈ ਕਿ:

**8** ‘ਇਹ ਲੋਕ ਆਪਣੇ ਬੁੱਲ੍ਹਾਂ ਨਾਲ ਮੇਰਾ ਆਦਰ ਕਰਦੇ ਹਨ,
ਪਰ ਇਨ੍ਹਾਂ ਦਾ ਦਿਲ ਮੈਥੋਂ ਦੂਰ ਹੈ।
**9** ਉਹ ਵਿਅਰਥ ਮੇਰੀ ਉਪਾਸਨਾ ਕਰਦੇ ਹਨ। ਕਿਉਂਕਿ
ਉਹ ਮਨੁੱਖ ਦੀਆਂ ਬਣਾਈਆਂ ਰੀਤਾਂ ਦਾ ਉਪਦੇਸ਼ ਦਿੰਦੇ
ਹਨ।’” *ਯਸਾਯਾਹ 29:13*

**10**ਉਸ ਨੇ ਲੋਕਾਂ ਨੂੰ ਕੋਲ ਸੱਦ ਕੇ ਉਨ੍ਹਾਂ ਨੂੰ ਆਖਿਆ, “ਸੁਣੋ ਅਤੇ
ਸਮਝੋ! **11**ਜੋ ਕੁਝ ਵੀ ਮਨੁੱਖ ਦੇ ਮੂੰਹ ਅੰਦਰ ਜਾਂਦਾ ਹੈ ਉਹ ਉਸ ਨੂੰ
ਅਸ਼ੁੱਧ ਨਹੀਂ ਬਣਾਉਂਦਾ, ਸਗੋਂ ਜੋ ਕੁਝ ਵੀ ਉਸ ਵਿਅਕਤੀ ਦੇ ਮੂੰਹੋਂ
ਨਿੱਕਲਦਾ ਹੈ ਉਹ ਉਸ ਨੂੰ ਅਸ਼ੁੱਧ ਬਣਾਉਂਦਾ ਹੈ।”

**12**ਤਦ ਚੇਲੇ ਯਿਸੂ ਕੋਲ ਆਏ ਅਤੇ ਪੁੱਛਿਆ, “ਕੀ ਤੈਨੂੰ ਪਤਾ ਹੈ
ਕਿ ਫ਼ਰੀਸੀਆਂ ਨੇ ਇਹ ਗੱਲ ਸੁਣ ਕੇ ਠੋਕਰ ਖਾਧੀ?”

**13**ਯਿਸੂ ਨੇ ਕਿਹਾ, “ਹਰੇਕ ਬੂਟਾ ਜੋ ਮੇਰੇ ਸਵਰਗੀ ਪਿਤਾ ਨੇ ਨਹੀਂ
ਲਾਇਆ ਸੋ ਜੜ੍ਹੋਂ ਪੁਟਿਆ ਜਾਵੇਗਾ। **14**ਫ਼ਰੀਸੀਆਂ ਤੋਂ ਦੂਰ ਰਹੋ।
ਉਨ੍ਹਾਂ ਨੂੰ ਛੱਡ ਦਿਓ। ਉਹ ਅੰਨ੍ਹੇ ਲੋਕਾਂ ਦੇ ਅੰਨ੍ਹੇ ਆਗੂ ਹਨ। ਅਤੇ
ਜੇਕਰ ਇੱਕ ਅੰਨ੍ਹਾ ਆਦਮੀ ਦੂਸਰੇ ਅੰਨ੍ਹੇ ਦੀ ਰਾਹਨੁਮਾਈ ਕਰਦਾ ਹੈ
ਤਾਂ ਦੋਵੇਂ ਹੀ ਟੋਏ ਵਿੱਚ ਡਿੱਗਣਗੇ।”

**15**ਪਤਰਸ ਨੇ ਪੁੱਛਿਆ, “ਜੋ ਕੁਝ ਤੁਸੀਂ ਲੋਕਾਂ ਨੂੰ ਕਿਹਾ ਸਾਨੂੰ ਉਸ
ਦਾ ਅਰਥ ਦੱਸੋ।”

**16**ਉਸ ਨੇ ਕਿਹਾ, “ਦੂਜੇ ਲੋਕਾਂ ਦੀ ਤਰ੍ਹਾਂ ਕੀ ਹਾਲੇ ਵੀ ਤੁਹਾਨੂੰ
ਸਮਝਣਾ ਮੁਸ਼ਕਲ ਹੈ। **17**ਕੀ ਤੁਸੀਂ ਇਹ ਨਹੀਂ ਜਾਣਦੇ ਕਿ ਜੋ ਕੁਝ
ਮੂੰਹ ਵਿੱਚ ਪੈਂਦਾ ਹੈ ਉਹ ਢਿੱਡ ਵਿੱਚ ਜਾਂਦਾ ਹੈ, ਅਤੇ ਫ਼ੇਰ ਬਾਹਰ

---

[a] ***15:4*** ਹਵਾਲਾ: ਕੂਚ 20:12; ਬਿਵਸਥਾ ਸਾਰ 5:16

[b] ***15:4*** ਹਵਾਲਾ: ਕੂਚ 21:17

ਆਉਂਦਾ ਹੈ ਅਤੇ ਪਖਾਨੇ ਵਿੱਚ ਜਾਂਦਾ ਹੈ? 18ਪਰ ਜਿਹੜੀਆਂ ਗੱਲਾਂ
ਮੂੰਹੋਂ ਨਿੱਕਲਦੀਆਂ ਹਨ, ਉਹ ਦਿਲੋਂ ਆਉਂਦੀਆਂ ਹਨ ਅਤੇ ਇਹੋ
ਗੱਲਾਂ ਮਨੁੱਖ ਨੂੰ ਅਸ਼ੁੱਧ ਬਣਾ ਦਿੰਦੀਆਂ ਹਨ। 19ਕਿਉਂਕਿ ਸਾਰੀਆਂ
ਬੁਰੀਆਂ ਗੱਲਾਂ, ਜਿਵੇਂ ਦੁਸ਼ਟ ਵਿਚਾਰ, ਕਤਲ, ਬਦਕਾਰੀ, ਜਿਨਸੀ
ਗੁਨਾਹ, ਚੋਰੀ ਕਰਨਾ, ਝੂਠ ਬੋਲਣਾ ਅਤੇ ਭੰਡੀ ਕਰਨੀ, ਵਿਅਕਤੀ ਦੇ
ਦਿਲੋਂ ਹੀ ਆਉਂਦੀਆਂ ਹਨ। 20ਇਹੋ ਗੱਲਾਂ ਹਨ ਜਿਹੜੀਆਂ ਮਨੁੱਖ
ਨੂੰ ਅਸ਼ੁੱਧ ਬਣਾਉਂਦੀਆਂ ਹਨ, ਪਰ ਬਿਨਾਂ ਹੱਥ ਧੋਤੇ ਰੋਟੀ ਖਾਣੀ
ਮਨੁੱਖ ਨੂੰ ਅਸ਼ੁੱਧ ਨਹੀਂ ਬਣਾਉਂਦੀ।"

### ਯਿਸੂ ਦਾ ਇੱਕ ਗ਼ੈਰ-ਯਹੂਦੀ ਔਰਤ ਨੂੰ ਬਚਾਉਣਾ

*(ਮਰਕੁਸ 7:24–30)*

21ਯਿਸੂ ਉੱਥੋਂ ਚੱਲ ਕੇ ਸੂਰ ਅਤੇ ਸੈਦਾ ਦੇ ਇਲਾਕੇ ਵਿੱਚ ਗਿਆ।
22ਉਸ ਇਲਾਕੇ ਵਿੱਚੋਂ ਇੱਕ ਕਨਾਨੀ ਔਰਤ ਆਈ ਅਤੇ ਉੱਚੀ
ਅਵਾਜ਼ ਵਿੱਚ ਬੋਲੀ, "ਹੇ ਪ੍ਰਭੂ, ਦਾਊਦ ਦੇ ਪੁੱਤਰ! ਮੇਰੇ ਉੱਤੇ ਦਯਾ
ਕਰੋ, ਮੇਰੀ ਧੀ ਦਾ ਭੂਤ ਦੇ ਸਾਏ ਨਾਲ ਬੁਰਾ ਹਾਲ ਹੈ।"

23ਪਰ ਯਿਸੂ ਨੇ ਜਵਾਬ ਵਿੱਚ ਉਸ ਔਰਤ ਨੂੰ ਇੱਕ ਸ਼ਬਦ ਨਾ
ਆਖਿਆ। ਉਸ ਦੇ ਚੇਲੇ ਉਸ ਕੋਲ ਆਏ ਅਤੇ ਉਸ ਨੂੰ ਬੇਨਤੀ
ਕੀਤੀ, "ਔਰਤ ਨੂੰ ਕਹੋ ਕਿ ਉਹ ਚਲੀ ਜਾਵੇ। ਉਹ ਸਾਡਾ ਪਿੱਛਾ
ਕਰਦੀ ਹੋਈ ਰੌਲਾ ਪਾ ਰਹੀ ਹੈ।"

24ਤਦ ਯਿਸੂ ਨੇ ਆਖਿਆ, "ਮੈਨੂੰ ਸਿਰਫ਼ ਇਸਰਾਏਲ ਦੀਆਂ
ਗੁਆਚੀਆਂ ਹੋਈਆਂ ਭੇਡਾਂ ਲਈ ਘੱਲਿਆ ਗਿਆ ਹੈ।"

25ਪਰ ਉਹ ਯਿਸੂ ਕੋਲ ਆਈ ਅਤੇ ਉਸ ਦੇ ਅੱਗੇ ਮੱਥਾ ਟੇਕ ਕੇ
ਬੋਲੀ, "ਪ੍ਰਭੂ ਜੀ, ਮੇਰੀ ਸਹਾਇਤਾ ਕਰੋ!"

26ਯਿਸੂ ਨੇ ਉੱਤਰ ਦਿੱਤਾ, "ਬਾਲਕਾਂ ਦੀ ਰੋਟੀ ਲੈ ਕੇ ਕੁੱਤਿਆਂ
ਅੱਗੇ ਸੁੱਟਣੀ ਚੰਗੀ ਨਹੀਂ ਹੈ।"

27ਉਸ ਨੇ ਆਖਿਆ, "ਹਾਂ ਪ੍ਰਭੂ ਜੀ, ਪਰ ਕੁੱਤੇ ਵੀ ਆਪਣੇ ਮਾਲਕ
ਦੀ ਮੇਜ਼ ਤੋਂ ਡਿੱਗੇ ਰੋਟੀ ਦੇ ਟੁਕੜੇ ਖਾਂਦੇ ਹਨ।"

28ਤਦ ਯਿਸੂ ਨੇ ਉੱਤਰ ਦਿੱਤਾ, "ਹੇ ਬੀਬੀ, ਤੇਰਾ ਵਿਸ਼ਵਾਸ ਵੱਡਾ
ਹੈ। ਜਿਵੇਂ ਤੂੰ ਚਾਹੇਂ ਉਵੇਂ ਹੀ ਹੋਵੇ।" ਇਵੇਂ ਉਸ ਦੀ ਧੀ ਉਸੇ ਵੇਲੇ
ਹੀ ਚੰਗੀ ਹੋ ਗਈ।

### ਯਿਸੂ ਦਾ ਬਹੁਤ ਸਾਰੇ ਲੋਕਾਂ ਨੂੰ ਠੀਕ ਕਰਨਾ

29ਯਿਸੂ ਉੱਥੋਂ ਤੁਰ ਕੇ ਗਲੀਲੀ ਝੀਲ ਦੇ ਨੇੜੇ ਆਇਆ ਅਤੇ ਪਹਾੜ
ਉੱਤੇ ਚੜ੍ਹ ਕੇ ਉੱਥੇ ਬਹਿ ਗਿਆ।

30ਬਹੁਤ ਸਾਰੇ ਲੋਕ ਉਸ ਕੋਲ ਆਏ। ਉਹ ਆਪਣੇ ਨਾਲ
ਲੰਗੜਿਆਂ, ਅੰਨ੍ਹਿਆਂ, ਟੁੰਡਿਆਂ, ਗੂੰਗਿਆਂ ਅਤੇ ਹੋਰ ਬਹੁਤ
ਸਾਰਿਆਂ ਨੂੰ ਲੈ ਕੇ ਆਏ ਤੇ ਉਨ੍ਹਾਂ ਨੂੰ ਯਿਸੂ ਦੇ ਚਰਨੀਂ ਲਾਇਆ ਅਤੇ
ਯਿਸੂ ਨੇ ਉਨ੍ਹਾਂ ਸਾਰਿਆਂ ਨੂੰ ਚੰਗਾ ਕੀਤਾ। 31ਲੋਕਾਂ ਨੇ ਵੇਖਿਆ ਕਿ
ਗੂੰਗੇ ਬੋਲ ਰਹੇ ਹਨ, ਟੁੰਡੇ ਚੰਗੇ ਹੁੰਦੇ ਹਨ, ਲੰਗੜੇ ਤੁਰਦੇ ਹਨ ਅਤੇ
ਅੰਨ੍ਹੇ ਵੇਖਦੇ ਹਨ। ਤਦ ਉਹ ਹੈਰਾਨ ਹੋਏ ਅਤੇ ਉਨ੍ਹਾਂ ਨੇ ਇਸਰਾਏਲ
ਦੇ ਪਰਮੇਸ਼ੁਰ ਦੀ ਉਸਤਤ ਕੀਤੀ।

### ਯਿਸੂ ਦਾ ਚਾਰ ਹਜ਼ਾਰ ਤੋਂ ਵੱਧ ਲੋਕਾਂ ਨੂੰ ਭੋਜਨ ਖੁਆਉਣਾ

*(ਮਰਕੁਸ 8:1–10)*

32ਤਦ ਯਿਸੂ ਨੇ ਆਪਣੇ ਚੇਲਿਆਂ ਨੂੰ ਕੋਲ ਸੱਦ ਕੇ ਕਿਹਾ, "ਮੈਨੂੰ
ਲੋਕਾਂ ਉੱਤੇ ਤਰਸ ਆਉਂਦਾ ਹੈ, ਕਿਉਂਕਿ ਇਹ ਤਿੰਨਾਂ ਦਿਨਾਂ ਤੋਂ ਮੇਰੇ
ਨਾਲ ਰਹਿ ਰਹੇ ਹਨ ਅਤੇ ਇਨ੍ਹਾਂ ਦੇ ਕੋਲ ਖਾਣ ਨੂੰ ਕੁਝ ਨਹੀਂ ਅਤੇ
ਮੈਂ ਨਹੀਂ ਚਾਹੁੰਦਾ ਕਿ ਇਨ੍ਹਾਂ ਨੂੰ ਭੁੱਖਿਆਂ ਵਿਦਿਆ ਕਰਾਂ, ਕਿਤੇ ਉਹ
ਰਸਤੇ ਵਿੱਚ ਹੀ ਭੁੱਖ ਦੇ ਮਾਰੇ ਬੇਹੋਸ਼ ਨਾ ਹੋ ਜਾਣ।"

33ਚੇਲਿਆਂ ਨੇ ਯਿਸੂ ਨੂੰ ਜਵਾਬ ਦਿੱਤਾ, "ਅਸੀਂ ਇਨ੍ਹਾਂ ਸਾਰੇ ਲੋਕਾਂ
ਦੇ ਖਾਣ ਲਈ ਲੋੜੀਂਦਾ ਭੋਜਨ ਇਸ ਬੀਆਬਾਨ ਵਿੱਚ ਕਿੱਥੋਂ ਪ੍ਰਾਪਤ
ਕਰ ਸਕਦੇ ਹਾਂ?"

34ਤਦ ਯਿਸੂ ਨੇ ਉਨ੍ਹਾਂ ਨੂੰ ਪੁੱਛਿਆ, "ਤੁਹਾਡੇ ਕੋਲ ਕਿੰਨੀਆਂ
ਰੋਟੀਆਂ ਹਨ?"

ਉਹ ਬੋਲੇ, "ਸੱਤ ਰੋਟੀਆਂ ਅਤੇ ਥੋੜ੍ਹੀਆਂ ਨਿੱਕੀਆਂ ਮੱਛੀਆਂ
ਹਨ।"

35ਤਦ ਯਿਸੂ ਨੇ ਭੀੜ ਨੂੰ ਹੇਠਾਂ ਜ਼ਮੀਨ ਤੇ ਬੈਠਣ ਲਈ ਕਿਹਾ।
36ਤਦ ਉਸ ਨੇ ਸੱਤ ਰੋਟੀਆਂ ਅਤੇ ਮੱਛੀਆਂ ਲਈਆਂ ਅਤੇ ਪਰਮੇਸ਼ੁਰ
ਦਾ ਸ਼ੁਕਰ ਕਰਕੇ ਤੋੜੀਆਂ ਅਤੇ ਚੇਲਿਆਂ ਨੂੰ ਦਿੱਤੀਆਂ ਅਤੇ ਚੇਲਿਆਂ
ਨੇ ਲੋਕਾਂ ਵਿੱਚ ਵੰਡੀਆਂ। 37ਸਭ ਲੋਕਾਂ ਨੇ ਰੱਜ ਕੇ ਖਾਧਾ ਅਤੇ ਉਸ
ਦੇ ਚੇਲਿਆਂ ਨੇ ਬਚੇ ਹੋਏ ਭੋਜਨ ਨਾਲ ਸੱਤ ਟੋਕਰੀਆਂ ਭਰੀਆਂ।
38ਔਰਤਾਂ ਅਤੇ ਬੱਚਿਆਂ ਦੇ ਖਾਣ ਤੋਂ ਛੁੱਟ ਉੱਥੇ ਘੱਟ ਤੋਂ ਘੱਟ ਚਾਰ
ਹਜ਼ਾਰ ਆਦਮੀ ਸਨ। 39ਫਿਰ ਲੋਕਾਂ ਨੂੰ ਵਿਦਿਆ ਕਰਕੇ ਉਹ ਬੇੜੀ
ਉੱਤੇ ਚੜ੍ਹ ਗਿਆ ਅਤੇ ਮਗਦਾਨ ਦੇ ਇਲਾਕੇ ਵਿੱਚ ਆਇਆ।

### ਯਹੂਦੀ ਆਗੂਆਂ ਵੱਲੋਂ ਯਿਸੂ ਦਾ ਇਮਤਿਹਾਨ

*(ਮਰਕੁਸ 8:11–13; ਲੂਕਾ 12:54–56)*

16 1ਫ਼ਰੀਸੀਆਂ ਅਤੇ ਸਦੂਕੀਆਂ ਨੇ ਯਿਸੂ ਕੋਲ ਆ ਕੇ
ਪਰਤਾਉਣ ਲਈ ਉਸ ਅੱਗੇ ਬੇਨਤੀ ਕੀਤੀ ਕਿ ਸਾਨੂੰ
ਕੋਈ ਚਮਤਕਾਰੀ ਨਿਸ਼ਾਨ ਵਿਖਾਓ।

2ਪਰ ਉਸ ਨੇ ਉਨ੍ਹਾਂ ਨੂੰ ਉੱਤਰ ਦਿੱਤਾ, "ਜਦੋਂ ਤੁਸੀਂ ਡੁੱਬਦੇ ਸੂਰਜ ਨੂੰ
ਵੇਖਦੇ ਹੋ ਤਾਂ ਤੁਸੀਂ ਜਾਣਦੇ ਹੋ ਕਿ ਮੌਸਮ ਕਿਵੇਂ ਦਾ ਹੋਵੇਗਾ। ਜੇਕਰ
ਅਕਾਸ਼ ਲਾਲ ਹੋਵੇ ਤਾਂ ਤੁਸੀਂ ਆਖਦੇ ਹੋ ਕਿ ਮੌਸਮ ਚੰਗਾ ਹੋਵੇਗਾ।
3ਅਤੇ ਜੇਕਰ ਸਵੇਰੇ ਅਕਾਸ਼ ਲਾਲ ਅਤੇ ਬੱਦਲਵਾਈ ਹੋਵੇ ਤਾਂ ਤੁਸੀਂ
ਆਖਦੇ ਹੋ ਕਿ ਇਹ ਮੀਂਹ ਵਾਲਾ ਦਿਨ ਹੋਵੇਗਾ। ਇਹ ਸਭ ਮੌਸਮ
ਦੇ ਦਿਨ ਹਨ। ਜਿਵੇਂ ਤੁਸੀਂ ਇਨ੍ਹਾਂ ਸਾਰੇ ਦਿਨਾਂ ਦੇ ਅਕਾਸ਼ ਨੂੰ ਵੇਖਦੇ
ਹੋ ਅਤੇ ਜਾਣਦੇ ਹੋ ਕਿ ਇਨ੍ਹਾਂ ਦੇ ਕੀ ਅਰਥ ਹਨ ਤਿਵੇਂ ਹੀ, ਜੋ ਕੁਝ
ਹੁਣ ਵਾਪਰ ਰਿਹਾ ਹੈ ਇਹ ਵੀ ਸਭ ਨਿਸ਼ਾਨ ਹਨ, ਪਰ ਤੁਸੀਂ ਇਨ੍ਹਾਂ
ਨਿਸ਼ਾਨਾਂ ਤੋਂ ਅਣਜਾਣ ਹੋ। 4ਇਸ ਪੀੜ੍ਹੀ ਦੇ ਦੁਸ਼ਟ ਅਤੇ ਪਾਪੀ ਲੋਕ
ਚਮਤਕਾਰ ਚਾਹੁੰਦੇ ਹਨ, ਪਰ ਲੋਕਾਂ ਨੂੰ ਯੂਨਾਹ ਦੇ ਨਿਸ਼ਾਨ ਤੋਂ ਬਿਨਾਂ
ਹੋਰ ਕੋਈ ਨਿਸ਼ਾਨ ਨਹੀਂ ਵਿਖਾਇਆ ਜਾਵੇਗਾ।" ਤਦ ਉਹ ਉਨ੍ਹਾਂ ਨੂੰ
ਛੱਡ ਕੇ ਚਲਿਆ ਗਿਆ।

### ਯਿਸੂ ਵੱਲੋਂ ਯਹੂਦੀ ਆਗੂਆਂ ਦੇ ਵਿਰੁੱਧ ਚੇਤਾਵਨੀ

*(ਮਰਕੁਸ 8:14–21)*

5ਚੇਲਿਆਂ ਨੇ ਝੀਲ ਪਾਰ ਕਰ ਲਈ, ਪਰ ਰੋਟੀ ਲਿਆਉਣੀ ਭੁੱਲ
ਗਏ। 6ਇਸ ਲਈ ਯਿਸੂ ਨੇ ਉਨ੍ਹਾਂ ਨੂੰ ਆਖਿਆ, "ਸਚੇਤ ਰਹੋ!
ਫ਼ਰੀਸੀਆਂ ਅਤੇ ਸਦੂਕੀਆਂ ਦੇ ਖਮੀਰ ਤੋਂ ਆਪਣੇ-ਆਪ ਨੂੰ
ਬਚਾਓ।"

7ਚੇਲਿਆਂ ਨੇ ਇੱਕ ਦੂਜੇ ਨਾਲ ਵਿਚਾਰ ਕੀਤਾ ਅਤੇ ਆਖਿਆ,
"ਉਸ ਨੇ ਅਜਿਹਾ ਇਸ ਲਈ ਆਖਿਆ ਹੋਵੇਗਾ ਕਿਉਂਕਿ ਅਸੀਂ
ਰੋਟੀ ਲਿਆਉਣੀ ਭੁੱਲ ਗਏ ਹਾਂ?"

8ਪਰ ਯਿਸੂ ਨੇ ਇਹ ਜਾਣ ਕੇ ਕਿਹਾ, "ਹੇ ਥੋੜ੍ਹੀ ਪਰਤੀਤ ਵਾਲਿਓ,
ਤੁਸੀਂ ਰੋਟੀ ਨਾ ਹੋਣ ਕਰਕੇ ਆਪਸ ਵਿੱਚ ਕੀ ਵਿਚਾਰਾਂ ਕਰਦੇ ਪਏ

ਹੋ? 9ਕੀ ਅਜੇ ਵੀ ਤੁਸੀਂ ਨਹੀਂ ਸਮਝੇ? ਕੀ ਤੁਹਾਨੂੰ ਯਾਦ ਨਹੀਂ ਕਿ
ਮੈਂ ਪੰਜ ਰੋਟੀਆਂ ਨਾਲ ਪੰਜ ਹਜ਼ਾਰ ਲੋਕਾਂ ਦੀ ਭੁੱਖ ਮਿਟਾਈ ਸੀ? ਕੀ
ਤੁਹਾਨੂੰ ਯਾਦ ਨਹੀਂ ਕਿ ਬਚੇ ਹੋਏ ਭੋਜਨ ਨਾਲ ਤੁਸੀਂ ਕਿੰਨੇ ਟੋਕਰੇ ਭਰੇ
ਸਨ। 10ਕੀ ਤੁਹਾਨੂੰ ਯਾਦ ਨਹੀਂ ਮੈਂ ਸੱਤਾਂ ਰੋਟੀਆਂ ਨਾਲ ਚਾਰ ਹਜ਼ਾਰ
ਲੋਕਾਂ ਦੀ ਭੁੱਖ ਮਿਟਾਈ ਸੀ? ਕੀ ਤੁਹਾਨੂੰ ਯਾਦ ਨਹੀਂ ਕਿ ਬਚੇ ਹੋਏ
ਭੋਜਨ ਨਾਲ ਤੁਸੀਂ ਕਿੰਨੇ ਟੋਕਰੇ ਭਰੇ ਸਨ? 11ਤਾਂ ਤੁਸੀਂ ਕਿਉਂ ਨਹੀਂ
ਸਮਝਦੇ ਕਿ ਮੈਂ ਤੁਹਾਨੂੰ ਰੋਟੀ ਬਾਰੇ ਨਹੀਂ ਆਖ ਰਿਹਾ ਸੀ? ਪਰ ਮੈਂ
ਤੁਹਾਨੂੰ ਫ਼ਰੀਸੀਆਂ ਅਤੇ ਸਦੂਕੀਆਂ ਦੇ ਖਮੀਰ ਤੋਂ ਹੁਸ਼ਿਆਰ ਰਹਿਣ
ਲਈ ਕਹਿ ਰਿਹਾ ਸੀ।"
12ਤਦ ਚੇਲੇ ਜਾਣ ਗਏ ਕਿ ਉਹ ਉਨ੍ਹਾਂ ਨੂੰ ਰੋਟੀ ਵਿੱਚ ਵਰਤੇ ਜਾਣ
ਵਾਲੇ ਖਮੀਰ ਤੋਂ ਸਾਵਧਾਨ ਰਹਿਣ ਲਈ ਨਹੀਂ ਆਖ ਰਿਹਾ ਸੀ।
ਅਸਲ ਵਿੱਚ ਉਹ ਉਨ੍ਹਾਂ ਨੂੰ ਫ਼ਰੀਸੀਆਂ ਅਤੇ ਸਦੂਕੀਆਂ ਦੇ ਉਪਦੇਸ਼ਾਂ
ਦੇ ਖਿਲਾਫ਼ ਆਪਣੇ-ਆਪ ਦੀ ਰੱਖਿਆ ਕਰਨ ਲਈ ਕਹਿ ਰਿਹਾ ਸੀ।

## ਪਤਰਸ ਨੇ ਕਿਹਾ ਯਿਸੂ ਹੀ ਮਸੀਹ ਹੈ

*(ਮਰਕੁਸ 8:27–30; ਲੂਕਾ 9:18–21)*

13ਕੈਸਰੀਆ ਫ਼ਿਲਿੱਪੀ ਦੇ ਇਲਾਕੇ ਵਿੱਚ ਆ ਕੇ ਯਿਸੂ ਨੇ ਆਪਣੇ
ਚੇਲਿਆਂ ਨੂੰ ਪੁੱਛਿਆ, "ਲੋਕ ਮਨੁੱਖ ਦੇ ਪੁੱਤਰ ਨੂੰ ਕੀ ਆਖਦੇ ਹਨ?"
14ਉਹ ਬੋਲੇ, "ਕੋਈ ਤਾਂ ਯੂਹੰਨਾ ਬਪਤਿਸਮਾ ਦੇਣ ਵਾਲਾ ਕਹਿੰਦੇ
ਹਨ ਅਤੇ ਕੋਈ ਏਲੀਯਾਹ ਅਤੇ ਕੋਈ ਯਿਰਮਿਯਾਹ ਜਾਂ ਨਬੀਆਂ
ਵਿੱਚੋਂ ਇੱਕ।"
15ਉਸ ਨੇ ਉਨ੍ਹਾਂ ਨੂੰ ਕਿਹਾ, "ਪਰ ਤੁਸੀਂ ਮੈਨੂੰ ਕੀ ਕਹਿੰਦੇ ਹੋ ਕਿ
ਮੈਂ ਕੌਣ ਹਾਂ?"
16ਸ਼ਮਊਨ ਪਤਰਸ ਨੇ ਉੱਤਰ ਦਿੱਤਾ, "ਤੁਸੀਂ ਮਸੀਹ ਹੋ, ਜਿਉਂਦੇ
ਪਰਮੇਸ਼ੁਰ ਦੇ ਪੁੱਤਰ ਹੋ।"
17ਯਿਸੂ ਨੇ ਉਸ ਨੂੰ ਉੱਤਰ ਦਿੱਤਾ, "ਤੂੰ ਧੰਨ ਹੈਂ, ਯੂਨਾਹ ਦੇ ਪੁੱਤਰ
ਸ਼ਮਊਨ। ਕਿਉਂਕਿ ਇਹ ਗੱਲ ਤੇਰੇ ਉੱਤੇ ਮਨੁੱਖ ਦੁਆਰਾ ਨਹੀਂ
ਪਰਗਟ ਕੀਤੀ ਗਈ, ਸਗੋਂ ਮੇਰੇ ਪਿਤਾ ਦੁਆਰਾ ਜੋ ਕਿ ਸਵਰਗ
ਵਿੱਚ ਹੈ। 18ਮੈਂ ਵੀ ਤੈਨੂੰ ਆਖਦਾ ਹਾਂ ਕਿ ਤੂੰ ਪਤਰਸ ਹੈਂ, ਅਤੇ
ਮੈਂ ਆਪਣੀ ਕਲੀਸਿਯਾ ਇਸ ਚੱਟਾਨ ਉੱਤੇ ਬਣਾਵਾਂਗਾ। ਮੌਤ ਦੀ
ਸ਼ਕਤੀ ਕਦੀ ਵੀ ਮੇਰੀ ਕਲੀਸਿਯਾ ਨੂੰ ਹਰਾਉਣ ਦੇ ਕਾਬਲ ਨਹੀਂ
ਹੋਵੇਗੀ। 19ਮੈਂ ਤੈਨੂੰ ਸਵਰਗ ਦੇ ਰਾਜ ਦੀਆਂ ਕੁੰਜੀਆਂ ਦੇਵਾਂਗਾ।
ਜੋ ਨਿਆਂ ਤੂੰ ਧਰਤੀ ਉੱਤੇ ਕਰੇਂਗਾ ਉਹ ਪਰਮੇਸ਼ੁਰ ਦੁਆਰਾ ਕੀਤਾ
ਨਿਆਂ ਹੋਵੇਗਾ। ਜਿਸ ਮਾਫ਼ੀ ਦਾ ਇਕਰਾਰ ਤੂੰ ਧਰਤੀ ਤੇ ਕਰੇਂਗਾ
ਉਹ ਪਰਮੇਸ਼ੁਰ ਦੁਆਰਾ ਦਿੱਤੀ ਗਈ ਮਾਫ਼ੀ ਹੋਵੇਗੀ।"
20ਤਦ ਯਿਸੂ ਨੇ ਆਪਣੇ ਚੇਲਿਆਂ ਨੂੰ ਖ਼ਬਰਦਾਰ ਕੀਤਾ ਕਿ ਉਹ
ਕਿਸੇ ਨੂੰ ਨਾ ਕਹਿਣ ਕਿ ਉਹੀ ਮਸੀਹ ਹੈ।

## ਯਿਸੂ ਵੱਲੋਂ ਆਪਣੀ ਮੌਤ ਬਾਰੇ ਅਗੰਮ ਵਾਕ

*(ਮਰਕੁਸ 8:31–9:1; ਲੂਕਾ 9:22–27)*

21ਉਸ ਸਮੇਂ ਤੋਂ ਯਿਸੂ ਨੇ ਆਪਣੇ ਚੇਲਿਆਂ ਨੂੰ ਵਰਣਨ ਕਰਨਾ ਸ਼ੁਰੂ
ਕੀਤਾ ਕਿ ਉਸ ਨੂੰ ਯਰੂਸ਼ਲਮ ਜਰੂਰ ਜਾਣਾ ਪਵੇਗਾ ਅਤੇ ਬਜ਼ੁਰਗ
ਯਹੂਦੀ ਆਗੂਆਂ, ਪ੍ਰਧਾਨ ਜਾਜਕਾਂ ਅਤੇ ਨੇਮ ਦੇ ਉਪਦੇਸ਼ਕਾਂ
ਦੁਆਰਾ ਬਹੁਤ ਕਸ਼ਟ ਝੱਲਣੇ ਪੈਣਗੇ। ਉਸ ਨੇ ਇਹ ਵੀ ਦੱਸਿਆ
ਕਿ ਉਹ ਮਾਰਿਆ ਜਾਵੇਗਾ, ਪਰ ਮਰਨ ਤੋਂ ਤੀਜੇ ਦਿਨ ਉਹ ਫ਼ੇਰ
ਜੀ ਉੱਠੇਗਾ।
22ਤਦ ਪਤਰਸ ਉਸ ਨੂੰ ਇੱਕ ਪਾਸੇ ਲਿਜਾ ਕੇ ਝਿੜਕਣ ਲੱਗਾ,
"ਪ੍ਰਭੂ, ਪਰਮੇਸ਼ੁਰ ਤੁਹਾਨੂੰ ਉਨ੍ਹਾਂ ਗੱਲਾਂ ਤੋਂ ਬਚਾਵੇ। ਇਹ ਕਦੇ ਵੀ
ਤੁਹਾਡੇ ਨਾਲ ਨਾ ਵਾਪਰੇ!"
23ਯਿਸੂ ਮੁੜਿਆ ਅਤੇ ਪਤਰਸ ਨੂੰ ਆਖਿਆ, "ਹੇ ਸ਼ੈਤਾਨ,
ਮੈਥੋਂ ਦੂਰ ਚਲਿਆ ਜਾ। ਤੂੰ ਮੇਰੀ ਸਹਾਇਤਾ ਨਹੀਂ ਕਰ ਰਿਹਾ, ਤੂੰ
ਪਰਮੇਸ਼ੁਰ ਦੇ ਬਚਨਾਂ ਦਾ ਧਿਆਨ ਨਹੀਂ ਕਰ ਰਿਹਾ, ਸਗੋਂ ਤੂੰ ਉਨ੍ਹਾਂ
ਗੱਲਾਂ ਲਈ ਫ਼ਿਕਰਮੰਦ ਹੈਂ ਜਿਨ੍ਹਾਂ ਨੂੰ ਲੋਕ ਜ਼ਰੂਰੀ ਸਮਝਦੇ ਹਨ।"
24ਤਦ ਯਿਸੂ ਨੇ ਆਪਣੇ ਚੇਲਿਆਂ ਨੂੰ ਆਖਿਆ, "ਜੇ ਕੋਈ ਮੇਰੇ
ਪਿੱਛੇ ਆਉਣਾ ਚਾਹੁੰਦਾ ਹੈ ਤਾਂ ਉਸ ਨੂੰ ਉਨ੍ਹਾਂ ਗੱਲਾਂ ਨੂੰ 'ਨਾਂਹ' ਆਖਣੀ
ਪਵੇਗੀ ਜਿਨ੍ਹਾਂ ਨੂੰ ਉਹ ਚਾਹੁੰਦਾ ਹੈ। ਉਸ ਵਿਅਕਤੀ ਨੂੰ ਉਹ ਸਲੀਬ
ਕਬੂਲ ਕਰਨੀ ਚਾਹੀਦੀ ਹੈ ਜੋ ਉਸ ਨੂੰ ਦਿੱਤੀ ਗਈ ਹੈ ਅਤੇ ਮੇਰੇ ਪਿੱਛੇ
ਆਉਣਾ ਚਾਹੀਦਾ ਹੈ। 25ਕਿਉਂਕਿ ਜਿਹੜਾ ਆਪਣੀ ਜਾਨ ਬਚਾਉਣੀ
ਚਾਹੇਗਾ ਉਹ ਉਸ ਨੂੰ ਗੁਆ ਦੇਵੇਗਾ, ਅਤੇ ਹਰ ਉਹ ਵਿਅਕਤੀ ਜੋ
ਮੇਰੇ ਲਈ ਆਪਣੀ ਜਾਨ ਗੁਆਵੇਗਾ ਉਹ ਉਸ ਨੂੰ ਪਾ ਲਵੇਗਾ।
26ਕਿਸੇ ਵਿਅਕਤੀ ਨੂੰ ਕੀ ਲਾਭ ਹੋਵੇਗਾ ਜੇਕਰ ਉਹ ਸਾਰੀ ਦੁਨੀਆ
ਜਿੱਤ ਲਵੇ, ਪਰ ਆਪਣੀ ਜਾਨ ਗੁਆ ਲਵੇ? ਵਿਅਕਤੀ ਆਪਣੀ
ਜਾਨ ਵਾਪਸ ਲੈਣ ਲਈ ਕੁਝ ਵੀ ਨਹੀਂ ਦੇ ਸਕਦਾ। 27ਮਨੁੱਖ ਦਾ
ਪੁੱਤਰ ਆਪਣੇ ਦੂਤਾਂ ਸਮੇਤ ਅਤੇ ਪਿਤਾ ਦੀ ਮਹਿਮਾ ਨਾਲ ਮੁੜ
ਆਵੇਗਾ, ਅਤੇ ਉਸ ਵਕਤ ਮਨੁੱਖ ਦਾ ਪੁੱਤਰ ਹਰ ਇੱਕ ਨੂੰ ਉਸ ਦੀ
ਕਰਨੀ ਦਾ ਫ਼ਲ ਦੇਵੇਗਾ। 28ਮੈਂ ਸੱਚਮੁੱਚ ਤੁਹਾਨੂੰ ਸੱਚ ਆਖਦਾ ਹਾਂ
ਕਿ ਇੱਥੇ ਖੜ੍ਹੇ ਲੋਕਾਂ ਵਿੱਚੋਂ ਕੁਝ ਲੋਕ ਮਰਨ ਤੋਂ ਪਹਿਲਾਂ ਮਨੁੱਖ ਦੇ
ਪੁੱਤਰ ਨੂੰ ਆਪਣੇ ਰਾਜ ਨਾਲ ਆਉਂਦਾ ਦੇਖਣਗੇ।"

## ਯਿਸੂ, ਮੂਸਾ ਅਤੇ ਏਲੀਯਾਹ ਦੇ ਨਾਲ

*(ਮਰਕੁਸ 9:2–13; ਲੂਕਾ 9:28–36)*

**17** 1ਛੇਆਂ ਦਿਨਾਂ ਬਾਦ ਯਿਸੂ ਨੇ ਪਤਰਸ, ਯਾਕੂਬ ਅਤੇ
ਉਸ ਦੇ ਭਰਾ ਯੂਹੰਨਾ ਨੂੰ ਲਿਆ ਅਤੇ ਉਨ੍ਹਾਂ ਨੂੰ ਇੱਕ
ਉੱਚੇ ਪਹਾੜ ਤੇ ਲੈ ਗਿਆ। 2ਉਨ੍ਹਾਂ ਚੇਲਿਆਂ ਦੇ ਸਾਹਮਣੇ ਯਿਸੂ
ਦਾ ਰੂਪ ਬਦਲ ਗਿਆ। ਉਸ ਦਾ ਚਿਹਰਾ ਸੂਰਜ ਵਾਂਗ ਚਮਕਿਆ
ਅਤੇ ਉਸ ਦੇ ਕੱਪੜੇ ਚਾਨਣ ਵਰਗੇ ਚਿੱਟੇ ਹੋ ਗਏ। 3ਤਦ ਉਨ੍ਹਾਂ ਨੂੰ
ਦੋ ਆਦਮੀ, ਮੂਸਾ ਅਤੇ ਏਲੀਯਾਹ, ਯਿਸੂ ਨਾਲ ਗੱਲਾਂ ਕਰਦੇ ਹੋਏ
ਨਜ਼ਰ ਆਏ।
4ਤਦ ਪਤਰਸ ਨੇ ਅੱਗੋਂ ਯਿਸੂ ਨੂੰ ਆਖਿਆ, "ਪ੍ਰਭੂ ਜੀ ਸਾਡਾ
ਇੱਥੇ ਹੋਣਾ ਚੰਗਾ ਹੈ। ਜੇ ਤੁਸੀਂ ਚਾਹੋ ਤਾਂ ਇੱਥੇ ਤਿੰਨ ਡੇਰੇ ਬਣਾਵਾਂ,
ਇੱਕ ਤੁਹਾਡੇ ਲਈ ਇੱਕ ਮੂਸਾ ਲਈ ਅਤੇ ਇੱਕ ਏਲੀਯਾਹ ਲਈ।"
5ਅਜੇ ਪਤਰਸ ਬੋਲ ਹੀ ਰਿਹਾ ਸੀ ਕਿ ਇੱਕ ਜੋਤਮਾਨ ਬੱਦਲ ਨੇ
ਉਨ੍ਹਾਂ ਉੱਪਰ ਛਾਂ ਕੀਤੀ ਅਤੇ ਉਸ ਬੱਦਲ ਵਿੱਚੋਂ ਇੱਕ ਅਵਾਜ਼ ਇਹ
ਕਹਿੰਦੀ ਆਈ, "ਇਹ ਮੇਰਾ ਪੁੱਤਰ ਹੈ ਅਤੇ ਮੈਂ ਇਸ ਨੂੰ ਪਿਆਰ
ਕਰਦਾ ਹਾਂ!"
6ਜਦੋਂ ਚੇਲਿਆਂ ਨੇ ਇਹ ਅਵਾਜ਼ ਸੁਣੀ ਤਾਂ ਉਹ ਘਬਰਾ ਗਏ।
ਉਹ ਮੂਧੇ ਮੂੰਹ ਡਿੱਗ ਪਏ। 7ਪਰ ਯਿਸੂ ਨੇ ਨੇੜੇ ਆ ਕੇ ਉਨ੍ਹਾਂ
ਨੂੰ ਛੋਹਿਆ ਅਤੇ ਕਿਹਾ, "ਉੱਠੋ ਅਤੇ ਡਰੋ ਨਾ।" 8ਤਦ ਉਨ੍ਹਾਂ ਨੇ
ਆਪਣੀਆਂ ਅੱਖਾਂ ਚੁੱਕੀਆਂ ਤਾਂ ਉੱਥੇ ਹੋਰ ਕਿਸੇ ਨੂੰ ਨਹੀਂ, ਸਿਰਫ਼
ਯਿਸੂ ਨੂੰ ਇਕੱਲਾ ਦੇਖਿਆ।
9ਜਦੋਂ ਯਿਸੂ ਅਤੇ ਉਸ ਦੇ ਚੇਲੇ ਪਹਾੜ ਤੋਂ ਹੇਠਾਂ ਆ ਰਹੇ ਸਨ
ਤਾਂ ਯਿਸੂ ਨੇ ਉਨ੍ਹਾਂ ਨੂੰ ਆਦੇਸ਼ ਦਿੱਤਾ, "ਜਦ ਤੀਕ ਮਨੁੱਖ ਦਾ ਪੁੱਤਰ
ਮੁਰਦਿਆਂ ਵਿੱਚੋਂ ਨਾ ਜੀ ਉੱਠੇ, ਉਸ ਦਰਸ਼ਣ ਦੀ ਗੱਲ ਕਿਸੇ ਨੂੰ ਨਾ
ਦੱਸਣਾ।"

10ਤਦ ਉਸ ਦੇ ਚੇਲਿਆਂ ਨੇ ਉਸ ਤੋਂ ਪੁੱਛਿਆ, "ਫ਼ੇਰ ਨੇਮ ਦੇ
ਉਪਦੇਸ਼ਕ ਇਹ ਕਿਉਂ ਆਖਦੇ ਹਨ ਕਿ ਮਸੀਹ ਦੇ ਆਉਣ ਤੋਂ
ਪਹਿਲਾਂ ਏਲੀਯਾਹ ਦਾ ਆਉਣਾ ਜ਼ਰੂਰੀ ਹੈ?"
11ਯਿਸੂ ਨੇ ਉੱਤਰ ਦਿੱਤਾ, "ਉਹ ਠੀਕ ਆਖਦੇ ਹਨ ਕਿ ਉਹ
ਆਵੇਗਾ ਅਤੇ ਸਭ ਕੁਝ ਬਹਾਲ ਕਰੇਗਾ। 12ਪਰ ਮੈਂ ਤੁਹਾਨੂੰ ਆਖਦਾ
ਹਾਂ ਕਿ ਏਲੀਯਾਹ ਪਹਿਲਾਂ ਹੀ ਆ ਚੁੱਕਿਆ ਹੈ, ਪਰ ਉਨ੍ਹਾਂ ਨੇ ਉਸ
ਨੂੰ ਨਹੀਂ ਪਛਾਣਿਆ। ਅਤੇ ਜੋ ਬਦੀ ਲੋਕ ਕਰ ਸਕਦੇ ਸਨ, ਉਨ੍ਹਾਂ
ਨੇ ਉਸ ਨਾਲ ਕੀਤੀ। ਇਸੇ ਤਰ੍ਹਾਂ ਮਨੁੱਖ ਦਾ ਪੁੱਤਰ ਵੀ ਉਨ੍ਹਾਂ ਹੱਥੋਂ
ਦੁੱਖ ਪਾਵੇਗਾ।" 13ਤਦ ਚੇਲਿਆਂ ਨੂੰ ਸਮਝ ਪਈ ਕਿ ਯਿਸੂ ਦਾ
ਭਾਵ ਯੂਹੰਨਾ ਬਪਤਿਸਮਾ ਦੇਣ ਵਾਲੇ ਤੋਂ ਹੈ ਕਿ ਉਹੀ ਅਸਲ ਵਿੱਚ
ਏਲੀਯਾਹ ਸੀ।

### ਯਿਸੂ ਵੱਲੋਂ ਬਿਮਾਰ ਬੱਚੇ ਨੂੰ ਠੀਕ ਕਰਨਾ

*(ਮਰਕੁਸ 9:14–29; ਲੂਕਾ 9:37–43)*

14ਜਦੋਂ ਯਿਸੂ ਅਤੇ ਉਸ ਦੇ ਚੇਲੇ ਭੀੜ ਕੋਲ ਵਾਪਸ ਮੁੜੇ ਤਾਂ ਇੱਕ
ਮਨੁੱਖ ਉਸ ਦੇ ਕੋਲ ਆਇਆ ਅਤੇ ਉਸ ਅੱਗੇ ਗੋਡੇ ਨਿਵਾ ਕੇ
ਬੋਲਿਆ, 15"ਪ੍ਰਭੂ ਜੀ, ਮੇਰੇ ਪੁੱਤਰ ਉੱਤੇ ਦਯਾ ਕਰੋ, ਕਿਉਂਕਿ ਉਹ
ਮਿਰਗੀ ਦੇ ਮਾਰੇ ਬਹੁਤ ਦੁੱਖ ਪਾਉਂਦਾ ਹੈ। ਉਹ ਤਾਂ ਬਹੁਤ ਵਾਰੀ ਅੱਗ
ਵਿੱਚ ਜਾਂ ਪਾਣੀ ਵਿੱਚ ਡਿੱਗ ਪੈਂਦਾ ਹੈ। 16ਮੈਂ ਉਸ ਨੂੰ ਤੁਹਾਡੇ ਚੇਲਿਆਂ
ਕੋਲ ਲਿਆਇਆ ਸੀ, ਪਰ ਉਹ ਉਸ ਨੂੰ ਚੰਗਾ ਨਾ ਕਰ ਸਕੇ।"
17ਤਦ ਯਿਸੂ ਨੇ ਉੱਤਰ ਦਿੱਤਾ, "ਤੁਹਾਨੂੰ ਵਿਸ਼ਵਾਸ ਨਹੀਂ ਹੈ।
ਤੁਹਾਡਾ ਜੀਵਨ-ਢੰਗ ਗਲਤ ਹੈ। ਕਿੰਨਾ ਚਿਰ ਮੈਨੂੰ ਤੁਹਾਡੇ ਨਾਲ
ਰਹਿਣਾ ਪਵੇਗਾ? ਕਿੰਨਾ ਚਿਰ ਮੈਂ ਤੁਹਾਡੇ ਨਾਲ ਸਬਰ ਤੋਂ ਕੰਮ
ਲਵਾਂਗਾ। ਬੱਚੇ ਨੂੰ ਇੱਥੇ ਲਿਆਓ।" 18ਤਦ ਯਿਸੂ ਨੇ ਬੱਚੇ ਅੰਦਰਲੇ
ਭੂਤ ਨੂੰ ਸਖਤੀ ਨਾਲ ਝਿੜਕਿਆ। ਭੂਤ ਬੱਚੇ ਵਿੱਚੋਂ ਬਾਹਰ ਆ
ਗਿਆ ਅਤੇ ਉਸੇ ਘੜੀ ਬੱਚਾ ਚੰਗਾ ਹੋ ਗਿਆ।
19ਫ਼ੇਰ ਜਦੋਂ ਯਿਸੂ ਇਕੱਲਾ ਸੀ ਤਾਂ ਚੇਲੇ ਉਸ ਕੋਲ ਆਏ ਅਤੇ
ਪੁੱਛਿਆ ਕਿ ਅਸੀਂ ਭੂਤ ਨੂੰ ਕਿਉਂ ਨਾ ਕੱਢ ਸਕੇ?
20ਉਸ ਨੇ ਉਨ੍ਹਾਂ ਨੂੰ ਕਿਹਾ, "ਤੁਸੀਂ ਉਸ ਬੱਚੇ ਵਿੱਚੋਂ ਭੂਤ ਕੱਢਣ ਵਿੱਚ
ਇਸ ਲਈ ਨਾਕਾਮਯਾਬ ਰਹੇ, ਕਿਉਂਕਿ ਤੁਹਾਡੀ ਨਿਹਚਾ ਕਮਜ਼ੋਰ ਸੀ।
ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਜੇ ਤੁਹਾਡੇ ਵਿੱਚ ਸਰ੍ਹੋਂ ਦੇ ਦਾਣੇ ਜਿੰਨਾ
ਵੀ ਵਿਸ਼ਵਾਸ ਹੋਵੇ ਤਾਂ ਤੁਸੀਂ ਇਸ ਪਹਾੜ ਨੂੰ ਵੀ ਜੇ ਕਹੋਗੇ, 'ਇੱਥੋਂ
ਹੱਟ ਕੇ ਉਸ ਥਾਂ ਚਲਾ ਜਾ', ਤਾਂ ਉਹ ਚਲਿਆ ਜਾਵੇਗਾ ਅਤੇ ਤੁਹਾਡੇ
ਲਈ ਕੋਈ ਵੀ ਕੰਮ ਅਣਹੋਣਾ ਨਹੀਂ ਹੋਵੇਗਾ। 21[ਉਸ ਤਰ੍ਹਾਂ ਦੀ
ਆਤਮਾ ਸਿਰਫ਼ ਪ੍ਰਾਰਥਨਾ ਅਤੇ ਵਰਤਾਂ ਰਾਹੀਂ ਬਾਹਰ ਆਉਂਦੀ ਹੈ।]"

### ਯਿਸੂ ਦਾ ਆਪਣੀ ਮੌਤ ਬਾਰੇ ਐਲਾਨ

*(ਮਰਕੁਸ 9:30–32; ਲੂਕਾ 9:43–45)*

22ਬਾਦ ਵਿੱਚ ਸਾਰੇ ਚੇਲੇ ਗਲੀਲ ਵਿੱਚ ਇਕੱਠੇ ਹੋਏ ਅਤੇ ਯਿਸੂ
ਨੇ ਉਨ੍ਹਾਂ ਨੂੰ ਕਿਹਾ, "ਮਨੁੱਖ ਦਾ ਪੁੱਤਰ ਲੋਕਾਂ ਦੇ ਹੱਥ ਸੌਂਪ ਦਿੱਤਾ
ਜਾਵੇਗਾ। 23ਉਹ ਮਨੁੱਖ ਦੇ ਪੁੱਤਰ ਨੂੰ ਮਾਰ ਸੁੱਟਣਗੇ ਅਤੇ ਉਹ ਫ਼ਿਰ
ਤੀਜੇ ਦਿਨ ਜੀ ਉੱਠੇਗਾ।" ਚੇਲੇ ਇਹ ਸੁਣ ਕੇ ਬੜੇ ਉਦਾਸ ਹੋਏ ਕਿ
ਯਿਸੂ ਮਾਰਿਆ ਜਾਵੇਗਾ।

### ਯਿਸੂ ਦਾ ਮਹਿਸੂਲ ਦੇਣ ਬਾਰੇ ਉਪਦੇਸ਼

24ਯਿਸੂ ਅਤੇ ਉਸ ਦੇ ਚੇਲਿਆਂ ਦੇ ਕਫ਼ਰਨਾਹੂਮ ਆਉਣ ਤੋਂ
ਬਾਦ ਮੰਦਰ ਦਾ ਕਰ ਉਗਰਾਹੁਣ ਵਾਲੇ ਪਤਰਸ ਕੋਲ ਆਏ ਅਤੇ
ਆਖਿਆ, "ਤੁਹਾਡਾ ਗੁਰੂ ਮੰਦਰ ਦਾ ਦੋ ਦ੍ਰਾਖਮਾ ਮਹਿਸੂਲ ਦਿੰਦਾ
ਹੈ?"
25ਪਤਰਸ ਨੇ ਉੱਤਰ ਦਿੱਤਾ, "ਹਾਂ, ਯਿਸੂ ਮਹਿਸੂਲ ਦਿੰਦਾ ਹੈ।"
ਜਦੋਂ ਪਤਰਸ ਘਰ ਅੰਦਰ ਆਇਆ ਤਾਂ ਉਸ ਦੇ ਬੋਲਣ ਤੋਂ
ਪਹਿਲਾਂ ਹੀ ਯਿਸੂ ਬੋਲਿਆ ਅਤੇ ਉਸ ਨੂੰ ਪੁੱਛਿਆ, "ਸ਼ਮਊਨ,
ਤੂੰ ਕੀ ਸੋਚਦਾ ਹੈਂ? ਧਰਤੀ ਦੇ ਰਾਜੇ ਕਿਨ੍ਹਾਂ ਤੋਂ ਕਰ ਅਤੇ ਮਹਿਸੂਲ
ਵਸੂਲਦੇ ਹਨ, ਆਪਣੇ ਬੱਚਿਆਂ ਤੋਂ ਜਾਂ ਦੂਸਰਿਆਂ ਤੋਂ?"
26ਪਤਰਸ ਨੇ ਜਵਾਬ ਦਿੱਤਾ, "ਉਹ ਹੋਰਾਂ ਤੋਂ ਮਹਿਸੂਲ ਵਸੂਲਦੇ
ਹਨ।"
ਤਦ ਯਿਸੂ ਨੇ ਆਖਿਆ, "ਇਸ ਲਈ ਉਨ੍ਹਾਂ ਦੇ ਆਪਣੇ ਬੱਚਿਆਂ
ਨੂੰ ਛੋਟ ਹੈ। 27ਪਰ ਅਸੀਂ ਮਹਿਸੂਲੀਆਂ ਨੂੰ ਨਾਰਾਜ਼ ਨਹੀਂ ਕਰਨਾ
ਚਾਹੁੰਦੇ, ਇਸ ਲਈ ਇਸ ਢੰਗ ਨਾਲ ਮਹਿਸੂਲ ਅਦਾ ਕਰੋ; ਝੀਲ ਤੇ
ਜਾਓ ਅਤੇ ਮੱਛੀਆਂ ਫ਼ੜੋ। ਜਿਹੜੀ ਮੱਛੀ ਤੂੰ ਪਹਿਲਾਂ ਫ਼ੜੇਂਗਾ ਉਸ
ਦਾ ਮੂੰਹ ਖੋਲ੍ਹੀਂ ਅਤੇ ਚਾਰ ਦ੍ਰਾਖਮਾ ਦਾ ਇੱਕ ਸਿੱਕਾ ਮਿਲੇਗਾ। ਉਹ
ਨੂੰ ਲੈ ਕੇ ਮਹਿਸੂਲੀਏ ਨੂੰ ਦੇ ਦੇਵੀਂ। ਇਸ ਨਾਲ ਮੇਰਾ ਤੇਰਾ ਮਹਿਸੂਲ
ਦਿੱਤਾ ਜਾਵੇਗਾ।"

### ਯਿਸੂ ਨੇ ਦੱਸਿਆ ਕਿ ਕੌਣ ਮਹਾਨ ਹੈ

*(ਮਰਕੁਸ 9:33–37; ਲੂਕਾ 9:46–48)*

**18** 1ਉਸੇ ਘੜੀ ਚੇਲੇ ਯਿਸੂ ਕੋਲ ਆਏ ਅਤੇ ਆਖਣ ਲੱਗੇ,
"ਸਵਰਗ ਦੇ ਰਾਜ ਵਿੱਚ ਸਭਨਾਂ ਨਾਲੋਂ ਵੱਡਾ ਕੌਣ ਹੈ?"
2ਤਦ ਉਸ ਨੇ ਇੱਕ ਛੋਟੇ ਬੱਚੇ ਨੂੰ ਸੱਦਿਆ ਅਤੇ ਉਸ ਨੂੰ ਚੇਲਿਆਂ
ਦੇ ਸਾਹਮਣੇ ਖੜ੍ਹਾ ਕਰਕੇ ਆਖਿਆ, 3"ਮੈਂ ਤੁਹਾਨੂੰ ਸੱਚ ਆਖਦਾ
ਹਾਂ ਕਿ ਤੁਹਾਨੂੰ ਬਦਲਨਾ ਚਾਹੀਦਾ ਹੈ ਅਤੇ ਆਪਣੇ ਦਿਲਾਂ ਵਿੱਚ ਛੋਟੇ
ਬੱਚਿਆਂ ਜਿਹੇ ਬਣ ਜਾਣਾ ਚਾਹੀਦਾ ਹੈ, ਨਹੀਂ ਤਾਂ ਤੁਸੀਂ ਕਦੇ ਵੀ
ਸਵਰਗ ਦੇ ਰਾਜ ਵਿੱਚ ਦਾਖਲ ਨਹੀਂ ਹੋਵੋਗੇ। 4ਇਸ ਲਈ ਜੋ ਕੋਈ
ਵੀ ਆਪਣੇ ਆਪ ਨੂੰ ਇਸ ਬੱਚੇ ਵਾਂਗ ਹਲੀਮ ਬਣਾਉਂਦਾ ਹੈ, ਸੋਈ
ਸਵਰਗ ਦੇ ਰਾਜ ਵਿੱਚ ਸਭਨਾਂ ਤੋਂ ਵੱਡਾ ਹੈ।
5"ਅਤੇ ਜੋ ਕੋਈ ਵੀ ਇਸ ਤਰ੍ਹਾਂ ਇੱਕ ਛੋਟੇ ਬੱਚੇ ਨੂੰ ਮੇਰੇ ਨਾਮ
ਵਿੱਚ ਕਬੂਲਦਾ ਹੈ, ਉਹ ਮੈਨੂੰ ਕਬੂਲਦਾ ਹੈ।

### ਯਿਸੂ ਪਾਪਾਂ ਦੇ ਕਾਰਨਾਂ ਬਾਰੇ ਚੇਤਾਵਨੀ ਦਿੰਦਾ ਹੈ

*(ਮਰਕੁਸ 9:42–48; ਲੂਕਾ 17:1–2)*

6"ਜਿਹੜਾ ਕੋਈ ਵੀ ਇਨ੍ਹਾਂ ਛੋਟਿਆਂ ਬੱਚਿਆਂ ਕੋਲੋਂ ਜਿਹੜੇ ਮੇਰੇ
ਵਿੱਚ ਨਿਹਚਾ ਰੱਖਦੇ ਹਨ, ਪਾਪ ਕਰਾਉਣ ਦਾ ਕਾਰਣ ਬਣਦਾ ਹੈ,
ਉਸ ਮਨੁੱਖ ਲਈ ਇਹ ਚੰਗਾ ਹੋਵੇਗਾ ਕਿ ਉਸ ਦੇ ਗਲੇ ਵਿੱਚ
ਚੱਕੀ ਦਾ ਪੁੜ ਬੰਨ੍ਹ ਕੇ ਉਸ ਨੂੰ ਡੂੰਘੇ ਸਮੁੰਦਰ ਵਿੱਚ ਡੋਬ ਦਿੱਤਾ
ਜਾਵੇ। 7ਉਨ੍ਹਾਂ ਲੋਕਾਂ ਉੱਤੇ ਹਾਏ ਜਿਹੜੇ ਲੋਕਾਂ ਤੋਂ ਪਾਪ ਕਰਾਉਣ
ਦਾ ਕਾਰਣ ਬਣਦੇ ਹਨ। ਇਹ ਗੱਲਾਂ ਤਾਂ ਵਾਪਰਨੀਆਂ ਹੀ ਹਨ,
ਪਰ ਉਸ ਵਿਅਕਤੀ ਉੱਤੇ ਹਾਏ ਜੋ ਇਨ੍ਹਾਂ ਗੱਲਾਂ ਦੇ ਵਾਪਰਨ ਦਾ
ਕਾਰਣ ਬਣਦਾ ਹੈ।
8"ਜੇਕਰ ਤੁਹਾਡਾ ਹੱਥ ਜਾਂ ਪੈਰ ਤੁਹਾਥੋਂ ਪਾਪ ਕਰਾਵੇ ਤਾਂ ਇਸ ਨੂੰ
ਵੱਢ ਕੇ ਸੁੱਟ ਦਿਓ। ਤੁਹਾਡੇ ਵਾਸਤੇ ਇੱਕ ਹੱਥ ਜਾਂ ਪੈਰ ਨਾਲ ਜੀਵਨ
ਵਿੱਚ ਦਾਖਲ ਹੋਣਾ ਇਸ ਤੋਂ ਕਿਤੇ ਵੱਧ ਲਾਹੇਵੰਦ ਹੈ ਕਿ ਤੁਸੀਂ ਦੋਹਾਂ
ਹੱਥਾਂ-ਪੈਰਾਂ ਸਮੇਤ ਹਮੇਸ਼ਾ ਲਈ ਨਰਕਾਂ ਦੀ ਅੱਗ ਵਿੱਚ ਸੁੱਟੇ ਜਾਓ।
9ਜੇਕਰ ਤੁਹਾਡੀ ਅੱਖ ਪਾਪ ਕਰਾਵੇ ਤਾਂ ਇਸ ਨੂੰ ਕੱਢ ਕੇ ਸੁੱਟ ਦਿਓ।
ਤੁਹਾਡੇ ਲਈ ਕਾਣਾ ਹੋ ਕੇ ਜੀਵਨ ਵਿੱਚ ਦਾਖਲ ਹੋਣਾ ਇਸ ਤੋਂ ਕਿਤੇ

ਚੰਗਾ ਹੈ ਕਿ ਤੁਸੀਂ ਦੋ ਅੱਖਾਂ ਹੁੰਦਿਆਂ ਹੋਇਆਂ ਹਮੇਸ਼ਾ ਲਈ ਨਰਕਾਂ
ਦੀ ਅੱਗ ਵਿੱਚ ਸੁੱਟ ਦਿੱਤੇ ਜਾਓ।

## ਯਿਸੂ ਦਾ ਗੁਆਚੀ ਭੇਡ ਬਾਰੇ ਦ੍ਰਿਸ਼ਟਾਂਤ

*(ਲੂਕਾ 15:3–7)*

10“ਸਾਵਧਾਨ ਰਹੋ! ਇਨ੍ਹਾਂ ਛੋਟੇ ਬੱਚਿਆਂ ਨੂੰ ਨਫ਼ਰਤ ਨਾਲ ਨਾ ਵੇਖੋ!
ਕਿਉਂਕਿ ਮੈਂ ਤੁਹਾਨੂੰ ਆਖਦਾ ਹਾਂ ਕਿ ਇਨ੍ਹਾਂ ਬੱਚਿਆਂ ਦੇ ਦੂਤ ਸਵਰਗ
ਵਿੱਚ ਹਨ ਅਤੇ ਉਹ ਦੂਤ ਹਮੇਸ਼ਾ ਉਤਾਂਹ ਮੇਰੇ ਸਵਰਗੀ ਪਿਤਾ ਨਾਲ
ਹੁੰਦੇ ਹਨ। 11[ਆਦਮੀ ਦਾ ਪੁੱਤਰ ਗੁਆਚੇ ਲੋਕਾਂ ਨੂੰ ਬਚਾਉਣ ਲਈ
ਆਇਆ।]

12“ਤੁਸੀਂ ਕੀ ਸਮਝਦੇ ਹੋ? ਜੇਕਰ ਕਿਸੇ ਮਨੁੱਖ ਕੋਲ ਸੌ ਭੇਡਾਂ
ਹੋਣ ਅਤੇ ਉਨ੍ਹਾਂ ਵਿੱਚੋਂ ਇੱਕ ਭੇਡ ਗੁਆਚ ਜਾਵੇ, ਤਾਂ ਕੀ ਉਹ 99
ਭੇਡਾਂ ਨੂੰ ਪਹਾੜ ਤੇ ਛੱਡ ਕੇ ਉਸ ਗੁਆਚੀ ਹੋਈ ਭੇਡ ਨੂੰ ਲੱਭਣ
ਨਹੀਂ ਜਾਵੇਗਾ? 13ਮੈਂ ਤੁਹਾਨੂੰ ਸੱਚ ਕਹਿੰਦਾ ਹਾਂ ਕਿ ਜੇਕਰ ਮਨੁੱਖ
ਗੁਆਚੀ ਹੋਈ ਭੇਡ ਨੂੰ ਲੱਭ ਲਵੇ, ਤਾਂ ਉਹ ਆਦਮੀ 99 ਭੇਡਾਂ ਨਾਲੋਂ
ਜਿਹੜੀਆਂ ਗੁਆਚੀਆਂ ਨਹੀਂ ਸਨ, ਉਸ ਇੱਕ ਭੇਡ ਬਾਰੇ ਵੱਧ
ਖੁਸ਼ ਹੋਵੇਗਾ। 14ਉਸੇ ਤਰ੍ਹਾਂ ਤੁਹਾਡੇ ਪਿਤਾ ਦੀ ਜਿਹੜਾ ਸਵਰਗ
ਵਿੱਚ ਹੈ, ਇਹ ਮਰਜ਼ੀ ਨਹੀਂ ਕਿ ਇਨ੍ਹਾਂ ਬੱਚਿਆਂ ਵਿੱਚੋਂ ਕੋਈ ਇੱਕ
ਵੀ ਗੁਆਚ ਜਾਵੇ।

## ਜਦੋਂ ਕੋਈ ਮਨੁੱਖ ਗਲਤ ਕੰਮ ਕਰਦਾ ਹੈ

*(ਲੂਕਾ 17:3)*

15“ਜੇਕਰ ਤੁਹਾਡਾ ਕੋਈ ਭਰਾ ਤੁਹਾਡੇ ਨਾਲ ਗਲਤ ਵਿਹਾਰ ਕਰੇ
ਤਾਂ ਤੁਸੀਂ ਉਸ ਨੂੰ ਇਕੱਲੇ ਜਾ ਕੇ ਸਮਝਾਓ ਕਿ ਉਸ ਨੇ ਇਹ ਕੰਮ
ਗਲਤ ਕੀਤਾ ਹੈ। ਜੇਕਰ ਉਹ ਤੁਹਾਡੀ ਸੁਣਦਾ ਹੈ ਤਾਂ ਤੁਸੀਂ ਉਸ ਨੂੰ
ਫ਼ਿਰ ਤੋਂ ਆਪਣਾ ਚੰਗਾ ਭਰਾ ਬਣਾਉਣ ਵਿੱਚ ਸਫ਼ਲ ਹੋ ਗਏ ਹੋ।
16ਪਰ ਜੇਕਰ ਉਹ ਤੁਹਾਨੂੰ ਸੁਣਨ ਤੋਂ ਇਨਕਾਰ ਕਰਦਾ ਹੈ ਤਾਂ ਆਪਣੇ
ਨਾਲ ਇੱਕ ਜਾਂ ਦੋ ਵਿਅਕਤੀਆਂ ਨੂੰ ਲੈ ਕੇ ਜਾਓ ਤਾਂ ਕਿ ਜੋ ਕੁਝ ਵੀ
ਹੋਵੇ ਉਸ ਬਾਰੇ ਉਹ ਦੋ ਜਾਂ ਤਿੰਨ ਵਿਅਕਤੀ ਗਵਾਹੀ ਦੇ ਸਕਣ।
17ਜੇਕਰ ਉਹ ਉਨ੍ਹਾਂ ਦੀ ਵੀ ਨਾ ਸੁਣੇ ਤਾਂ ਫ਼ਿਰ ਕਲੀਸਿਯਾ ਨੂੰ ਖ਼ਬਰ
ਦਿਓ। ਜੇਕਰ ਉਹ ਕਲੀਸਿਯਾ ਦੀ ਵੀ ਸੁਣਨ ਤੋਂ ਇਨਕਾਰ ਕਰਦਾ
ਹੈ ਤਾਂ ਉਸ ਨੂੰ ਗੈਰ-ਯਹੂਦੀ ਅਤੇ ਇੱਕ ਮਹਿਸੂਲੀਆ ਮੰਨ ਲਵੋ।

18“ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਜੋ ਵੀ ਨਿਆਂ ਤੁਸੀਂ ਇੱਥੇ
ਧਰਤੀ ਤੇ ਕਰੋਗੇ, ਉਹ ਪਰਮੇਸ਼ੁਰ ਦੁਆਰਾ ਕੀਤਾ ਨਿਆਂ ਹੋਵੇਗਾ।
ਜੋ ਕੁਝ ਵੀ ਤੁਸੀਂ ਧਰਤੀ ਤੇ ਮਾਫ਼ ਕਰੋਗੇ ਉਹ ਮਾਫ਼ੀ ਪਰਮੇਸ਼ੁਰ ਦੀ
ਦਿੱਤੀ ਹੋਈ ਮਾਫ਼ੀ ਹੋਵੇਗੀ। 19ਮੈਂ ਤੁਹਾਨੂੰ ਇਹ ਵੀ ਕਹਿੰਦਾ ਹਾਂ ਕਿ
ਜੇਕਰ ਤੁਸੀਂ ਦੋ ਜਣੇ ਵੀ ਧਰਤੀ ਉੱਤੇ ਕਿਸੇ ਗੱਲ ਲਈ ਮੰਨੋਗੇ
ਤਾਂ ਤੁਸੀਂ ਉਸ ਲਈ ਬੇਨਤੀ ਕਰ ਸਕਦੇ ਹੋ, ਅਤੇ ਜੋ ਵੀ ਤੁਸੀਂ
ਮੰਗੋਗੇ ਉਹ ਤੁਹਾਡੇ ਲਈ ਮੇਰੇ ਸਵਰਗੀ ਪਿਤਾ ਦੁਆਰਾ ਪੂਰਾ ਕੀਤਾ
ਜਾਵੇਗਾ। 20ਇਹ ਸੱਚ ਹੈ, ਕਿਉਂਕਿ ਜਿੱਥੇ ਦੋ ਜਾਂ ਤਿੰਨ ਮਨੁੱਖ ਮੇਰੇ
ਨਾਮ ਤੇ ਇਕੱਠੇ ਹੋਣ ਤਾਂ ਮੈਂ ਉੱਥੇ ਉਨ੍ਹਾਂ ਦੇ ਨਾਲ ਹਾਂ।”

## ਖਿਮਾ ਬਾਰੇ ਉਪਦੇਸ਼

21ਤਦ ਪਤਰਸ ਯਿਸੂ ਕੋਲ ਆਇਆ ਅਤੇ ਉਸ ਨੂੰ ਆਖਿਆ,
“ਜੇਕਰ ਮੇਰਾ ਭਰਾ ਮੇਰਾ ਬੁਰਾ ਕਰਨਾ ਜਾਰੀ ਰੱਖੇ, ਤਾਂ ਕਿੰਨੀ ਵਾਰੀ
ਮੈਂ ਉਸ ਨੂੰ ਮਾਫ਼ ਕਰਾਂ? ਕੀ ਮੈਂ ਸੱਤ ਵਾਰ ਤੱਕ ਉਸ ਦੀ ਬੁਰਾਈ
ਮਾਫ਼ ਕਰਾਂ?”

22ਯਿਸੂ ਨੇ ਉਸ ਨੂੰ ਕਿਹਾ, “ਤੂੰ ਸੱਤ ਵਾਰ ਤੋਂ ਵੱਧ ਮਾਫ਼ ਕਰ। ਤੂੰ
ਉਸ ਨੂੰ ਲਗਾਤਾਰ ਮਾਫ਼ ਕਰਦਾ ਜਾ, ਭਾਵੇਂ ਉਹ ਤੇਰੇ ਨਾਲ ਸਤੱਤਰ
ਵਾਰ ਗਲਤੀ ਕਰੇ।

23“ਸੋ ਸਵਰਗ ਦਾ ਰਾਜ ਉਸ ਰਾਜੇ ਵਰਗਾ ਹੈ ਜਿਸ ਨੇ ਆਪਣੇ
ਉਨ੍ਹਾਂ ਨੌਕਰਾਂ ਤੋਂ ਪੈਸਾ ਵਸੂਲਣ ਦਾ ਮਨ ਬਣਾਇਆ ਜੋ ਉਸ ਦੇ
ਦੇਣਦਾਰ ਸਨ। 24ਜਦੋਂ ਰਾਜੇ ਨੇ ਪੈਸਾ ਇਕੱਠਾ ਕਰਨਾ ਸ਼ੁਰੂ ਕੀਤਾ
ਤਾਂ ਉਸ ਦੇ ਇੱਕ ਨੌਕਰ ਨੂੰ ਜਿਹੜਾ ਉਸ ਦੇ ਚਾਂਦੀ ਦੇ ਕਈ ਹਜ਼ਾਰ
ਸਿੱਕਿਆਂ ਦਾ ਦੇਣਦਾਰ ਸੀ, ਉਸ ਕੋਲ ਲਿਆਂਦਾ ਗਿਆ। 25ਪਰ
ਨੌਕਰ ਕੋਲ ਦੇਣ ਨੂੰ ਕੁਝ ਨਹੀਂ ਸੀ। ਤਦ ਉਸ ਦੇ ਮਾਲਕ ਨੇ ਹੁਕਮ
ਦਿੱਤਾ ਕਿ ਉਸ ਦੀ ਤੀਵੀਂ, ਬਾਲ-ਬੱਚੇ ਅਤੇ ਜੋ ਕੁਝ ਵੀ ਉਸ ਦਾ ਹੈ,
ਸਭ ਵੇਚਿਆ ਜਾਵੇ ਅਤੇ ਕਰਜ਼ ਭਰ ਲਿਆ ਜਾਵੇ।

26“ਉਸ ਸਮੇਂ ਨੌਕਰ ਨੇ ਉਸ ਅੱਗੇ ਝੁਕ ਕੇ ਬੇਨਤੀ ਕੀਤੀ, ‘ਮੇਰੇ
ਤੇ ਰਹਿਮ ਕਰੋ; ਮੈਂ ਜੋ ਕੁਝ ਤੁਹਾਥੋਂ ਲਿਆ ਹੈ, ਜਲਦੀ ਮੋੜ ਦੇਵਾਂਗਾ।’
27ਤਦ ਮਾਲਕ ਨੂੰ ਉਸ ਉੱਤੇ ਤਰਸ ਆਇਆ ਅਤੇ ਮਾਲਕ ਨੇ ਤਰਸ
ਖਾ ਕੇ ਉਸ ਦਾ ਕਰਜ਼ ਮਾਫ਼ ਕਰ ਦਿੱਤਾ ਅਤੇ ਉਸ ਨੂੰ ਵੀ ਛੱਡ ਦਿੱਤਾ।

28“ਜਦੋਂ ਉਹੀ ਨੌਕਰ ਬਾਹਰ ਆਇਆ ਤਾਂ ਉਸ ਨੂੰ ਦੂਜਾ ਨੌਕਰ
ਮਿਲਿਆ ਜਿਹੜਾ ਉਸ ਦਾ ਚਾਂਦੀ ਦੇ ਇੱਕ ਸੌ ਸਿੱਕਿਆਂ ਦਾ ਦੇਣਦਾਰ
ਸੀ। ਇਸ ਨੌਕਰ ਨੇ ਦੂਜੇ ਨੂੰ ਗਲੋਂ ਫ਼ੜ ਲਿਆ ਅਤੇ ਆਖਿਆ ਕਿ
ਜੋ ਤੂੰ ਮੇਰਾ ਦੇਣਾ ਹੈ, ਸੋ ਦੇ।

29“ਤਦ ਉਸ ਦੇ ਨਾਲ ਦਾ ਨੌਕਰ ਉਸ ਦੇ ਗੋਡੀਂ ਪੈ ਗਿਆ ਅਤੇ
ਉਸ ਨੂੰ ਬੇਨਤੀ ਕੀਤੀ, ‘ਤੂੰ ਮੇਰੇ ਨਾਲ ਸਬਰ ਤੋਂ ਕੰਮ ਲੈ, ਮੈਂ ਤੇਰਾ
ਸਾਰਾ ਕਰਜ਼ਾ ਦੇ ਦਿਆਂਗਾ।’

30“ਪਰ ਉਸ ਨੇ ਇਨਕਾਰ ਕਰ ਦਿੱਤਾ ਅਤੇ ਕਚਿਹਰੀ ਰਾਹੀਂ
ਉਸ ਨੌਕਰ ਨੂੰ ਕੈਦ ਵਿੱਚ ਸੁੱਟ ਦਿੱਤਾ। ਉਸ ਨੂੰ ਓਨਾ ਚਿਰ ਕੈਦ ਵਿੱਚ
ਰੱਖਿਆ ਗਿਆ ਜਦੋਂ ਤੱਕ ਕਿ ਉਸ ਨੇ ਸਾਰਾ ਕਰਜ਼ਾ ਵਾਪਸ ਨਹੀਂ ਦੇ
ਦਿੱਤਾ। 31ਪਰ ਜਦੋਂ ਉਸ ਦੇ ਨਾਲ ਦੇ ਨੌਕਰਾਂ ਨੇ ਇਹ ਗੱਲ ਵਾਪਰਦੀ
ਵੇਖੀ ਤਾਂ ਉਹ ਬੜੇ ਉਦਾਸ ਹੋਏ ਅਤੇ ਉਨ੍ਹਾਂ ਨੇ ਜਾ ਕੇ ਮਾਲਕ ਨੂੰ
ਸਾਰਾ ਹਾਲ ਦੱਸ ਦਿੱਤਾ।

32“ਤਦ ਮਾਲਕ ਨੇ ਉਸ ਨੌਕਰ ਨੂੰ ਸੱਦਿਆ ਅਤੇ ਆਖਿਆ,
‘ਓਏ ਦੁਸ਼ਟ ਨੌਕਰ, ਤੂੰ ਮੇਰੇ ਕਿੰਨੇ ਧਨ ਦਾ ਦੇਣਦਾਰ ਸੀ ਪਰ ਤੂੰ
ਮੈਨੂੰ ਕਰਜ਼ਾ ਛੱਡਣ ਲਈ ਬੇਨਤੀ ਕੀਤੀ। ਇਸ ਲਈ ਮੈਂ ਤੇਰਾ ਸਾਰਾ
ਕਰਜ਼ਾ ਛੱਡ ਦਿੱਤਾ। 33ਫ਼ੇਰ ਜਿਵੇਂ ਮੈਂ ਤੇਰੇ ਤੇ ਦਯਾ ਕੀਤੀ ਸੀ, ਕੀ
ਤੈਨੂੰ ਵੀ ਆਪਣੇ ਨਾਲ ਦੇ ਨੌਕਰ ਉੱਤੇ ਉਵੇਂ ਹੀ ਦਯਾ ਨਹੀਂ ਕਰਨੀ
ਚਾਹੀਦੀ ਸੀ।’ 34ਮਾਲਕ ਨੂੰ ਬਹੁਤ ਗੁੱਸਾ ਆਇਆ ਅਤੇ ਉਸ ਨੇ
ਨੌਕਰ ਨੂੰ ਸਜ਼ਾ ਦੇਣ ਲਈ ਕੈਦ ਵਿੱਚ ਸੁੱਟ ਦਿੱਤਾ, ਅਤੇ ਓਨੀ ਦੇਰ
ਕੈਦ ਵਿੱਚ ਰੱਖਣ ਦਾ ਹੁਕਮ ਦਿੱਤਾ ਜਿੰਨੀ ਦੇਰ ਉਹ ਆਪਣਾ ਕਰਜ਼ਾ
ਚੁਕਤਾ ਨਾ ਕਰ ਦੇਵੇ।

35“ਇਸੇ ਤਰ੍ਹਾਂ ਮੇਰਾ ਸਵਰਗੀ ਪਿਤਾ ਤੁਹਾਡੇ ਨਾਲ ਕਰੇਗਾ ਜਿਵੇਂ
ਰਾਜੇ ਨੇ ਨੌਕਰ ਨਾਲ ਕੀਤਾ। ਜੇਕਰ ਤੁਸੀਂ ਆਪਣੇ ਭਾਈਆਂ ਅਤੇ
ਭੈਣਾਂ ਨੂੰ ਆਪਣੇ ਦਿਲੋਂ ਮਾਫ਼ ਨਹੀਂ ਕਰੋਗੇ ਤਾਂ ਮੇਰਾ ਸਵਰਗੀ ਪਿਤਾ
ਵੀ ਤੁਹਾਨੂੰ ਮਾਫ਼ ਨਹੀਂ ਕਰੇਗਾ।”

## ਯਿਸੂ ਦੀ ਤਲਾਕ ਬਾਰੇ ਸਿੱਖਿਆ

*(ਮਰਕੁਸ 10:1–12)*

**19** 1ਜਦੋਂ ਯਿਸੂ ਇਹ ਸਭ ਗੱਲਾਂ ਆਖ ਹਟਿਆ ਤਾਂ
ਗਲੀਲ ਤੋਂ ਚਲਿਆ ਗਿਆ ਅਤੇ ਯਰਦਨ ਨਦੀਂ ਤੋਂ
ਪਾਰ ਯਹੂਦਿਯਾ ਦੀਆਂ ਹੱਦਾਂ ਵਿੱਚ ਆ ਗਿਆ। 2ਬਹੁਤ ਸਾਰੇ ਲੋਕਾਂ

ਨੇ ਉਸ ਦਾ ਪਿੱਛਾ ਕੀਤਾ ਅਤੇ ਉੱਥੇ ਉਸ ਨੇ ਬਹੁਤ ਸਾਰੇ ਬਿਮਾਰ
ਲੋਕਾਂ ਨੂੰ ਚੰਗਾ ਕੀਤਾ।
3ਕੁਝ ਫ਼ਰੀਸੀ ਉਸ ਨੂੰ ਪਰਤਾਉਣ ਲਈ ਉਸ ਦੇ ਕੋਲ ਆ ਕੇ
ਬੋਲੇ, "ਕੀ ਇਹ ਇੱਕ ਆਦਮੀ ਲਈ ਸ਼ਰਾ ਅਨੁਸਾਰ ਹੈ ਕਿ ਉਹ
ਆਪਣੀ ਪਤਨੀ ਨੂੰ ਆਪਣੀ ਮਰਜ਼ੀ ਨਾਲ ਕਿਸੇ ਵੀ ਕਾਰਣ ਲਈ
ਤਲਾਕ ਦੇ ਸਕਦਾ ਹੈ?"
4ਯਿਸੂ ਨੇ ਜਵਾਬ ਦਿੱਤਾ, "ਕੀ ਤੁਸੀਂ ਪੋਥੀਆਂ ਵਿੱਚ ਨਹੀਂ
ਪੜ੍ਹਿਆ ਕਿ ਆਦਿ ਵਿੱਚ, 'ਸਿਰਜਣਹਾਰ ਨੇ ਉਨ੍ਹਾਂ ਨੂੰ ਪੁਰਸ਼ ਅਤੇ
ਇਸਤ੍ਰੀ ਬਣਾਇਆ?'[a] 5ਅਤੇ ਪਰਮੇਸ਼ੁਰ ਨੇ ਕਿਹਾ, 'ਇਸ ਲਈ
ਮਰਦ ਆਪਣੀ ਮਾਤਾ ਅਤੇ ਪਿਤਾ ਨੂੰ ਛੱਡ ਕੇ ਆਪਣੀ ਵਹੁਟੀ ਨਾਲ
ਮਿਲਿਆ ਰਹੇਗਾ ਅਤੇ ਉਹ ਦੋਵੇਂ ਇੱਕ ਸਰੀਰ ਹੋਣਗੇ।'[b] 6ਇਸ
ਲਈ ਉਹ ਹੁਣ ਦੋ ਨਹੀਂ ਹਨ, ਸਗੋਂ ਇੱਕ ਹਨ! ਸੋ ਜੋ ਕੁਝ ਪਰਮੇਸ਼ੁਰ
ਨੇ ਜੋੜ ਦਿੱਤਾ ਹੈ, ਉਸ ਨੂੰ ਮਨੁੱਖ ਅੱਡ ਨਾ ਕਰੇ।"
7ਉਨ੍ਹਾਂ ਨੇ ਉਸ ਨੂੰ ਆਖਿਆ, "ਫ਼ੇਰ ਮੂਸਾ ਨੇ ਆਦਮੀ ਨੂੰ ਤਿਆਗ
ਪੱਤਰ ਰਾਹੀਂ ਤਲਾਕ ਦੇਣ ਦੀ ਆਗਿਆ ਕਿਉਂ ਦਿੱਤੀ ਹੈ?"[c]
8ਯਿਸੂ ਨੇ ਉੱਤਰ ਦਿੱਤਾ, "ਉਸ ਨੇ ਤੁਹਾਨੂੰ ਤੁਹਾਡੀ ਸਖਤ ਦਿਲੀ
ਦੇ ਕਾਰਣ ਆਪਣੀਆਂ ਪਤਨੀਆਂ ਨੂੰ ਤਲਾਕ ਦੇਣ ਦੀ ਆਗਿਆ
ਦਿੱਤੀ। ਪਰ ਮੁੱਢੋਂ ਇਹ ਇਸ ਤਰ੍ਹਾਂ ਦੀ ਰੀਤ ਨਹੀਂ ਸੀ। 9ਪਰ ਮੈਂ
ਤੁਹਾਨੂੰ ਆਖਦਾ ਹਾਂ ਕਿ ਜੇਕਰ ਕੋਈ ਆਪਣੀ ਪਤਨੀ ਨੂੰ ਤਲਾਕ
ਦਿੰਦਾ ਹੈ ਅਤੇ ਦੂਜੀ ਔਰਤ ਨਾਲ ਵਿਆਹ ਕਰਾ ਲੈਂਦਾ ਹੈ ਤਾਂ ਉਹ
ਵਿਭਚਾਰ ਦਾ ਦੋਸ਼ੀ ਹੈ। ਕਿਸੇ ਬੰਦੇ ਦਾ ਆਪਣੀ ਪਤਨੀ ਨੂੰ ਤਲਾਕ
ਦੇਣ ਲਈ ਸਿਰਫ਼ ਇੱਕ ਹੀ ਕਾਰਣ ਹੋ ਸਕਦਾ ਹੈ ਅਤੇ ਉਹ ਇਹ ਕਿ
ਉਸ ਦੀ ਪਤਨੀ ਦੇ ਕਿਸੇ ਦੂਜੇ ਆਦਮੀ ਨਾਲ ਜਿਨਸੀ ਸੰਬੰਧ ਹੋਣ।"
10ਚੇਲਿਆਂ ਨੇ ਉਸ ਨੂੰ ਕਿਹਾ, "ਜੇਕਰ ਆਦਮੀ ਅਤੇ ਔਰਤ ਦੇ
ਵਿਚਕਾਰ ਇਹ ਹਾਲਾਤ ਹਨ, ਤਾਂ ਵਿਆਹ ਨਾ ਕਰਾਉਣਾ ਚੰਗਾ ਹੈ।"
11ਪਰ ਉਸ ਨੇ ਉਨ੍ਹਾਂ ਨੂੰ ਆਖਿਆ, "ਸਭ ਲੋਕ ਇਸ ਨੂੰ ਕਬੂਲ
ਨਹੀਂ ਕਰ ਸਕਦੇ, ਪਰ ਸਿਰਫ਼ ਉਹ ਲੋਕ ਜਿਨ੍ਹਾਂ ਨੂੰ ਪਰਮੇਸ਼ੁਰ ਨੇ
ਬਖ਼ਸ਼ਿਆ ਹੈ। 12ਇਸ ਦੇ ਭਿੰਨ-ਭਿੰਨ ਕਾਰਣ ਹਨ ਕਿ ਕੁਝ ਆਦਮੀ
ਵਿਆਹ ਕਿਉਂ ਨਹੀਂ ਕਰਾਉਂਦੇ। ਕੁਝ ਮਰਦ ਬੱਚੇ ਪੈਦਾ ਕਰਨ ਦੀ
ਯੋਗਤਾ ਤੋਂ ਬਿਨਾਂ ਪੈਦਾ ਹੁੰਦੇ ਹਨ ਅਤੇ ਕੁਝ ਬਾਦ ਵਿੱਚ ਜਿੰਦਗੀ
ਵਿੱਚ ਲੋਕਾਂ ਵੱਲੋਂ ਖੁਸਰੇ ਬਣਾ ਦਿੱਤੇ ਜਾਂਦੇ ਹਨ, ਅਤੇ ਕੁਝ ਆਦਮੀ
ਵਿਆਹ ਦਾ ਖਿਆਲ ਸਵਰਗ ਦੇ ਰਾਜ ਲਈ ਤਿਆਗ ਦਿੰਦੇ ਹਨ।
ਇਹ ਸਭ ਦੇ ਲਈ ਹੈ ਜਿਹੜਾ ਇਸ ਨੂੰ ਕਬੂਲ ਕਰ ਸਕਦਾ ਹੈ।"

## ਯਿਸੂ ਵੱਲੋਂ ਬੱਚਿਆਂ ਦਾ ਸੁਆਗਤ

*(ਮਰਕੁਸ 10:13–16; ਲੂਕਾ 18:15–17)*

13ਤਦ ਲੋਕ ਛੋਟੇ ਬੱਚਿਆਂ ਨੂੰ ਉਸ ਕੋਲ ਲਿਆਏ ਜੋ ਉਹ ਉਨ੍ਹਾਂ
ਉੱਤੇ ਆਪਣਾ ਹੱਥ ਰੱਖ ਕੇ ਪ੍ਰਾਰਥਨਾ ਕਰੇ। ਜਦੋਂ ਚੇਲਿਆਂ ਨੇ ਇਹ
ਦੇਖਿਆ ਤਾਂ ਉਨ੍ਹਾਂ ਨੇ ਉਨ੍ਹਾਂ ਨੂੰ ਝਿੜਕਿਆ ਜਿਹੜੇ ਆਪਣੇ ਬੱਚਿਆਂ
ਨੂੰ ਲਿਆਏ ਸਨ। 14ਯਿਸੂ ਨੇ ਕਿਹਾ, "ਬੱਚਿਆਂ ਨੂੰ ਅੜਚਨ ਨਾ
ਪਾਓ ਅਤੇ ਉਨ੍ਹਾਂ ਨੂੰ ਮੇਰੇ ਕੋਲ ਆਉਣ ਦਿਓ। ਉਨ੍ਹਾਂ ਲਈ ਰੁਕਾਵਟ
ਨਾ ਬਣੋ, ਕਿਉਂਕਿ ਸਵਰਗ ਦਾ ਰਾਜ ਇਹੋ ਜਿਹਿਆਂ ਦਾ ਹੀ ਹੈ।"
15ਤਦ ਯਿਸੂ ਉਨ੍ਹਾਂ ਦੇ ਸਿਰਾਂ ਤੇ ਆਪਣਾ ਹੱਥ ਰੱਖਣ ਤੋਂ ਬਾਦ ਉਸ
ਥਾਂ ਤੋਂ ਚਲਾ ਗਿਆ।

## ਅਮੀਰ ਆਦਮੀ ਦਾ ਯਿਸੂ ਦੇ ਪਿੱਛੇ ਚੱਲਣ ਤੋਂ ਇਨਕਾਰ

*(ਮਰਕੁਸ 10:17–31; ਲੂਕਾ 18:18–30)*

16ਇੱਕ ਮਨੁੱਖ ਨੇ ਉਸ ਕੋਲ ਆ ਕੇ ਉਸ ਨੂੰ ਕਿਹਾ, "ਗੁਰੂ ਜੀ ਮੈਂ
ਕਿਹੜਾ ਭਲਾ ਕੰਮ ਕਰਾਂ ਜਿਸ ਨਾਲ ਮੈਨੂੰ ਸਦੀਪਕ ਜੀਵਨ ਮਿਲੇ?"
17ਯਿਸੂ ਨੇ ਉੱਤਰ ਦਿੱਤਾ, "ਤੁਸੀਂ ਨੇਕੀ ਬਾਰੇ ਮੈਥੋਂ ਕਿਉਂ ਪੁੱਛਦੇ
ਹੋ? ਸਿਰਫ਼ ਪਰਮੇਸ਼ੁਰ ਭਲਾ ਹੈ। ਪਰ ਜੇ ਤੁਸੀਂ ਸਦੀਪਕ ਜੀਵਨ
ਵਿੱਚ ਦਾਖਲ ਹੋਣਾ ਚਾਹੁੰਦੇ ਹੋ ਤਾਂ ਹੁਕਮਾਂ ਦੀ ਪਾਲਣਾ ਕਰੋ।"
18ਉਸ ਨੇ ਪੁੱਛਿਆ, "ਕਿਹੜੇ ਹੁਕਮ?"
ਯਿਸੂ ਨੇ ਕਿਹਾ, "'ਇਹ ਕਿ ਖੂਨ ਨਾ ਕਰੋ, ਵਿਭਚਾਰ ਨਾ ਕਰੋ,
ਚੋਰੀ ਨਾ ਕਰੋ ਅਤੇ ਝੂਠੀ ਗਵਾਹੀ ਨਾ ਦਿਓ। 19ਆਪਣੇ ਮਾਂ-ਬਾਪ
ਦਾ ਆਦਰ ਕਰੋ'[d] ਅਤੇ 'ਆਪਣੇ ਆਪ ਵਾਂਗ ਆਪਣੇ ਗੁਆਂਢੀ ਨੂੰ
ਵੀ ਪਿਆਰ ਕਰੋ।'[e]"
20ਉਸ ਜਵਾਨ ਨੇ ਕਿਹਾ, "ਇਨ੍ਹਾਂ ਸਭਨਾਂ ਨੂੰ ਤਾਂ ਮੈਂ ਮੰਨਿਆ ਹੈ,
ਹੋਰ ਹੁਣ ਮੇਰੇ ਵਿੱਚ ਕੀ ਕਮੀ ਹੈ?"
21ਯਿਸੂ ਨੇ ਉੱਤਰ ਦਿੱਤਾ, "ਜੇ ਤੂੰ ਸੰਪੂਰਣ ਬਣਨਾ ਚਾਹੁੰਦਾ ਹੈ
ਤਾਂ ਜਾਹ, ਜਾ ਕੇ ਆਪਣੀਆਂ ਸਾਰੀਆਂ ਚੀਜ਼ਾਂ ਵੇਚ ਦੇ ਅਤੇ ਧਨ
ਗਰੀਬ ਲੋਕਾਂ ਵਿੱਚ ਵੰਡ ਦੇ। ਇਸ ਤਰ੍ਹਾਂ ਤੈਨੂੰ ਸਵਰਗ ਵਿੱਚ ਖਜ਼ਾਨਾ
ਮਿਲੇਗਾ। ਫ਼ੇਰ ਤੂੰ ਆ ਕੇ ਮੇਰੇ ਪਿੱਛੇ ਹੋ ਤੁਰ!"
22ਪਰ ਜਦੋਂ ਉਸ ਜਵਾਨ ਨੇ ਇਹ ਸੁਣਿਆ ਤਾਂ ਉਹ ਉਦਾਸ ਹੋ ਕੇ
ਚਲਿਆ ਗਿਆ, ਕਿਉਂਕਿ ਉਹ ਬਹੁਤ ਅਮੀਰ ਸੀ।
23ਤਦ ਯਿਸੂ ਨੇ ਆਪਣੇ ਚੇਲਿਆਂ ਨੂੰ ਕਿਹਾ, "ਮੈਂ ਤੁਹਾਨੂੰ ਸੱਚ
ਆਖਦਾ ਹਾਂ ਕਿ ਅਮੀਰ ਦਾ ਸਵਰਗ ਦੇ ਰਾਜ ਵਿੱਚ ਵੜਨਾ ਬੜਾ
ਔਖਾ ਹੈ। 24ਮੈਂ ਤੁਹਾਨੂੰ ਦੱਸਦਾ ਹਾਂ ਕਿ ਅਮੀਰ ਵਿਅਕਤੀ ਦੇ
ਪਰਮੇਸ਼ੁਰ ਦੇ ਰਾਜ ਵਿੱਚ ਵੜਨ ਨਾਲੋਂ ਊਠ ਦਾ ਸੂਈ ਦੇ ਨੱਕੇ ਵਿਚੋਂ
ਲੰਘਣਾ ਸੁਖਾਲਾ ਹੈ।"
25ਚੇਲੇ ਇਹ ਸੁਣ ਕੇ ਹੈਰਾਨ ਹੋ ਗਏ ਅਤੇ ਬੋਲੇ, "ਫ਼ੇਰ ਕਿਸ ਦੀ
ਮੁਕਤੀ ਹੋ ਸਕਦੀ ਹੈ?"
26ਤਦ ਯਿਸੂ ਨੇ ਉਨ੍ਹਾਂ ਵੱਲ ਵੇਖ ਕੇ ਉਨ੍ਹਾਂ ਨੂੰ ਕਿਹਾ, "ਲੋਕਾਂ ਲਈ
ਇਹ ਅਸੰਭਵ ਹੈ, ਪਰ ਪਰਮੇਸ਼ੁਰ ਲਈ ਸਭ ਕੁਝ ਸੰਭਵ ਹੈ।"
27ਪਤਰਸ ਨੇ ਯਿਸੂ ਨੂੰ ਆਖਿਆ, "ਤੁਹਾਡੇ ਪਿੱਛੇ ਲੱਗਣ
ਵਾਸਤੇ ਅਸੀਂ ਸਭ ਕੁਝ ਛੱਡ ਦਿੱਤਾ ਹੈ। ਫ਼ਿਰ ਸਾਨੂੰ ਕੀ ਪ੍ਰਾਪਤ
ਹੋਵੇਗਾ?"
28ਯਿਸੂ ਨੇ ਆਪਣੇ ਚੇਲਿਆਂ ਨੂੰ ਆਖਿਆ, "ਮੈਂ ਤੁਹਾਨੂੰ ਸੱਚ
ਦੱਸਦਾ ਹਾਂ ਕਿ ਜਦੋਂ ਨਵੀਂ ਦੁਨੀਆ ਸਾਜੀ ਜਾਵੇਗੀ ਅਤੇ ਮਨੁੱਖ
ਦਾ ਪੁੱਤਰ ਆਪਣੇ ਮਹਿਮਾਮਈ ਸਿੰਘਾਸਣ ਤੇ ਬੈਠੇਗਾ, ਤਾਂ ਤੁਸੀਂ
ਵੀ ਬਾਰ੍ਹਾਂ ਸਿੰਘਾਸਣਾਂ ਤੇ ਬੈਠੋਗੇ ਅਤੇ ਤੁਸੀਂ ਇਸਰਾਏਲ ਦੇ ਬਾਰ੍ਹਾਂ
ਗੋਤਾਂ ਦਾ ਨਿਆਂ ਕਰੋਗੇ। 29ਹਰ ਕੋਈ ਜਿਸ ਨੇ ਆਪਣੇ ਘਰ,
ਭਾਈਆਂ, ਭੈਣਾਂ, ਮਾਂ-ਬਾਪ, ਬਾਲ-ਬੱਚਿਆਂ ਜਾਂ ਜ਼ਮੀਨ ਨੂੰ ਮੇਰੇ
ਨਾਮ ਦੇ ਕਾਰਣ ਛੱਡਿਆ ਹੈ ਉਹ ਸੌ ਗੁਣਾ ਵੱਧ ਫ਼ਲ ਪਾਵੇਗਾ
ਅਤੇ ਸਦੀਪਕ ਜੀਵਨ ਦਾ ਵਾਰਸ ਬਣੇਗਾ। 30ਪਰ ਬਹੁਤ ਸਾਰੇ
ਮਨੁੱਖ ਜਿਨ੍ਹਾਂ ਦਾ ਹੁਣ ਜ਼ਿੰਦਗੀ ਵਿੱਚ ਰੁਤਬਾ ਵੱਡਾ ਹੈ, ਭਵਿੱਖ ਵਿੱਚ
ਉਨ੍ਹਾਂ ਦੀ ਥਾਂ ਬੜੀ ਨੀਵੀਂ ਹੋਵੇਗੀ। ਬਹੁਤ ਸਾਰੇ ਲੋਕ ਜਿਨ੍ਹਾਂ ਦਾ
ਦਰਜਾ ਹੁਣ ਸਭ ਤੋਂ ਨੀਵਾਂ ਹੈ, ਭਵਿੱਖ ਵਿੱਚ ਸਭ ਤੋਂ ਉੱਚਾ ਦਰਜਾ
ਪਾਉਣਗੇ।

[a] ***19:4*** ਹਵਾਲਾ: ਉਤਪਤ 1:27; 5:2
[b] ***19:5*** ਹਵਾਲਾ: ਉਤਪਤ 2:24
[c] ***19:7*** "**ਫ਼ੇਰ...ਦਿੱਤੀ ਹੈ ਬਿਵਸਥਾ** ਸਾਰ 24:1 ਦੇਖੋ।
[d] ***19:19*** ਹਵਾਲਾ: ਕੂਚ 20:12-16; ਬਿਵਸਥਾ ਸਾਰ 5:16-20
[e] ***19:19*** ਹਵਾਲਾ: ਲੇਵੀਆਂ 19:18

### ਯਿਸੂ ਦਾ ਖੇਤ ਦੇ ਮਜਦੂਰਾਂ ਬਾਰੇ ਇੱਕ ਦ੍ਰਿਸ਼ਟਾਂਤ

**20** 1“ਸਵਰਗ ਦਾ ਰਾਜ ਤਾਂ ਇੱਕ ਜ਼ਿਮੀਦਾਰ ਵਰਗਾ ਹੈ ਜੋ
ਤੜਕੇ ਹੀ ਘਰੋਂ ਨਿੱਕਲਿਆ ਕਿ ਆਪਣੇ ਅੰਗੂਰਾਂ ਦੇ ਬਾਗ
ਵਿੱਚ ਕੁਝ ਕਾਮੇ ਲਾਵੇ। 2ਉਸ ਨੇ ਕਾਮਿਆਂ ਨਾਲ ਇੱਕ ਚਾਂਦੀ ਦਾ
ਸਿੱਕਾ ਦਿਹਾੜੀ ਕੀਤੀ ਅਤੇ ਉਨ੍ਹਾਂ ਨੂੰ ਆਪਣੇ ਬਾਗ ਵਿੱਚ ਭੇਜ ਦਿੱਤਾ।
3“ਨੌਂ ਕੁ ਵਜੇ ਉਹ ਆਦਮੀ ਬਜ਼ਾਰ ਗਿਆ ਅਤੇ ਕੁਝ ਬੰਦਿਆਂ
ਨੂੰ ਉੱਥੇ ਖੜ੍ਹੇ ਵੇਖਿਆ; ਇਹ ਲੋਕ ਕੁਝ ਵੀ ਨਹੀਂ ਸੀ ਕਰ ਰਹੇ। 4ਤਾਂ
ਉਸ ਨੇ ਉਨ੍ਹਾਂ ਨੂੰ ਕਿਹਾ, ‘ਜੇਕਰ ਤੁਸੀਂ ਵੀ ਮੇਰੇ ਬਾਗਾਂ ਵਿੱਚ ਜਾ ਕੇ
ਕੰਮ ਕਰੋ ਤਾਂ ਮੈਂ ਤੁਹਾਨੂੰ ਜਿੰਨਾ ਤੁਹਾਡਾ ਹੱਕ ਬਣੇਗਾ, ਦਿਆਂਗਾ।’
5ਤਦ ਉਹ ਲੋਕ ਵੀ ਉਸ ਦੇ ਖੇਤ ਵਿੱਚ ਕੰਮ ਕਰਨ ਲਈ ਲੇ ਗਏ।
“ਫ਼ਿਰ ਉਹੀ ਆਦਮੀ ਬਾਰ੍ਹਾਂ ਕੁ ਵਜੇ ਬਾਹਰ ਗਿਆ, ਅਤੇ ਫ਼ਿਰ
ਤਿੰਨ ਕੁ ਵਜੇ। ਦੋਵੇਂ ਵਾਰੀ ਉਸ ਨੇ ਕੁਝ ਕਾਮਿਆਂ ਨੂੰ ਆਪਣੇ ਬਾਗ
ਵਿੱਚ ਕੰਮ ਕਰਨ ਲਈ ਲਿਆਂਦਾ। 6ਆਥਣ ਵੇਲੇ, ਪੰਜ ਕੁ ਵਜੇ
ਉਹ ਬਾਹਰ ਗਿਆ ਅਤੇ ਕੁਝ ਹੋਰ ਲੋਕਾਂ ਨੂੰ ਬਜ਼ਾਰ ਵਿੱਚ ਖੜ੍ਹੇ
ਵੇਖਿਆ ਅਤੇ ਉਨ੍ਹਾਂ ਨੂੰ ਕਿਹਾ, ‘ਤੁਸੀਂ ਇੱਥੇ ਸਾਰਾ ਦਿਨ ਕਿਉਂ ਵੇਹਲੇ
ਖੜ੍ਹੇ ਰਹੇ?’
7“ਉਨ੍ਹਾਂ ਮਨੁੱਖਾਂ ਨੇ ਜਵਾਬ ਦਿੱਤਾ, ‘ਕਿਉਂਕਿ ਸਾਨੂੰ ਕਿਸੇ ਨੇ ਕੰਮ
ਤੇ ਨਹੀਂ ਲਾਇਆ।’
“ਉਸ ਆਦਮੀ ਨੇ ਉਨ੍ਹਾਂ ਨੂੰ ਕਿਹਾ, ‘ਤੁਸੀਂ ਵੀ ਮੇਰੇ ਬਾਗ ਵਿੱਚ ਜਾ
ਕੇ ਕੰਮ ਕਰ ਸਕਦੇ ਹੋ।’
8“ਸ਼ਾਮ ਵੇਲੇ, ਅੰਗੂਰਾਂ ਦੇ ਬਾਗ ਦੇ ਮਾਲਕ ਨੇ ਕਾਮਿਆਂ ਦੇ
ਮੁਖਤਿਆਰ ਨੂੰ ਆਖਿਆ, ‘ਕਾਮਿਆਂ ਨੂੰ ਸੱਦ ਅਤੇ ਪਿਛਲਿਆਂ ਤੋਂ
ਲੈ ਕੇ ਪਹਿਲਿਆਂ ਤੀਕ ਉਨ੍ਹਾਂ ਸਾਰਿਆਂ ਨੂੰ ਉਨ੍ਹਾਂ ਦੀ ਮਜ਼ਦੂਰੀ ਦੇ।’
9“ਜਿਹੜੇ ਕਾਮੇ ਪੰਜ ਵਜੇ ਲਿਆਂਦੇ ਗਏ ਸਨ, ਆਏ ਅਤੇ ਇੱਕ
ਚਾਂਦੀ ਦਾ ਸਿੱਕਾ ਪ੍ਰਾਪਤ ਕੀਤਾ। 10ਫ਼ਿਰ ਜਿਹੜੇ ਕਾਮੇ ਪਹਿਲਾਂ
ਲਿਆਂਦੇ ਗਏ ਸਨ, ਆਏ ਅਤੇ ਉਨ੍ਹਾਂ ਨੇ ਸੋਚਿਆ ਕਿ ਸ਼ਾਇਦ ਉਹ
ਦੂਜਿਆਂ ਕਾਮਿਆਂ ਨਾਲੋਂ ਵੱਧ ਪ੍ਰਾਪਤ ਕਰਨਗੇ। ਪਰ ਉਨ੍ਹਾਂ ਨੂੰ ਵੀ
ਇੱਕ ਚਾਂਦੀ ਦਾ ਸਿੱਕਾ ਹੀ ਮਿਲਿਆ। 11ਪਰ ਉਹ ਇਹ ਸਿੱਕਾ ਲੈ ਕੇ
ਘਰ ਦੇ ਮਾਲਕ ਉੱਤੇ ਕੁੜ੍ਹਨ ਲੱਗੇ 12ਅਤੇ ਬੋਲੇ, ‘ਜਿਹੜੇ ਲੋਕ ਅੰਤ
ਵਿੱਚ ਲਿਆਂਦੇ ਗਏ ਸਨ ਅਤੇ ਜਿਨ੍ਹਾਂ ਨੇ ਸਿਰਫ਼ ਇੱਕ ਹੀ ਘੰਟੇ ਲਈ
ਕੰਮ ਕੀਤਾ, ਤੁਸੀਂ ਉਨ੍ਹਾਂ ਨੂੰ ਵੀ ਸਾਡੇ ਜਿੰਨਾ ਹੀ ਦਿੱਤਾ, ਜਦ ਕਿ ਅਸੀਂ
ਸਾਰਾ ਦਿਨ ਧੁੱਪੇ ਸਖਤ ਮਿਹਨਤ ਕੀਤੀ।’
13“ਜ਼ਿਮੀਦਾਰ ਨੇ ਉਨ੍ਹਾਂ ਵਿੱਚੋਂ ਇੱਕ ਨੂੰ ਆਖਿਆ, ‘ਮਿੱਤਰਾ, ਮੈਂ
ਤੇਰੇ ਨਾਲ ਬੇਈਮਾਨੀ ਨਹੀਂ ਕੀਤੀ। ਕੀ ਤੂੰ ਇੱਕ ਚਾਂਦੀ ਦੇ ਸਿੱਕੇ
ਵਾਸਤੇ ਕੰਮ ਕਰਨ ਲਈ ਰਾਜੀ ਨਹੀਂ ਹੋਇਆ? 14ਤੂੰ ਆਪਣੀ
ਮਜ਼ਦੂਰੀ ਲੈ ਅਤੇ ਚਲਿਆ ਜਾ। ਪਰ ਮੈਂ ਅਖੀਰਲੇ ਬੰਦੇ ਨੂੰ ਵੀ ਉਹੀ
ਦੇਣਾ ਚਾਹੁੰਦਾ ਹਾਂ ਜੋ ਮੈਂ ਤੈਨੂੰ ਦਿੱਤਾ। 15ਕੀ ਇਹ ਮੇਰਾ ਹੱਕ ਨਹੀਂ ਕਿ
ਮੈਂ ਆਪਣੇ ਪੈਸੇ ਨੂੰ ਜਿਵੇਂ ਚਾਹਾਂ ਇਸਤੇਮਾਲ ਕਰਾਂ? ਤੈਨੂੰ ਇਸ ਲਈ
ਈਰਖਾ ਹੈ, ਕਿਉਂਕਿ ਮੈਂ ਉਨ੍ਹਾਂ ਲੋਕਾਂ ਨਾਲ ਭਲਾ ਹਾਂ ਜੋ ਮਗਰੋਂ ਆਏ।’
16“ਇਸੇ ਤਰ੍ਹਾਂ ਜਿਹੜੇ ਲੋਕਾਂ ਦਾ ਹੁਣ ਪਿਛਲਾ ਦਰਜਾ ਹੈ, ਭਵਿੱਖ
ਵਿੱਚ ਉਨ੍ਹਾਂ ਦਾ ਦਰਜਾ ਪਹਿਲਾ ਹੋਵੇਗਾ ਅਤੇ ਉਹ ਲੋਕ ਜਿਨ੍ਹਾਂ ਦਾ ਹੁਣ
ਪਹਿਲਾ ਦਰਜਾ ਹੈ, ਭਵਿੱਖ ਵਿੱਚ ਉਨ੍ਹਾਂ ਦਾ ਦਰਜਾ ਪਿਛਲਾ ਹੋਵੇਗਾ।”

### ਯਿਸੂ ਦਾ ਆਪਣੀ ਮੌਤ ਬਾਰੇ ਦੱਸਣਾ

*(ਮਰਕੁਸ 10:32–34; ਲੂਕਾ 18:31–34)*

17ਜਦੋਂ ਯਿਸੂ ਯਰੂਸਲਮ ਜਾ ਰਿਹਾ ਸੀ ਤਾਂ ਉਸ ਦੇ ਬਾਰ੍ਹਾਂ ਚੇਲੇ ਵੀ
ਉਸ ਦੇ ਨਾਲ ਸਨ। ਰਾਹ ਵਿੱਚ ਉਸ ਨੇ ਉਨ੍ਹਾਂ ਨੂੰ ਇੱਕ ਸਾਥ ਇਕੱਠਾ
ਕੀਤਾ ਅਤੇ ਉਨ੍ਹਾਂ ਨੂੰ ਇਕਾਂਤ ਵਿੱਚ ਆਖਿਆ। 18“ਵੇਖੋ, ਅਸੀਂ
ਯਰੂਸ਼ਲਮ ਨੂੰ ਜਾ ਰਹੇ ਹਾਂ। ਮਨੁੱਖ ਦਾ ਪੁੱਤਰ ਪ੍ਰਧਾਨ ਜਾਜਕਾਂ ਅਤੇ
ਨੇਮ ਦੇ ਉਪਦੇਸ਼ਕਾਂ ਦੇ ਹੱਥ ਫ਼ੜਾ ਦਿੱਤਾ ਜਾਵੇਗਾ ਅਤੇ ਉਹ ਉਸ ਨੂੰ
ਮਾਰ ਦੇਣਗੇ। 19ਉਹ ਮਨੁੱਖ ਦੇ ਪੁੱਤਰ ਨੂੰ ਗੈਰ-ਯਹੂਦੀਆਂ ਦੇ ਹੱਥ
ਦੇ ਦੇਣਗੇ। ਉਹ ਉਸ ਉੱਤੇ ਹੱਸਣਗੇ ਅਤੇ ਉਸ ਨੂੰ ਕੋੜਿਆਂ ਨਾਲ
ਕੁੱਟਣਗੇ ਅਤੇ ਸਲੀਬ ਉੱਤੇ ਚੜ੍ਹਾ ਦੇਣਗੇ, ਅਤੇ ਉਹ ਮੌਤ ਤੋਂ ਤੀਜੇ
ਦਿਨ ਬਾਦ ਫ਼ਿਰ ਜੀ ਉੱਠੇਗਾ।”

### ਇੱਕ ਮਾਤਾ ਵੱਲੋਂ ਵਿਸ਼ੇਸ਼ ਬੇਨਤੀ

*(ਮਰਕੁਸ 10:35–45)*

20ਉਸ ਸਮੇਂ, ਜ਼ਬਦੀ ਦੇ ਪੁੱਤਰਾਂ ਦੀ ਮਾਂ ਆਪਣੇ ਪੁੱਤਰਾਂ ਸਮੇਤ
ਯਿਸੂ ਕੋਲ ਆਈ ਅਤੇ ਉਸ ਅੱਗੇ ਝੁਕੀ ਅਤੇ ਉਸ ਕੋਲੋਂ ਇੱਕ
ਸਹਾਇਤਾ ਮੰਗੀ।
21ਯਿਸੂ ਨੇ ਆਖਿਆ, “ਤੂੰ ਕੀ ਚਾਹੁੰਦੀ ਹੈ?”
ਉਸ ਨੇ ਯਿਸੂ ਨੂੰ ਕਿਹਾ, “ਵਾਅਦਾ ਕਰੋ ਕਿ ਤੁਹਾਡੇ ਰਾਜ ਵਿੱਚ
ਮੇਰੇ ਇਹ ਦੋਵੇਂ ਪੁੱਤਰ ਇੱਕ ਤੁਹਾਡੇ ਸੱਜੇ ਤੇ ਇੱਕ ਤੁਹਾਡੇ ਖੱਬੇ ਪਾਸੇ
ਬੈਠਣ।”
22ਯਿਸੂ ਨੇ ਉਸ ਦੇ ਪੁੱਤਰਾਂ ਨੂੰ ਕਿਹਾ, “ਤੁਸੀਂ ਨਹੀਂ ਜਾਣਦੇ ਤੁਸੀਂ
ਕੀ ਮੰਗ ਰਹੇ ਹੋ? ਕੀ ਤੁਸੀਂ ਉਹ ਕਸ਼ਟ ਝੱਲ ਸਕਦੇ ਹੋ ਜਿਹੜੇ ਮੈਂ
ਝੱਲਣੇ ਹਨ।”
ਉਨ੍ਹਾਂ ਨੇ ਜਵਾਬ ਦਿੱਤਾ, “ਹਾਂ ਅਸੀਂ ਝੱਲ ਸਕਦੇ ਹਾਂ!”
23ਯਿਸੂ ਨੇ ਉਨ੍ਹਾਂ ਨੂੰ ਕਿਹਾ, “ਸੱਚਮੁੱਚ ਜੋ ਕਸ਼ਟ ਮੈਂ ਝੱਲਾਂਗਾ,
ਤੁਸੀਂ ਵੀ ਝੱਲੋਗੇ। ਪਰ ਮੈਂ ਉਹ ਨਹੀਂ ਹਾਂ ਜੋ ਇਸ ਗੱਲ ਦੀ ਚੋਣ
ਕਰੇਗਾ ਕਿ ਕੌਣ ਮੇਰੇ ਸੱਜੇ ਪਾਸੇ ਬੈਠੇਗਾ ਅਤੇ ਕੌਣ ਖੱਬੇ ਪਾਸੇ। ਉਹ
ਜਗ੍ਹਾਵਾਂ ਕੌਣ ਪਾਵੇਗਾ, ਇਹ ਮੇਰੇ ਪਿਤਾ ਨੇ ਫ਼ੈਸਲਾ ਕਰ ਲਿਆ
ਹੈ। ਉਹ ਥਾਵਾਂ ਉਨ੍ਹਾਂ ਲੋਕਾਂ ਨਾਲ ਸੰਬੰਧਿਤ ਹਨ ਜਿਨ੍ਹਾਂ ਲਈ ਉਹ
ਬਣਾਈਆਂ ਗਈਆਂ ਹਨ।”
24ਜਦੋਂ ਦਸਾਂ ਚੇਲਿਆਂ ਨੇ ਇਹ ਸੁਣਿਆ ਤਾਂ ਉਹ ਉਨ੍ਹਾਂ ਦੋਹਾਂ
ਭਰਾਵਾਂ ਤੇ ਖਿਝ ਗਏ। 25ਤਦ ਯਿਸੂ ਨੇ ਉਨ੍ਹਾਂ ਸਾਰਿਆਂ ਨੂੰ ਇਕੱਠਿਆਂ
ਕੋਲ ਸੱਦ ਕੇ ਆਖਿਆ, “ਤੁਸੀਂ ਜਾਣਦੇ ਹੋ ਕਿ ਗੈਰ-ਯਹੂਦੀਆਂ ਦੇ
ਹਾਕਮ ਦੂਜਿਆਂ ਤੇ ਹੁਕਮ ਚਲਾਉਣਾ ਪਸੰਦ ਕਰਦੇ ਹਨ ਅਤੇ ਉਨ੍ਹਾਂ ਦੇ
ਮਹੱਤਵਪੂਰਣ ਆਗੂ ਲੋਕਾਂ ਤੇ ਆਪਣੀ ਸ਼ਕਤੀ ਇਸਤੇਮਲ ਕਰਨਾ
ਪਸੰਦ ਕਰਦੇ ਹਨ। 26ਤੁਹਾਡੇ ਵਿੱਚ ਅਜਿਹਾ ਨਾ ਹੋਵੇ, ਪਰ ਜੇਕਰ
ਤੁਹਾਡੇ ਵਿੱਚੋਂ ਕੋਈ ਵੱਡਾ ਹੋਣਾ ਚਾਹੇ ਤਾਂ ਉਸ ਨੂੰ ਸੇਵਕ ਵਾਂਗ ਤੁਹਾਡੀ
ਸੇਵਾ ਕਰਨੀ ਚਾਹੀਦੀ ਹੈ। 27ਜੇਕਰ ਤੁਹਾਡੇ ਵਿੱਚੋਂ ਕੋਈ ਪਹਿਲਾ ਬਣਨਾ
ਚਾਹੇ ਤਾਂ ਉਹ ਪਹਿਲਾਂ ਤੁਹਾਡਾ ਦਾਸ ਹੋਵੇ। 28ਉਵੇਂ ਹੀ ਜਿਵੇਂ ਮਨੁੱਖ ਦਾ
ਪੁੱਤਰ ਆਪਣੀ ਸੇਵਾ ਕਰਵਾਉਣ ਨਹੀਂ, ਸਗੋਂ ਉਹ ਹੋਰਨਾਂ ਲੋਕਾਂ ਦੀ
ਸੇਵਾ ਕਰਨ ਲਈ ਆਇਆ ਹੈ। ਉਹ ਬਹੁਤ ਸਾਰੇ ਲੋਕਾਂ ਨੂੰ ਬਚਾਉਣ
ਦੀ ਖਾਤਰ ਆਪਣੀ ਜਾਨ ਕੁਰਬਾਨ ਕਰਨ ਲਈ ਆਇਆ ਹੈ।”

### ਯਿਸੂ ਦਾ ਦੋ ਅੰਨ੍ਹਿਆਂ ਨੂੰ ਚੰਗਾ ਕਰਨਾ

*(ਮਰਕੁਸ 10:46–52; ਲੂਕਾ 18:35–43)*

29ਜਦੋਂ ਉਹ ਅਤੇ ਉਸ ਦੇ ਚੇਲੇ ਯਰੀਹੋ ਤੋਂ ਵਿਦਾ ਹੋ ਰਹੇ ਸਨ ਤਾਂ
ਲੋਕਾਂ ਦੀ ਇੱਕ ਵੱਡੀ ਭੀੜ ਨੇ ਯਿਸੂ ਦਾ ਪਿੱਛਾ ਕੀਤਾ। 30ਦੋ ਅੰਨ੍ਹੇ
ਮਨੁੱਖ ਸੜਕ ਦੇ ਕੰਢੇ ਬੈਠੇ ਸਨ। ਜਦੋਂ ਉਨ੍ਹਾਂ ਸੁਣਿਆ ਕਿ ਯਿਸੂ
ਲੰਘਿਆ ਜਾਂਦਾ ਹੈ ਤਾਂ ਉਹ ਉੱਚੀ ਅਵਾਜ਼ ਵਿੱਚ ਬੋਲੇ, “ਹੇ ਪ੍ਰਭੂ,
ਦਾਊਦ ਦੇ ਪੁੱਤਰ, ਸਾਡੇ ਉੱਤੇ ਦਯਾ ਕਰ!”

**31**ਉਨ੍ਹਾਂ ਨੇ ਅੰਨ੍ਹੇ ਆਦਮੀਆਂ ਨੂੰ ਝਿੜਕਿਆ ਅਤੇ ਚੁੱਪ ਰਹਿਣ
ਲਈ ਕਿਹਾ, ਪਰ ਉਹ ਹੋਰ ਵੀ ਉੱਚੀ ਬੋਲੇ, "ਹੇ ਪ੍ਰਭੂ, ਦਾਊਦ ਦੇ
ਪੁੱਤਰ, ਕਿਰਪਾ ਕਰਕੇ ਸਾਡੀ ਸਹਾਇਤਾ ਕਰ!"
**32**ਤਦ ਯਿਸੂ ਰੁਕਿਆ ਅਤੇ ਉਨ੍ਹਾਂ ਨੂੰ ਸੱਦ ਕੇ ਪੁੱਛਿਆ, "ਤੁਸੀਂ
ਮੈਥੋਂ ਆਪਣੇ ਵਾਸਤੇ ਕੀ ਕਰਾਉਣਾ ਚਾਹੁੰਦੇ ਹੋ?"
**33**ਤਦ ਉਨ੍ਹਾਂ ਦੋਹਾਂ ਨੇ ਕਿਹਾ, "ਪ੍ਰਭੂ ਜੀ, ਅਸੀਂ ਚਾਹੁੰਦੇ ਹਾਂ ਕਿ
ਸਾਡੀਆਂ ਅੱਖਾਂ ਖੁੱਲ੍ਹ ਜਾਣ ਤਾਂ ਜੋ ਅਸੀਂ ਵੇਖ ਸਕੀਏ।"
**34**ਯਿਸੂ ਨੇ ਉਨ੍ਹਾਂ ਅੰਨ੍ਹੇ ਆਦਮੀਆਂ ਤੇ ਤਰਸ ਖਾਧਾ ਅਤੇ ਉਨ੍ਹਾਂ
ਦੀਆਂ ਅੱਖਾਂ ਨੂੰ ਛੋਹਿਆ। ਉਹ ਝੱਟ ਸੁਜਾਖੇ ਹੋ ਗਏ ਅਤੇ ਯਿਸੂ
ਦੇ ਮਗਰ ਹੋ ਤੁਰੇ।

### ਯਿਸੂ ਦਾ ਯਰੂਸ਼ਲਮ ਵਿੱਚ ਸ਼ਾਹੀ ਦਾਖਲਾ

*(ਮਰਕੁਸ 11:1–11; ਲੂਕਾ 19:28–38; ਯੂਹੰਨਾ 12:12–19)*

**21** **1**ਯਿਸੂ ਅਤੇ ਉਸ ਦੇ ਚੇਲੇ ਯਰੂਸ਼ਲਮ ਦੇ ਨੇੜੇ ਆ
ਰਹੇ ਸਨ, ਪਰ ਰਾਹ ਵਿੱਚ ਉਹ ਜ਼ੈਤੂਨ ਦੇ ਪਹਾੜ ਉੱਤੇ,
ਬੈਤਫ਼ਗਾ ਕੋਲ ਰੁਕੇ ਅਤੇ ਯਿਸੂ ਨੇ ਆਪਣੇ ਦੋ ਚੇਲਿਆਂ ਨੂੰ ਨਗਰ
ਵਿੱਚ ਭੇਜਿਆ, **2**ਅਤੇ ਉਨ੍ਹਾਂ ਨੂੰ ਆਖਿਆ, "ਜੋ ਸ਼ਹਿਰ ਤੁਹਾਡੇ
ਸਾਹਮਣੇ ਹੈ ਉਸ ਅੰਦਰ ਜਾਓ ਅਤੇ ਸ਼ਹਿਰ ਅੰਦਰ ਵੜਦੇ ਸਾਰ
ਹੀ ਤੁਸੀਂ ਇੱਕ ਗਧੀ ਨੂੰ ਉਸ ਦੇ ਛੋਟੇ ਬੱਚੇ ਨਾਲ ਬੰਨ੍ਹਿਆ ਪਾਓਗੇ।
ਉਸ ਨੂੰ ਖੋਲ੍ਹ ਕੇ ਤੁਸੀਂ ਮੇਰੇ ਕੋਲ ਲੈ ਆਓ। **3**ਜੇਕਰ ਤੁਹਾਨੂੰ ਕੋਈ
ਕੁਝ ਕਹੇ ਤਾਂ ਉਸ ਨੂੰ ਆਖਣਾ, 'ਪ੍ਰਭੂ ਨੂੰ ਇਨ੍ਹਾਂ ਗਧਿਆਂ ਦੀ ਲੋੜ
ਹੈ। ਉਹ ਜਲਦੀ ਹੀ ਉਨ੍ਹਾਂ ਨੂੰ ਵਾਪਸ ਭੇਜ ਦੇਵੇਗਾ।' "
**4**ਇਹ ਇਸ ਲਈ ਹੋਇਆ ਕਿ ਨਬੀ ਦਾ ਇਹ ਬਚਨ ਪੂਰਾ ਹੋਵੇ:
**5** "ਸੀਯੋਨ ਦੇ ਸ਼ਹਿਰ ਨੂੰ ਦੱਸੋ ਕਿ, 'ਤੇਰਾ ਬਾਦਸ਼ਾਹ ਤੇਰੇ
ਵੱਲ ਆ ਰਿਹਾ ਹੈ; ਉਹ ਨਿਮਰਤਾ ਨਾਲ ਗਧੀ ਉੱਤੇ, ਹਾਂ,
ਗਧੀ ਦੇ ਬੱਚੇ ਉੱਤੇ ਬੈਠ ਕੇ ਆ ਰਿਹਾ ਹੈ।' "

*ਜ਼ਕਰਯਾਹ 9:9*

**6**ਤਦ ਚੇਲਿਆਂ ਨੇ ਜਾ ਕੇ ਜਿਵੇਂ ਯਿਸੂ ਨੇ ਹੁਕਮ ਦਿੱਤਾ ਸੀ,
ਤਿਵੇਂ ਹੀ ਕੀਤਾ। **7**ਉਹ ਗਧੀ ਨੂੰ ਗਧੀ ਦੇ ਬੱਚੇ ਸਮੇਤ ਲਿਆਏ
ਅਤੇ ਆਪਣੇ ਕੱਪੜੇ ਉਨ੍ਹਾਂ ਉੱਤੇ ਪਾ ਦਿੱਤੇ ਅਤੇ ਯਿਸੂ ਉਨ੍ਹਾਂ ਉੱਪਰ
ਬੈਠ ਗਿਆ। **8**ਭੀੜ ਵਿੱਚੋਂ ਬਹੁਤ ਸਾਰੇ ਲੋਕਾਂ ਨੇ ਯਿਸੂ ਵਾਸਤੇ
ਰਸਤੇ ਤੇ ਆਪਣੇ ਕੱਪੜੇ ਵਿਛਾ ਦਿੱਤੇ। ਕਈਆਂ ਨੇ ਬਿਰਛਾਂ ਦੀ
ਟਹਿਣੀਆਂ ਵੱਢ ਕੇ ਰਸਤੇ ਵਿੱਚ ਵਿਛਾ ਦਿੱਤੀਆਂ। **9**ਭੀੜ ਜਿਹੜੀ
ਉਸ ਦੇ ਅੱਗੇ ਤੇ ਪਿੱਛੇ ਚੱਲੀ ਆਉਂਦੀ ਸੀ, ਉੱਚੀ ਅਵਾਜ਼ ਵਿੱਚ
ਆਖਣ ਲੱਗੀ,
"ਦਾਊਦ ਦੇ ਪੁੱਤਰ ਦੀ ਉਸਤਤ! 'ਉਹ ਧੰਨ ਹੈ ਜਿਹੜਾ
ਪ੍ਰਭੂ ਦੇ ਨਾਮ ਉੱਤੇ ਆਉਂਦਾ ਹੈ!'

*ਜ਼ਬੂਰ 118:25–26*

ਸਵਰਗ ਵਿੱਚ ਪਰਮੇਸ਼ੁਰ ਨੂੰ ਉਸਤਤ!"

**10**ਜਦੋਂ ਯਿਸੂ ਨੇ ਯਰੂਸ਼ਲਮ ਵਿੱਚ ਪ੍ਰਵੇਸ਼ ਕੀਤਾ ਤਾਂ ਉਸ ਸ਼ਹਿਰ
ਦੇ ਸਾਰੇ ਲੋਕ ਸ਼ਸ਼ੋਪੰਜ ਵਿੱਚ ਪੈ ਗਏ ਅਤੇ ਪੁੱਛਿਆ, "ਇਹ ਆਦਮੀ
ਕੌਣ ਹੈ?"
**11**ਯਿਸੂ ਨਾਲ ਜਾ ਰਹੀ ਭੀੜ ਨੇ ਉੱਤਰ ਦਿੱਤਾ, "ਇਹ ਯਿਸੂ ਹੈ,
ਗਲੀਲ ਦੇ ਕਸਬੇ ਨਾਸਰਤ ਦਾ ਇੱਕ ਨਬੀ।"

### ਯਿਸੂ ਦਾ ਮੰਦਰ ਵਿੱਚ ਹੋਣਾ

*(ਮਰਕੁਸ 11:15–19; ਲੂਕਾ 19:45–48; ਯੂਹੰਨਾ 2:13–22)*

**12**ਫ਼ੇਰ ਯਿਸੂ ਮੰਦਰ ਦੇ ਇਲਾਕੇ ਵੱਲ ਗਿਆ ਅਤੇ ਉਸ ਨੇ ਉਨ੍ਹਾਂ
ਸਭ ਲੋਕਾਂ ਨੂੰ ਜਿਹੜੇ ਉੱਥੇ ਚੀਜ਼ਾਂ ਖਰੀਦ ਅਤੇ ਵੇਚ ਰਹੇ ਸਨ, ਬਾਹਰ
ਕੱਢ ਦਿੱਤਾ। ਉਸ ਨੇ ਸਰਾਫ਼ਾਂ ਦੇ ਤਖਤਪੋਸ਼ ਅਤੇ ਘੁੱਗੀਆਂ ਵੇਚਣ
ਵਾਲਿਆਂ ਦੀਆਂ ਮੇਜ਼ਾਂ ਉਲਟਾ ਸੁੱਟੀਆਂ। **13**ਉਸ ਨੇ ਉਨ੍ਹਾਂ ਲੋਕਾਂ ਨੂੰ
ਆਖਿਆ, "ਪੋਥੀਆਂ ਵਿੱਚ ਲਿਖਿਆ ਹੈ, 'ਮੇਰਾ ਘਰ ਪ੍ਰਾਰਥਨਾ ਦਾ
ਘਰ ਸਦਾਵੇਗਾ'[a] ਪਰ ਤੁਸੀਂ ਇਸ ਜਗ੍ਹਾ ਨੂੰ ਚੋਰਾਂ ਦੇ ਲੁਕਣ ਦੀ
ਜਗ੍ਹਾ ਬਣਾ ਰਹੇ ਹੋ।'[b]"
**14**ਉਸ ਮੰਦਰ ਦੇ ਇਲਾਕੇ ਵਿੱਚ ਬਹੁਤ ਸਾਰੇ ਅੰਨ੍ਹੇ ਅਤੇ ਲੰਗੜੇ
ਯਿਸੂ ਕੋਲ ਆਏ ਅਤੇ ਉਸ ਨੇ ਉਨ੍ਹਾਂ ਨੂੰ ਚੰਗਾ ਕੀਤਾ। **15**ਜਦੋਂ
ਪ੍ਰਧਾਨ ਜਾਜਕਾਂ ਅਤੇ ਨੇਮ ਦੇ ਉਪਦੇਸ਼ਕਾਂ ਨੇ ਉਨ੍ਹਾਂ ਅਚਰਜ ਕੰਮਾਂ ਨੂੰ
ਦੇਖਿਆ ਜਿਹੜੇ ਉਸ ਨੇ ਕੀਤੇ ਅਤੇ ਬੱਚਿਆਂ ਨੂੰ ਉਸ ਮੰਦਰ ਵਿੱਚ
ਉੱਚੀ ਅਵਾਜ਼ ਨਾਲ ਬੋਲਦੇ ਅਤੇ "ਦਾਊਦ ਦੇ ਪੁੱਤਰ ਦੀ ਉਸਤਤ"
ਆਖਦੇ ਵੇਖਿਆ, ਤਾਂ ਉਹ ਗੁੱਸੇ ਵਿੱਚ ਆ ਗਏ।
**16**ਉਨ੍ਹਾਂ ਨੇ ਯਿਸੂ ਨੂੰ ਆਖਿਆ, "ਕੀ ਤੂੰ ਸੁਣ ਰਿਹਾ ਹੈਂ ਇਹ ਬੱਚੇ
ਕੀ ਆਖ ਰਹੇ ਹਨ?"
ਯਿਸੂ ਨੇ ਉੱਤਰ ਦਿੱਤਾ, "ਕੀ ਤੁਸੀਂ ਕਦੇ ਵੀ ਪੋਥੀਆਂ ਵਿੱਚ
ਨਹੀਂ ਪੜ੍ਹਿਆ, 'ਬੱਚਿਆਂ ਅਤੇ ਬਾਲਕਾਂ ਨੂੰ ਤੈਂ ਉਸਤਤ ਕਰਨੀ
ਸਿਖਾਈ?'[c]"
**17**ਇਹ ਹੋਣ ਤੋਂ ਬਾਦ ਯਿਸੂ ਉਨ੍ਹਾਂ ਲੋਕਾਂ ਤੋਂ ਵਿਦਾ ਹੋ ਗਿਆ ਅਤੇ
ਰਾਤ ਕੱਟਣ ਲਈ ਬਾਹਰ ਬੈਤਅਨੀਆ ਸ਼ਹਿਰ ਨੂੰ ਚਲਿਆ ਗਿਆ।

### ਯਿਸੂ ਵੱਲੋਂ ਵਿਸ਼ਵਾਸ ਦੀ ਸ਼ਕਤੀ ਵਿਖਾਉਣਾ

*(ਮਰਕੁਸ 11:12–14, 20–24)*

**18**ਅਗਲੀ ਸਵੇਰ ਜਦ ਯਿਸੂ ਸ਼ਹਿਰ ਵੱਲ ਮੁੜਿਆ ਜਾਂਦਾ ਸੀ ਤਾਂ
ਉਸ ਨੂੰ ਭੁੱਖ ਲੱਗੀ। **19**ਰਸਤੇ ਵਿੱਚ ਅੰਜੀਰ ਦਾ ਬਿਰਛ ਵੇਖ ਕੇ
ਉਹ ਉਸ ਦੇ ਨੇੜੇ ਗਿਆ, ਪਰ ਸਿਵਾਏ ਪੱਤਿਆਂ ਦੇ ਉੱਥੇ ਉਸ ਨੂੰ
ਹੋਰ ਕੁਝ ਵੀ ਨਾ ਲੱਭਿਆ। ਤਦ ਉਸ ਨੇ ਬਿਰਛ ਨੂੰ ਕਿਹਾ, "ਅੱਜ
ਤੋਂ ਤੈਨੂੰ ਭਵਿੱਖ ਵਿੱਚ ਕਦੇ ਵੀ ਫ਼ਲ ਨਾ ਲੱਗਣ!" ਉਹ ਰੁੱਖ ਤੁਰੰਤ
ਹੀ ਸੁੱਕ ਗਿਆ।
**20**ਚੇਲੇ ਵੇਖ ਕੇ ਹੈਰਾਨ ਹੋਏ ਅਤੇ ਉਨ੍ਹਾਂ ਨੇ ਪੁੱਛਿਆ, "ਅੰਜੀਰ ਦਾ
ਰੁੱਖ ਇੰਨੀ ਛੇਤੀ ਕਿਵੇਂ ਸੁੱਕ ਗਿਆ?"
**21**ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, "ਮੈਂ ਤੁਹਾਨੂੰ ਸੱਚ ਆਖਦਾ ਹਾਂ
ਕਿ ਜੇਕਰ ਤੁਹਾਨੂੰ ਨਿਹਚਾ ਹੋਵੇ ਅਤੇ ਤੁਸੀਂ ਕੋਈ ਭਰਮ ਨਾ ਰੱਖੋ, ਤਾਂ
ਤੁਸੀਂ ਸਿਰਫ਼ ਇਹੋ ਹੀ ਨਹੀਂ ਕਰੋਗੇ ਜੋ ਅੰਜੀਰ ਦੇ ਬਿਰਛ ਨਾਲ ਮੈਂ
ਕੀਤਾ, ਸਗੋਂ ਤੁਸੀਂ ਇਸ ਪਹਾੜ ਨੂੰ ਵੀ ਆਖ ਸਕਦੇ ਹੋ ਕਿ ਜਾ ਅਤੇ
ਸਮੁੰਦਰ ਵਿੱਚ ਜਾ ਡਿੱਗ, ਅਤੇ ਅਜਿਹਾ ਹੀ ਹੋਵੇਗਾ। **22**ਜੇਕਰ ਤੁਸੀਂ
ਵਿਸ਼ਵਾਸ ਕਰੋ ਤਾਂ ਉਹ ਸਭ ਕੁਝ ਜੋ ਤੁਸੀਂ ਪ੍ਰਾਰਥਨਾ ਰਾਹੀਂ ਮੰਗੋਗੇ,
ਤੁਹਾਨੂੰ ਦਿੱਤਾ ਜਾਵੇਗਾ।"

### ਯਹੂਦੀ ਆਗੂਆਂ ਵੱਲੋਂ ਯਿਸੂ ਦੇ ਅਧਿਕਾਰ ਤੇ ਸ਼ੱਕ ਕਰਨਾ

*(ਮਰਕੁਸ 11:27–33; ਲੂਕਾ 20:1–8)*

**23**ਜਦੋਂ ਯਿਸੂ ਮੰਦਰ ਦੇ ਇਲਾਕੇ ਵਿੱਚ ਦਾਖਲ ਹੋਇਆ ਅਤੇ

[a] ***21:13*** ਹਵਾਲਾ: ਯਸਾਯਾਹ 56:7
[b] ***21:13*** ਹਵਾਲਾ: ਯਿਰਮਿਯਾਹ 7:11
[c] ***21:16*** ਹਵਾਲਾ: ਜ਼ਬੂਰ 8:2 (ਯੂਨਾਨੀ ਅਨੁਵਾਦ)

ਉਪਦੇਸ਼ ਦੇ ਰਿਹਾ ਸੀ ਤਾਂ ਪ੍ਰਧਾਨ ਜਾਜਕ ਅਤੇ ਲੋਕਾਂ ਦੇ ਬਜ਼ੁਰਗ
ਉਸ ਦੇ ਕੋਲ ਆਏ ਅਤੇ ਕਹਿਣ ਲੱਗੇ, “ਇਹ ਸਭ ਤੂੰ ਕਿਸ
ਅਧਿਕਾਰ ਨਾਲ ਕਰਦਾ ਹੈਂ? ਇਹ ਅਧਿਕਾਰ ਤੈਨੂੰ ਕਿਸ ਨੇ ਦਿੱਤਾ?”
24ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, “ਮੈਂ ਵੀ ਤੁਹਾਨੂੰ ਇੱਕ ਸਵਾਲ
ਪੁੱਛਦਾ ਹਾਂ। ਜੇਕਰ ਤੁਸੀਂ ਮੈਨੂੰ ਉੱਤਰ ਦਿਓ ਤਾਂ ਮੈਂ ਵੀ ਤੁਹਾਨੂੰ
ਦੱਸਾਂਗਾ ਕਿ ਕਿਸ ਅਧਿਕਾਰ ਨਾਲ ਮੈਂ ਇਹ ਸਭ ਕੰਮ ਕਰਦਾ ਹਾਂ।
25ਯੂਹੰਨਾ ਦਾ ਬਪਤਿਸਮਾ ਕੀ ਪਰਮੇਸ਼ੁਰ ਵੱਲੋਂ ਆਇਆ ਜਾਂ ਮਨੁੱਖਾਂ
ਵੱਲੋਂ?”

ਉਨ੍ਹਾਂ ਨੇ ਆਪਸ ਵਿੱਚ ਵਿਚਾਰ ਕੀਤਾ, “ਜੇ ਅਸੀਂ ਕਹੀਏ
‘ਯੂਹੰਨਾ ਦਾ ਬਪਤਿਸਮਾ ਸਵਰਗ ਵੱਲੋਂ ਸੀ ਤਾਂ ਉਹ ਸਾਨੂੰ
ਆਖੇਗਾ ਕਿ ਫ਼ੇਰ ਤੁਸੀਂ ਉਸ ਤੇ ਭਰੋਸਾ ਕਿਉਂ ਨਾ ਕੀਤਾ? 26ਪਰ
ਜੇਕਰ ਅਸੀਂ ਆਖੀਏ, ‘ਇਹ ਲੋਕਾਂ ਵੱਲੋਂ ਸੀ’, ਤਾਂ ਸਾਰੇ ਲੋਕ
ਸਾਡੇ ਨਾਲ ਗੁੱਸੇ ਹੋਣਗੇ, ਕਿਉਂਕਿ ਇਹ ਸਭ ਯੂਹੰਨਾ ਨੂੰ ਨਬੀ
ਸਮਝਦੇ ਹਨ।”
27ਸੋ ਉਨ੍ਹਾਂ ਨੇ ਯਿਸੂ ਨੂੰ ਉੱਤਰ ਦਿੱਤਾ, “ਅਸੀਂ ਨਹੀਂ ਜਾਣਦੇ ਕਿ
ਯੂਹੰਨਾ ਨੂੰ ਬਪਤਿਸਮਾ ਦੇਣ ਦੀ ਸ਼ਕਤੀ ਕਿੱਥੋਂ ਆਈ।”

ਤਦ ਯਿਸੂ ਨੇ ਆਖਿਆ, “ਤਾਂ ਮੈਂ ਵੀ ਤੁਹਾਨੂੰ ਨਹੀਂ ਦੱਸਾਂਗਾ ਕਿ
ਇਹ ਸਭ ਗੱਲਾਂ ਮੈਂ ਕਿਸ ਅਧਿਕਾਰ ਨਾਲ ਕਰ ਰਿਹਾ ਹਾਂ।

## ਯਿਸੂ ਵੱਲੋਂ ਦੋ ਪੁੱਤਰਾਂ ਦਾ ਦ੍ਰਿਸ਼ਟਾਂਤ ਦੇਣਾ

28“ਮੈਨੂੰ ਦੱਸੋ ਕਿ ਤੁਸੀਂ ਕੀ ਸੋਚਦੇ ਹੋ? ਇੱਕ ਮਨੁੱਖ ਦੇ ਦੋ ਪੁੱਤਰ
ਸਨ ਅਤੇ ਉਹ ਪਹਿਲੇ ਦੇ ਕੋਲ ਆ ਕੇ ਬੋਲਿਆ, ‘ਪੁੱਤਰ, ਜਾਹ! ਅੱਜ
ਅੰਗੂਰ ਦੇ ਬਾਗ ਵਿੱਚ ਕੰਮ ਕਰ।’
29“ਉਸ ਨੇ ਉੱਤਰ ਦਿੱਤਾ, ‘ਮੈਂ ਨਹੀਂ ਜਾਵਾਂਗਾ’, ਪਰ ਬਾਅਦ ਵਿੱਚ
ਉਸ ਨੇ ਆਪਣਾ ਮਨ ਬਦਲਿਆ ਅਤੇ ਚਲਿਆ ਗਿਆ।
30“ਫ਼ੇਰ ਪਿਤਾ ਦੂਜੇ ਪੁੱਤਰ ਕੋਲ ਗਿਆ ਅਤੇ ਉਸ ਨੂੰ ਵੀ ਉਹੀ
ਗੱਲ ਕਹੀ। ਉਸ ਨੇ ਉੱਤਰ ਦਿੱਤਾ, ‘ਹਾਂ ਜੀ, ਮੈਂ ਜਾਵਾਂਗਾ।’ ਪਰ
ਉਹ ਨਾ ਗਿਆ।
31“ਸੋ ਦੋਹਾਂ ਵਿੱਚੋਂ ਕਿਸ ਨੇ ਪਿਤਾ ਦੀ ਮਰਜ਼ੀ ਪੂਰੀ ਕੀਤੀ?”

ਉਨ੍ਹਾਂ ਆਖਿਆ, “ਪਹਿਲੇ ਨੇ।”

ਯਿਸੂ ਨੇ ਉਨ੍ਹਾਂ ਨੂੰ ਕਿਹਾ, “ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ
ਮਹਿਸੂਲੀਏ ਅਤੇ ਕੰਜਰੀਆਂ ਤੁਹਾਡੇ ਨਾਲੋਂ ਪਹਿਲਾਂ ਪਰਮੇਸ਼ੁਰ ਦੇ
ਰਾਜ ਵਿੱਚ ਜਾਂਦੇ ਹਨ। 32ਕਿਉਂਕਿ ਯੂਹੰਨਾ ਤੁਹਾਨੂੰ ਜਿਉਣ ਦਾ ਸਹੀ
ਢੰਗ ਸਿਖਾਉਣ ਲਈ ਆਇਆ, ਪਰ ਤੁਸੀਂ ਉਸ ਦੀ ਪਰਤੀਤ ਨਾ
ਕੀਤੀ ਸਗੋਂ ਮਹਿਸੂਲੀਆਂ ਅਤੇ ਕੰਜਰੀਆਂ ਨੇ ਉਸ ਦੀ ਪਰਤੀਤ
ਕੀਤੀ। ਪਰ ਤੁਸੀਂ ਇਹ ਵੇਖਣ ਤੋਂ ਬਾਅਦ ਵੀ ਆਪਣੇ ਜੀਵਨ ਨਹੀਂ
ਬਦਲੇ ਅਤੇ ਨਾ ਹੀ ਉਸ ਉੱਤੇ ਵਿਸ਼ਵਾਸ ਕੀਤਾ।

## ਪਰਮੇਸ਼ੁਰ ਵੱਲੋਂ ਆਪਣੇ ਪੁੱਤਰ ਨੂੰ ਭੇਜਣਾ

*(ਮਰਕੁਸ 12:1–12; ਲੂਕਾ 20:9–19)*

33“ਇੱਕ ਹੋਰ ਦ੍ਰਿਸ਼ਟਾਂਤ ਸੁਣੋ: ਇੱਕ ਜ਼ਿਮੀਦਾਰ ਸੀ। ਉਸ ਨੇ ਇੱਕ
ਅੰਗੂਰਾਂ ਦਾ ਬਾਗ ਲਾਇਆ। ਉਸ ਨੇ ਖੇਤ ਦੇ ਚੁਫ਼ੇਰੇ ਵਾੜ ਕਰ
ਦਿੱਤੀ ਅਤੇ ਉਸ ਨੇ ਰਸ ਵਾਸਤੇ ਇੱਕ ਚੁਬੱਚਾ ਕੱਢਿਆ। ਫ਼ਿਰ ਉਸ
ਆਦਮੀ ਨੇ ਉੱਥੇ ਇੱਕ ਬੁਰਜ ਉਸਾਰਿਆ ਅਤੇ ਉਸ ਨੂੰ ਕਿਸਾਨਾਂ ਦੇ
ਹੱਥ ਸੌਂਪ ਕੇ ਖੁਦ ਪਰਦੇਸ ਚਲਿਆ ਗਿਆ। 34ਜਦੋਂ ਫ਼ਲਾਂ ਦੀ ਰੁੱਤ
ਨੇੜੇ ਆਈ ਤਾਂ ਉਸ ਨੇ ਆਪਣੇ ਨੌਕਰ ਕਿਸਾਨਾਂ ਦੇ ਕੋਲ ਆਪਣੇ
ਅੰਗੂਰਾਂ ਦਾ ਹਿੱਸਾ ਲੈਣ ਲਈ ਭੇਜੇ।
35“ਪਰ ਕਿਸਾਨਾਂ ਨੇ ਉਨ੍ਹਾਂ ਨੂੰ ਫ਼ੜ ਲਿਆ ਅਤੇ ਇੱਕ ਨੂੰ ਕੁੱਟਿਆ
ਅਤੇ ਦੂਜੇ ਨੂੰ ਮਾਰ ਦਿੱਤਾ ਤੇ ਤੀਜੇ ਨੌਕਰ ਨੂੰ ਪੱਥਰਾਂ ਨਾਲ ਮਾਰ
ਦਿੱਤਾ। 36ਫ਼ੇਰ ਮਾਲਕ ਨੇ ਪਹਿਲੀ ਵਾਰ ਨਾਲੋਂ ਵੱਧ ਨੌਕਰ ਕਿਸਾਨਾਂ
ਕੋਲ ਭੇਜੇ, ਪਰ ਕਿਸਾਨਾਂ ਨੇ ਉਨ੍ਹਾਂ ਨਾਲ ਵੀ ਉਸੇ ਤਰ੍ਹਾਂ ਹੀ ਕੀਤਾ।
37ਅਖੀਰ ਵਿੱਚ ਮਾਲਕ ਨੇ ਆਪਣੇ ਪੁੱਤਰ ਨੂੰ ਉਨ੍ਹਾਂ ਦੇ ਕੋਲ ਇਹ
ਸੋਚ ਕੇ ਭੇਜਿਆ ਕਿ ‘ਉਹ ਮੇਰੇ ਪੁੱਤਰ ਦਾ ਆਦਰ ਕਰਨਗੇ।’
38“ਪਰ ਜਦੋਂ ਕਿਸਾਨਾਂ ਨੇ ਉਸ ਦੇ ਪੁੱਤਰ ਨੂੰ ਵੇਖਿਆ ਤਾਂ ਆਪਸ
ਵਿੱਚ ਸੋਚਿਆ, ‘ਵਾਰਸ ਇਹੋ ਹੈ। ਅਸੀਂ ਇਸ ਨੂੰ ਮਾਰ ਦੇਈਏ
ਅਤੇ ਉਸ ਦੇ ਵਿਰਸੇ ਤੇ ਕਬਜ਼ਾ ਕਰ ਲਈਏ।’ 39ਤਦ ਉਨ੍ਹਾਂ ਨੇ
ਪੁੱਤਰ ਨੂੰ ਫ਼ੜ ਲਿਆ ਅਤੇ ਬਾਗ ਵਿੱਚੋਂ ਬਾਹਰ ਕੱਢ ਕੇ ਉਸ ਨੂੰ
ਮਾਰ ਦਿੱਤਾ।
40“ਸੋ ਜਦੋਂ ਖੇਤ ਦਾ ਮਾਲਕ ਆਵੇਗਾ ਤਾਂ ਉਹ ਉਨ੍ਹਾਂ ਕਿਸਾਨਾਂ
ਨਾਲ ਕੀ ਕਰੇਗਾ?”
41ਉਨ੍ਹਾਂ ਨੇ ਉਸ ਨੂੰ ਆਖਿਆ, “ਉਹ ਉਨ੍ਹਾਂ ਦੁਸ਼ਟ ਲੋਕਾਂ ਨੂੰ
ਕਸ਼ਟਦਾਇਕ ਮੌਤ ਦੇਵੇਗਾ ਅਤੇ ਖੇਤ ਹੋਰਨਾਂ ਕਿਸਾਨਾਂ ਦੇ ਹੱਥ ਸੌਂਪ
ਦੇਵੇਗਾ ਜੋ ਉਸ ਨੂੰ ਵਾਢੀ ਦੇ ਸਮੇਂ ਉਸ ਦਾ ਹਿੱਸਾ ਦੇਣਗੇ।”
42ਯਿਸੂ ਨੇ ਉਨ੍ਹਾਂ ਨੂੰ ਆਖਿਆ, “ਭਲਾ ਤੁਸੀਂ ਪੋਥੀਆਂ ਵਿੱਚ
ਕਦੇ ਨਹੀਂ ਪੜ੍ਹਿਆ:

> ‘ਜਿਹੜਾ ਪੱਥਰ ਰਾਜ-ਮਿਸਤਰੀਆਂ ਦੁਆਰਾ ਨਾਮੰਜ਼ੂਰ
> ਕੀਤਾ ਗਿਆ ਸੀ, ਸੋਈ ਖੂੰਜੇ ਦਾ ਸਿਰਾ ਹੋ ਗਿਆ। ਪ੍ਰਭੂ
> ਨੇ ਇਸ ਨੂੰ ਵਾਪਰਨ ਦਿੱਤਾ ਅਤੇ ਸਾਡੇ ਲਈ ਇਹ ਅਚੰਭਾ
> ਹੈ।’ *ਜ਼ਬੂਰ 118:22–23*

43“ਇਸ ਕਰਕੇ ਮੈਂ ਤੁਹਾਨੂੰ ਆਖਦਾ ਹਾਂ ਕਿ ਪਰਮੇਸ਼ੁਰ ਦਾ ਰਾਜ
ਤੁਹਾਡੇ ਕੋਲੋਂ ਖੋਹਿਆ ਜਾਵੇਗਾ ਅਤੇ ਇਹ ਉਨ੍ਹਾਂ ਲੋਕਾਂ ਨੂੰ ਦਿੱਤਾ
ਜਾਵੇਗਾ ਜਿਹੜੇ ਉਹੀ ਗੱਲਾਂ ਕਰਨਗੇ ਜੋ ਪਰਮੇਸ਼ੁਰ ਆਪਣੇ ਰਾਜ
ਵਿੱਚ ਚਾਹੁੰਦਾ ਹੈ। 44ਜੇਕਰ ਕੋਈ ਉਸ ਪੱਥਰ ਉੱਤੇ ਡਿੱਗੇਗਾ, ਉਹ
ਚੂਰ-ਚੂਰ ਹੋ ਜਾਵੇਗਾ। ਜੇਕਰ ਪੱਥਰ ਕਿਸੇ ਉੱਪਰ ਡਿੱਗੇਗਾ, ਉਹ
ਵਿਅਕਤੀ ਵੀ ਪੱਥਰ ਦੁਆਰਾ ਕੁਚਲਿਆ ਜਾਵੇਗਾ।”
45ਜਦੋਂ ਪ੍ਰਧਾਨ ਜਾਜਕਾਂ ਅਤੇ ਫ਼ਰੀਸੀਆਂ ਨੇ ਯਿਸੂ ਦੇ ਆਖੇ
ਦ੍ਰਿਸ਼ਟਾਂਤ ਸੁਣੇ ਤਾਂ ਉਹ ਜਾਣ ਗਏ ਕਿ ਉਹ ਉਨ੍ਹਾਂ ਬਾਰੇ ਹੀ ਗੱਲਾਂ ਕਰ
ਰਿਹਾ ਸੀ। 46ਉਹ ਉਸ ਨੂੰ ਗਿਰਫ਼ਤਾਰ ਕਰਨ ਦਾ ਕੋਈ ਉਪਾਅ
ਕਰਨਾ ਚਾਹੁੰਦੇ ਸਨ, ਪਰ ਉਹ ਲੋਕਾਂ ਤੋਂ ਡਰਦੇ ਸਨ ਕਿਉਂਕਿ ਉਹ
ਉਸ ਨੂੰ ਨਬੀ ਮੰਨਦੇ ਸਨ।

## ਵਿਆਹ ਦੀ ਦਾਵਤ ਦੇ ਨਿਉਤੇ ਬਾਰੇ ਦ੍ਰਿਸ਼ਟਾਂਤ

*(ਲੂਕਾ 14:15–24)*

22 1ਯਿਸੂ ਉਨ੍ਹਾਂ ਨਾਲ ਫ਼ੇਰ ਦ੍ਰਿਸ਼ਟਾਂਤਾਂ ਵਿੱਚ ਬੋਲਿਆ:
2“ਸਵਰਗ ਦਾ ਰਾਜ ਇੱਕ ਬਾਦਸ਼ਾਹ ਵਰਗਾ ਹੈ ਜਿਸ
ਨੇ ਆਪਣੇ ਪੁੱਤਰ ਦੇ ਵਿਆਹ ਦੀ ਦਾਵਤ ਤਿਆਰ ਕਰਵਾਈ। 3ਰਾਜੇ
ਨੇ ਆਪਣੇ ਨੌਕਰਾਂ ਨੂੰ ਉਨ੍ਹਾਂ ਲੋਕਾਂ ਨੂੰ ਲਿਆਉਣ ਲਈ ਭੇਜਿਆ
ਜਿਨ੍ਹਾਂ ਨੂੰ ਉਸ ਨੇ ਵਿਆਹ ਦੀ ਦਾਵਤ ਤੇ ਸੱਦਾ ਦਿੱਤਾ ਸੀ। ਜਦੋਂ
ਦਾਵਤ ਦੀ ਤਿਆਰੀ ਹੋ ਗਈ ਤਾਂ ਉਸ ਨੇ ਜਿਨ੍ਹਾਂ ਨੂੰ ਸੱਦਾ ਦਿੱਤਾ ਸੀ
ਉਨ੍ਹਾਂ ਨੂੰ ਨੌਕਰਾਂ ਹੱਥ ਆਉਣ ਲਈ ਸੁਨੇਹਾ ਭੇਜਿਆ, ਪਰ ਲੋਕਾਂ ਨੇ
ਰਾਜੇ ਦੀ ਦਾਵਤ ਤੇ ਆਉਣ ਤੋਂ ਇਨਕਾਰ ਕਰ ਦਿੱਤਾ।
4“ਫ਼ੇਰ ਉਸ ਨੇ ਹੋਰ ਵੱਧ ਨੌਕਰਾਂ ਨੂੰ ਸੱਦੇ ਹੋਏ ਲੋਕਾਂ ਨੂੰ ਇਹ
ਕਹਿਣ ਲਈ ਭੇਜਿਆ, ‘ਉਨ੍ਹਾਂ ਲੋਕਾਂ ਨੂੰ ਜਿਨ੍ਹਾਂ ਨੂੰ ਮੈਂ ਸੱਦਿਆ, ਦੱਸੋ

ਕਿ ਦਾਵਤ ਤਿਆਰ ਹੈ। ਮੈਂ ਆਪਣੇ ਬਲਦਾਂ ਅਤੇ ਮੋਟੇ ਪਸ਼ੂਆਂ ਨੂੰ ਖਾਣ ਲਈ ਵੱਢਿਆ ਹੈ ਤੇ ਸਭ ਕੁਝ ਤਿਆਰ ਹੈ, ਵਿਆਹ ਦੀ ਦਾਵਤ ਲਈ ਆਓ।'

5"ਸੇਵਕ ਗਏ ਅਤੇ ਲੋਕਾਂ ਨੂੰ ਆਉਣ ਵਾਸਤੇ ਕਹਿ ਆਏ" ਪਰ ਲੋਕਾਂ ਨੇ ਉਨ੍ਹਾਂ ਦੀ ਸੁਣਨ ਤੋਂ ਇਨਕਾਰ ਕਰ ਦਿੱਤਾ। ਕੋਈ ਆਪਣੇ ਖੇਤਾਂ ਨੂੰ ਚਲਾ ਗਿਆ ਅਤੇ ਕੋਈ ਆਪਣੇ ਵਣਜ-ਬੁਪਾਰ ਨੂੰ। 6ਕੁਝ ਹੋਰ ਲੋਕਾਂ ਨੇ ਇਕੱਠੇ ਹੋ ਕੇ ਉਨ੍ਹਾਂ ਨੌਕਰਾਂ ਨੂੰ ਫ਼ੜਿਆ, ਕੁਟਿਆ ਅਤੇ ਜਾਨੋਂ ਮਾਰ ਦਿੱਤਾ। 7ਬਾਦਸ਼ਾਹ ਨੂੰ ਬੜਾ ਗੁੱਸਾ ਆਇਆ। ਉਸ ਨੇ ਉਨ੍ਹਾਂ ਕਾਤਲਾਂ ਨੂੰ ਮਾਰਨ ਲਈ ਅਤੇ ਉਨ੍ਹਾਂ ਦਾ ਸ਼ਹਿਰ ਸਾੜਨ ਲਈ ਆਪਣੀ ਫ਼ੌਜ ਨੂੰ ਭੇਜਿਆ।

8"ਉਸ ਤੋਂ ਬਾਦ ਬਾਦਸ਼ਾਹ ਨੇ ਆਪਣੇ ਨੌਕਰਾਂ ਨੂੰ ਆਖਿਆ, 'ਦਾਵਤ ਤਾਂ ਤਿਆਰ ਹੀ ਹੈ। ਮੈਂ ਜਿਨ੍ਹਾਂ ਨੂੰ ਇਸ ਦਾਵਤ ਲਈ ਸੱਦਾ ਦਿੱਤਾ ਸੀ ਉਹ ਇਸ ਕਾਬਲ ਨਹੀਂ ਸਨ ਕਿ ਇੱਥੇ ਆਉਂਦੇ। 9ਸੋ ਤੁਸੀਂ ਚੁਰਾਹਿਆਂ ਤੇ ਜਾਓ ਅਤੇ ਜਿਨ੍ਹਾਂ ਲੋਕਾਂ ਨੂੰ ਵੀ ਤੁਸੀਂ ਮਿਲੋ, ਉਨ੍ਹਾਂ ਨੂੰ ਵਿਆਹ ਦੀ ਦਾਵਤ ਤੇ ਆਉਣ ਦਾ ਨਿਉਤਾ ਦਿਓ।' 10ਤਦ ਨੌਕਰ ਬਾਹਰ ਚੁਰਾਹਿਆਂ ਤੇ ਗਏ ਅਤੇ ਜਿਨ੍ਹਾਂ ਨੂੰ ਵੀ ਉਹ ਲੱਭ ਸਕੇ, ਉਨ੍ਹਾਂ ਨੇ ਸਾਰੇ ਭਲੇ-ਬੁਰੇ ਲੋਕ ਇਕੱਠੇ ਕਰ ਲਏ ਅਤੇ ਉਹ ਜਗ੍ਹਾ ਮਹਿਮਾਨਾਂ ਨਾਲ ਭਰ ਗਈ।

11"ਜਦੋਂ ਬਾਦਸ਼ਾਹ ਮਹਿਮਾਨਾਂ ਨੂੰ ਵੇਖਣ ਅੰਦਰ ਆਇਆ, ਤਾਂ ਉਸ ਨੇ ਇੱਕ ਆਦਮੀ ਨੂੰ ਵੇਖਿਆ ਜਿਸ ਨੇ ਵਿਆਹ ਦੇ ਕੱਪੜੇ ਨਹੀਂ ਪਾਏ ਹੋਏ ਸਨ। 12ਬਾਦਸ਼ਾਹ ਨੇ ਉਸ ਨੂੰ ਕਿਹਾ, 'ਭਈ ਤੂੰ ਇੱਥੇ ਵਿਆਹ ਵਾਲੀ ਪੋਸ਼ਾਕ ਪਾਏ ਬਗੈਰ ਅੰਦਰ ਕਿਵੇਂ ਆਇਆ?' ਪਰ ਉਸ ਆਦਮੀ ਨੇ ਕੁਝ ਨਾ ਕਿਹਾ। 13ਤਦ ਬਾਦਸ਼ਾਹ ਨੇ ਕੁਝ ਨੌਕਰਾਂ ਨੂੰ ਕਿਹਾ, 'ਇਸ ਦੇ ਹੱਥ ਪੈਰ ਬੰਨ੍ਹ ਕੇ ਇਸ ਨੂੰ ਬਾਹਰ ਦੇ ਹਨ੍ਹੇਰ ਵਿੱਚ ਸੁੱਟ ਦਿਓ। ਉਸ ਜਗ੍ਹਾ ਲੋਕ ਰੋਂਦੇ ਹੋਣਗੇ ਅਤੇ ਦਰਦ ਨਾਲ ਆਪਣੇ ਦੰਦ ਕਰੀਚ ਰਹੇ ਹੋਣਗੇ।'

14"ਹਾਂ, ਸੱਦਾ ਬਹੁਤ ਸਾਰਿਆਂ ਨੂੰ ਦਿੱਤਾ ਗਿਆ ਹੈ, ਪਰ ਚੁਣੇ ਥੋੜੇ ਹੀ ਗਏ ਹਨ।"

## ਕੁਝ ਯਹੂਦੀਆਂ ਵੱਲੋਂ ਯਿਸੂ ਨੂੰ ਫਸਾਉਣ ਦੀ ਕੋਸ਼ਿਸ਼ ਕਰਨਾ

*(ਮਰਕੁਸ 12:13–17; ਲੂਕਾ 20:20–26)*

15ਇਸ ਤੋਂ ਬਾਦ ਫ਼ਰੀਸੀ ਬਾਹਰ ਗਏ ਅਤੇ ਉਨ੍ਹਾਂ ਨੇ ਯਿਸੂ ਨੂੰ ਪ੍ਰਸ਼ਨਾਂ ਦੁਆਰਾ ਫ਼ਸਾਉਣ ਦਾ ਫ਼ੈਸਲਾ ਕੀਤਾ। 16ਉਨ੍ਹਾਂ ਨੇ ਆਪਣੇ ਕੁਝ ਚੇਲਿਆਂ ਨੂੰ ਹੇਰੋਦੀਆਂ ਨਾਮੇ ਸਮੂਹ ਦੇ ਕੁਝ ਆਦਮੀਆਂ ਨਾਲ ਯਿਸੂ ਕੋਲ ਭੇਜਿਆ। ਇਨ੍ਹਾਂ ਆਦਮੀਆਂ ਨੇ ਆਖਿਆ, "ਗੁਰੂ ਜੀ, ਅਸੀਂ ਜਾਣਦੇ ਹਾਂ ਕਿ ਤੁਸੀਂ ਇੱਕ ਇਮਾਨਦਾਰ ਆਦਮੀ ਹੋ ਅਤੇ ਤੁਸੀਂ ਪਰਮੇਸ਼ੁਰ ਦੇ ਰਾਹ ਬਾਰੇ ਸੱਚਾਈ ਦਾ ਉਪਦੇਸ਼ ਦਿੰਦੇ ਹੋ। ਤੁਸੀਂ ਕਿਸੇ ਤੋਂ ਵੀ ਪ੍ਰਭਾਵਿਤ ਨਹੀਂ ਹੁੰਦੇ, ਕਿਉਂਕਿ ਤੁਸੀਂ ਇਸ ਗੱਲ ਦੀ ਪਰਵਾਹ ਨਹੀਂ ਕਰਦੇ ਕਿ ਉਹ ਕੌਣ ਹਨ? 17ਸੋ ਸਾਨੂੰ ਦੱਸੋ ਕਿ ਤੁਸੀਂ ਕੀ ਸੋਚਦੇ ਹੋ, ਕੀ ਕੈਸਰ[a] ਨੂੰ ਮਹਿਸੂਲ ਦੇਣਾ ਨਿਆਂ ਅਨੁਸਾਰ ਹੈ ਜਾਂ ਨਹੀਂ?"

18ਪਰ ਯਿਸੂ ਉਨ੍ਹਾਂ ਦੇ ਦੁਸ਼ਟ ਇਰਾਦਿਆਂ ਨੂੰ ਜਾਣਦਾ ਸੀ, ਸੋ ਉਸ ਨੇ ਆਖਿਆ, "ਤੁਸੀਂ ਕਪਟੀ ਹੋ, ਤੁਸੀਂ ਮੈਨੂੰ ਫ਼ਸਾਉਣ ਦੀ ਕੋਸ਼ਿਸ਼ ਕਿਉਂ ਕਰ ਰਹੇ ਹੋ? 19ਜਿਹੜਾ ਸਿੱਕਾ ਤੁਸੀਂ ਮਹਿਸੂਲ ਦਿੰਦੇ ਹੋ, ਮੈਨੂੰ ਵਿਖਾਓ।" ਤਦ ਉਹ ਇੱਕ ਚਾਂਦੀ ਦਾ ਸਿੱਕਾ ਉਸ ਕੋਲ ਲਿਆਏ। 20ਯਿਸੂ ਨੇ ਉਨ੍ਹਾਂ ਨੂੰ ਕਿਹਾ, "ਇਸ ਉੱਪਰ ਇਹ ਮੂਰਤ ਅਤੇ ਲਿਖਤ ਕਿਸ ਦੀ ਹੈ?"

21ਉਨ੍ਹਾਂ ਨੇ ਉੱਤਰ ਦਿੱਤਾ, "ਇਹ ਕੈਸਰ ਦੀ ਤਸਵੀਰ ਅਤੇ ਕੈਸਰ ਦਾ ਨਾਮ ਹੈ।"

ਤਦ ਉਸ ਨੇ ਉਨ੍ਹਾਂ ਨੂੰ ਆਖਿਆ, "ਤਾਂ ਫ਼ਿਰ ਜਿਹੜੀਆਂ ਵਸਤਾਂ ਕੈਸਰ ਦੀਆਂ ਹਨ ਉਹ ਕੈਸਰ ਨੂੰ ਦਿਓ ਅਤੇ ਜਿਹੜੀਆਂ ਵਸਤਾਂ ਪਰਮੇਸ਼ੁਰ ਦੀਆਂ ਹਨ ਉਹ ਪਰਮੇਸ਼ੁਰ ਨੂੰ ਦਿਓ।"

22ਉਹ ਇਹ ਸੁਣਕੇ ਬੜੇ ਹੈਰਾਨ ਹੋਏ ਅਤੇ ਉਸ ਨੂੰ ਛੱਡ ਕੇ ਚਲੇ ਗਏ।

## ਕੁਝ ਸਦੂਕੀਆਂ ਵੱਲੋਂ ਯਿਸੂ ਨਾਲ ਚਾਲ ਚੱਲਣਾ

*(ਮਰਕੁਸ 12:18–27; ਲੂਕਾ 20:27–40)*

23ਉਸੇ ਦਿਨ ਕੁਝ ਸਦੂਕੀ ਯਿਸੂ ਕੋਲ ਆਏ। ਉਹ ਵਿਸ਼ਵਾਸ ਕਰਦੇ ਸਨ ਕਿ ਪੁਨਰ-ਉਥਾਨ ਨਹੀਂ ਹੈ। ਉਨ੍ਹਾਂ ਇਹ ਕਹਿ ਕੇ ਉਸ ਤੋਂ ਸਵਾਲ ਪੁੱਛਿਆ, 24"ਗੁਰੂ ਜੀ, ਮੂਸਾ ਨੇ ਆਖਿਆ ਸੀ ਕਿ ਜੇ ਕੋਈ ਵਿਆਹੁਤਾ ਮਰਦ ਬੇਉਲਾਦ ਮਰ ਜਾਵੇ ਤਾਂ ਉਸ ਦਾ ਭਰਾ ਉਸ ਦੀ ਪਤਨੀ ਨਾਲ ਵਿਆਹ ਕਰ ਲਵੇ, ਅਤੇ ਉਸ ਨੂੰ ਆਪਣੇ ਭਰਾ ਵਾਸਤੇ ਵਾਰਸ ਦੇਣ ਲਈ ਬੱਚੇ ਪੈਦਾ ਕਰਨੇ ਚਾਹੀਦੇ ਹਨ।[b] 25ਸਾਡੇ ਵਿਚਕਾਰ ਸੱਤ ਭਰਾ ਸਨ। ਪਹਿਲੇ ਨੇ ਵਿਆਹ ਕੀਤਾ ਅਤੇ ਮਰ ਗਿਆ। ਕਿਉਂਕਿ ਉਸ ਦੀ ਕੋਈ ਉਲਾਦ ਨਹੀਂ ਸੀ, ਉਸ ਦੇ ਭਰਾ ਨੇ ਉਸ ਦੀ ਵਿਧਵਾ ਨਾਲ ਵਿਆਹ ਕਰਵਾ ਲਿਆ। 26ਦੂਜੇ ਅਤੇ ਤੀਜੇ ਭਰਾ ਤੋਂ ਲੈ ਕੇ ਸੱਤਾਂ ਭਰਾਵਾਂ ਨਾਲ ਇਵੇਂ ਹੀ ਵਾਪਰਿਆ। 27ਸਾਰਿਆਂ ਦੇ ਪਿੱਛੋਂ ਉਹ ਔਰਤ ਵੀ ਮਰ ਗਈ। 28ਇਸ ਲਈ, ਜਦੋਂ ਕਿ ਸਾਰੇ ਭਰਾਵਾਂ ਨੇ ਉਸ ਨਾਲ ਵਿਆਹ ਕੀਤਾ ਤਾਂ ਪੁਨਰ-ਉਥਾਨ ਦੇ ਦਿਨ ਉਹ ਕਿਸ ਦੀ ਪਤਨੀ ਹੋਵੇਗੀ?"

29ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, "ਤੁਸੀਂ ਭੁੱਲ ਵਿੱਚ ਹੋ, ਕਿਉਂਕਿ ਤੁਸੀਂ ਨਹੀਂ ਜਾਣਦੇ ਕਿ ਪੋਥੀਆਂ ਕੀ ਆਖਦੀਆਂ ਹਨ। ਅਤੇ ਤੁਸੀਂ ਪਰਮੇਸ਼ੁਰ ਦੀ ਸ਼ਕਤੀ ਬਾਰੇ ਨਹੀਂ ਜਾਣਦੇ। 30ਕਿਉਂਕਿ ਪੁਨਰ-ਉਥਾਨ ਤੋਂ ਬਾਦ ਉੱਥੇ ਕੋਈ ਵਿਆਹ ਨਹੀਂ ਹੋਵੇਗਾ। ਉਹ ਇੱਕ ਦੂਜੇ ਨਾਲ ਵਿਆਹੇ ਨਹੀਂ ਜਾਣਗੇ। ਉਹ ਸਵਰਗ ਵਿੱਚ ਦੂਤਾਂ ਵਾਂਗ ਹੋਣਗੇ। 31ਕੀ ਤੁਸੀਂ ਉਹ ਨਹੀਂ ਪੜ੍ਹਿਆ ਜੋ ਪਰਮੇਸ਼ੁਰ ਨੇ ਮੁਰਦਿਆਂ ਦੇ ਪੁਨਰ-ਉਥਾਨ ਬਾਰੇ ਲਿਖਿਆ ਹੈ ਕਿ 32'ਮੈਂ ਅਬਰਾਹਾਮ ਦਾ ਪਰਮੇਸ਼ੁਰ ਅਤੇ ਇਸਹਾਕ ਦਾ ਪਰਮੇਸ਼ੁਰ ਅਤੇ ਯਾਕੂਬ ਦਾ ਪਰਮੇਸ਼ੁਰ ਹਾਂ।'[c] ਉਹ ਮੁਰਦਿਆਂ ਦਾ ਪਰਮੇਸ਼ੁਰ ਨਹੀਂ, ਜਿਉਂਦਿਆਂ ਦਾ ਹੈ।"

33ਲੋਕ ਉਸ ਦਾ ਇਹ ਉਪਦੇਸ਼ ਸੁਣਕੇ ਹੈਰਾਨ ਹੋਏ।

## ਕਿਹੜਾ ਨੇਮ ਸਭ ਤੋਂ ਜ਼ਰੂਰੀ ਹੈ

*(ਮਰਕੁਸ 12:28–34; ਲੂਕਾ 10:25–28)*

34ਜਦੋਂ ਫ਼ਰੀਸੀਆਂ ਨੇ ਸੁਣਿਆ ਕਿ ਉਸ ਨੇ ਸਦੂਕੀਆਂ ਦਾ ਮੂੰਹ ਬੰਦ ਕਰ ਦਿੱਤਾ ਹੈ ਤਾਂ ਉਹ ਇੱਕ ਥਾਂ ਇਕੱਠੇ ਹੋਏ। 35ਇੱਕ ਫ਼ਰੀਸੀ ਨੇ ਜੋ ਮੂਸਾ ਦੀ ਸ਼ਰਾ ਦਾ ਉਸਤਾਦ ਸੀ, ਯਿਸੂ ਨੂੰ ਪਰਤਾਉਣ ਲਈ ਉਸ ਨੂੰ ਇੱਕ ਸਵਾਲ ਪੁੱਛਿਆ, 36ਫ਼ਰੀਸੀ ਨੇ ਆਖਿਆ, "ਗੁਰੂ ਜੀ, ਸ਼ਰ੍ਹਾ ਵਿੱਚ ਸਭ ਤੋਂ ਜ਼ਰੂਰੀ ਹੁਕਮ ਕਿਹੜਾ ਹੈ?"

37ਯਿਸੂ ਨੇ ਜਵਾਬ ਦਿੱਤਾ, "ਤੈਨੂੰ ਆਪਣੇ ਪ੍ਰਭੂ ਪਰਮੇਸ਼ੁਰ ਨੂੰ ਆਪਣੇ ਸਾਰੇ ਦਿਲ ਨਾਲ, ਆਪਣੀ ਸਾਰੀ ਰੂਹ ਨਾਲ, ਅਤੇ ਪੂਰੇ

[a] *22:17* **ਕੈਸਰ** ਰੋਮ ਦੇ ਸ਼ਾਸਕ ਦਾ ਨਾਮ।

[b] *22:24* **"ਜੇ ਕੋਈ…ਚਾਹੀਦੇ ਹਨ"** ਬਿਵਸਥਾ ਸਾਰ 25:5, 6 ਦੇਖੋ।

[c] *22:32* ਹਵਾਲਾ: ਕੂਚ 3:6

ਮਨ ਨਾਲ ਪਿਆਰ ਕਰਨਾ ਚਾਹੀਦਾ ਹੈ।[a] 38ਇਹੀ ਪਹਿਲਾ ਅਤੇ
ਸਭ ਤੋਂ ਜ਼ਰੂਰੀ ਹੁਕਮ ਹੈ। 39ਅਤੇ ਦੂਜਾ ਹੁਕਮ ਵੀ ਪਹਿਲੇ ਜਿੰਨਾ
ਹੀ ਮਹੱਤਵਪੂਰਣ ਹੈ: 'ਤੈਨੂੰ ਆਪਣੇ ਗੁਆਂਢੀ ਨੂੰ ਉਵੇਂ ਹੀ ਪਿਆਰ
ਕਰਨਾ ਚਾਹੀਦਾ ਹੈ ਜਿਵੇਂ ਤੂੰ ਆਪਣੇ ਆਪ ਨੂੰ ਪਿਆਰ ਕਰਦਾ ਹੈਂ।'[b]
40ਇਨ੍ਹਾਂ ਦੋਹਾਂ ਹੁਕਮਾਂ ਉੱਤੇ ਹੀ ਸਾਰੇ ਨੇਮ ਅਤੇ ਨਬੀਆਂ ਦੀਆਂ
ਲਿਖਤਾਂ ਟਿਕੇ ਹੋਏ ਹਨ।"

## ਯਿਸੂ ਦਾ ਫ਼ਰੀਸੀਆਂ ਨੂੰ ਇੱਕ ਸਵਾਲ

*(ਮਰਕੁਸ 12:35–37; ਲੂਕਾ 20:41–44)*

41ਜਦੋਂ ਫ਼ਰੀਸੀ ਇਕੱਠੇ ਹੋਏ ਤਾਂ ਯਿਸੂ ਨੇ ਉਨ੍ਹਾਂ ਨੂੰ ਇੱਕ ਸਵਾਲ
ਪੁੱਛਿਆ। 42"ਤੁਸੀਂ ਮਸੀਹ ਬਾਰੇ ਕੀ ਸੋਚਦੇ ਹੋ ਕਿ ਉਹ ਕਿਸ ਦਾ
ਪੁੱਤਰ ਹੈ?"

ਉਨ੍ਹਾਂ ਨੇ ਯਿਸੂ ਨੂੰ ਕਿਹਾ, "ਦਾਊਦ ਦਾ ਪੁੱਤਰ।"

43ਤਦ ਯਿਸੂ ਨੇ ਉਨ੍ਹਾਂ ਨੂੰ ਆਖਿਆ, "ਤਾਂ ਫ਼ਿਰ ਦਾਊਦ ਪਵਿੱਤਰ
ਆਤਮਾ ਰਾਹੀਂ ਉਸ ਨੂੰ 'ਪ੍ਰਭੂ' ਕਿਉਂ ਬੁਲਾਉਂਦਾ ਹੈ? ਜਦੋਂ ਉਸ ਨੇ
ਇਹ ਆਖਿਆ,

44 'ਪ੍ਰਭੂ ਨੇ ਮੇਰੇ ਪ੍ਰਭੂ ਨੂੰ ਆਖਿਆ, ਤੂੰ ਮੇਰੇ ਸੱਜੇ ਪਾਸੇ ਬੈਠ
ਜਦ ਤੀਕਰ ਮੈਂ ਤੇਰੇ ਵੈਰੀਆਂ ਨੂੰ ਤੇਰੇ ਪੈਰਾਂ ਹੇਠ ਨਾ ਕਰ
ਦਿਆਂ।' *ਜ਼ਬੂਰ 110:1*

45ਇਸ ਲਈ ਜੇਕਰ ਦਾਊਦ ਉਸ ਨੂੰ 'ਪ੍ਰਭੂ', ਬੁਲਾਉਂਦਾ ਹੈ, ਤਾਂ ਉਹ
ਉਸ ਦਾ ਪੁੱਤਰ ਕਿਵੇਂ ਹੋ ਸਕਦਾ ਹੈ?"

46ਕੋਈ ਵੀ ਫ਼ਰੀਸੀ ਯਿਸੂ ਦੇ ਸਵਾਲ ਦਾ ਜਵਾਬ ਨਾ ਦੇ
ਸਕਿਆ। ਉਸ ਦਿਨ ਤੋਂ ਬਾਦ, ਕਿਸੇ ਨੇ ਵੀ ਉਸ ਨੂੰ ਕੋਈ ਹੋਰ
ਸਵਾਲ ਕਰਨ ਦਾ ਹੌਸਲਾ ਨਾ ਕੀਤਾ।

## ਯਿਸੂ ਨੇ ਧਾਰਮਿਕ ਆਗੂਆਂ ਦੀ ਨਿੰਦਾ ਕੀਤੀ

*(ਮਰਕੁਸ 12:38–40; ਲੂਕਾ 11:37–52; 20:45–47)*

**23** 1ਫ਼ੇਰ ਯਿਸੂ ਨੇ ਭੀੜ ਅਤੇ ਆਪਣੇ ਚੇਲਿਆਂ ਨਾਲ ਗੱਲ
ਕੀਤੀ ਅਤੇ ਆਖਿਆ, 2"ਨੇਮ ਦੇ ਉਪਦੇਸ਼ਕਾਂ ਅਤੇ
ਫ਼ਰੀਸੀਆਂ ਨੂੰ ਮੂਸਾ ਦੀ ਸ਼ਰਾ ਬਾਰੇ ਉਪਦੇਸ਼ ਦੇਣ ਦਾ ਅਧਿਕਾਰ ਹੈ
ਕਿ ਉਹ ਕੀ ਆਖਦੀ ਹੈ। 3ਇਸ ਲਈ ਤੁਹਾਨੂੰ ਉਨ੍ਹਾਂ ਦੀ ਆਗਿਆ
ਦਾ ਪਾਲਣ ਕਰਨਾ ਚਾਹੀਦਾ ਹੈ ਅਤੇ ਜੋ ਉਹ ਕਹਿਣ, ਉਹ ਧਿਆਨ
ਨਾਲ ਕਰੋ। ਪਰ ਉਨ੍ਹਾਂ ਵਰਗੇ ਕੰਮ ਨਾ ਕਰੋ, ਕਿਉਂ ਜੋ ਉਨ੍ਹਾਂ ਦੇ ਜੀਵਨ
ਚੰਗੇ ਉਦਾਹਰਣ ਨਹੀਂ ਹਨ, ਕਿਉਂਕਿ ਜੋ ਵੀ ਉਹ ਕਰਨ ਨੂੰ ਕਹਿੰਦੇ
ਹਨ ਖੁਦ ਉਸ ਤੇ ਅਮਲ ਨਹੀਂ ਕਰਦੇ। 4ਉਹ ਸਖਤ ਨੇਮ ਬਣਾਉਂਦੇ
ਹਨ ਜਿਹੜੇ ਮੰਨਣ ਲਈ ਬੜੇ ਕਠੋਰ ਹਨ ਅਤੇ ਉਹ ਇਨ੍ਹਾਂ ਨੂੰ
ਲੋਕਾਂ ਤੇ ਲਾਗੂ ਕਰਦੇ ਹਨ। ਪਰ ਉਹ ਇਨ੍ਹਾਂ ਵਿੱਚੋਂ ਕਿਸੇ ਵੀ ਨੇਮ ਦਾ
ਅਨੁਸਰਣ ਕਰਨ ਦੀ ਕੋਸ਼ਿਸ਼ ਵੀ ਨਹੀਂ ਕਰਦੇ।

5"ਉਹ ਆਪਣੇ ਸਭ ਕੰਮ ਲੋਕਾਂ ਨੂੰ ਵਿਖਾਉਣ ਲਈ ਕਰਦੇ ਹਨ।
ਉਹ ਆਪਣੇ ਖਾਸ ਬਸਤਿਆਂ ਨੂੰ ਪੋਥੀਆਂ ਨਾਲ ਭਰ ਲੈਂਦੇ ਹਨ
ਅਤੇ ਉਨ੍ਹਾਂ ਨੂੰ ਵੱਡੇ ਹੀ ਵੱਡੇ ਕਰਦੇ ਰਹਿੰਦੇ ਹਨ। ਉਹ ਆਪਣੇ ਖਾਸ
ਪ੍ਰਾਰਥਨਾ ਵਾਲੇ ਵਸਤਰਾਂ ਦੀ ਲੰਬਾਈ ਬਹੁਤ ਰੱਖਦੇ ਹਨ ਤਾਂ ਜੋ ਲੋਕ
ਉਨ੍ਹਾਂ ਵੱਲ ਧਿਆਨ ਦੇਣ। 6ਉਹ ਫ਼ਰੀਸੀ ਅਤੇ ਨੇਮ ਦੇ ਉਪਦੇਸ਼ਕ
ਦਾਵਤਾਂ ਵਿੱਚ ਉੱਚੀਆਂ ਥਾਵਾਂ ਦੇ ਲੋਭੀ ਹਨ, ਅਤੇ ਉਹ ਯਹੂਦੀ
ਮੰਦਰਾਂ ਵਿੱਚ ਵੀ ਉੱਚੇ ਅਹੁਦੇ ਪ੍ਰਾਪਤ ਕਰਨ ਦੇ ਬੜੇ ਭੁੱਖੇ ਹਨ।
7ਉਹ ਬਜ਼ਾਰਾਂ ਵਿੱਚ ਮਾਨ ਸਨਮਾਨ ਲੈਣ ਦੇ ਵੀ ਬੜੇ ਭੁੱਖੇ ਹਨ।
ਉਹ ਮਨੁੱਖਾਂ ਕੋਲੋਂ ਗੁਰੂ ਕਹਾਉਣਾ ਚਾਹੁੰਦੇ ਹਨ।

8"ਪਰ ਤੁਸੀਂ ਸਭ ਗੁਰੂ ਨਾ ਕਹਾਉਣਾ, ਕਿਉਂ ਜੋ ਤੁਹਾਡਾ ਇੱਕ
ਹੀ ਗੁਰੂ ਹੈ ਅਤੇ ਤੁਸੀਂ ਸਭ ਆਪਸ ਵਿੱਚ ਭਰਾ-ਭਰਾ ਹੋ। 9ਅਤੇ
ਧਰਤੀ ਉੱਪਰ ਕਿਸੇ ਵੀ ਮਨੁੱਖ ਨੂੰ ਆਪਣਾ ਪਿਤਾ ਨਾ ਆਖੋ, ਕਿਉਂ ਜੋ
ਤੁਹਾਡਾ ਸਿਰਫ਼ ਇੱਕੋ ਹੀ ਪਿਤਾ ਹੈ ਜਿਹੜਾ ਸਵਰਗ ਵਿੱਚ ਹੈ। 10ਤੁਸੀਂ
ਆਪਣੇ-ਆਪ ਨੂੰ ਮਾਲਕ ਵੀ ਨਾ ਕਹਾਉਣਾ, ਕਿਉਂਕਿ ਤੁਹਾਡਾ ਸਭਨਾਂ
ਦਾ ਮਾਲਕ ਵੀ ਇੱਕੋ ਭਾਵ ਮਸੀਹ ਹੈ। 11ਜਿਹੜਾ ਮਨੁੱਖ ਤੁਹਾਡਾ
ਸੇਵਕ ਬਣ ਤੁਹਾਡੀ ਸੇਵਾ ਕਰਦਾ ਹੈ, ਉਹ ਤੁਹਾਡੇ ਸਾਰਿਆਂ ਵਿੱਚੋਂ
ਵੱਡਾ ਹੈ। 12ਜਿਹੜਾ ਵਿਅਕਤੀ ਆਪਣੇ ਆਪ ਨੂੰ ਮਹਾਨ ਸਮਝਦਾ ਹੈ,
ਉਹ ਦੀਨ ਬਣਾਇਆ ਜਾਵੇਗਾ ਅਤੇ ਜੋ ਕੋਈ ਆਪਣੇ ਆਪ ਨੂੰ ਸਭ
ਵਿੱਚੋਂ ਨੀਵਾਂ ਜਾਣੇਗਾ, ਉਸ ਨੂੰ ਸਭ ਤੋਂ ਉੱਚਾ ਸਮਝਿਆ ਜਾਵੇਗਾ।

13"ਨੇਮ ਦੇ ਉਪਦੇਸ਼ਕੋ ਅਤੇ ਫ਼ਰੀਸੀਓ, ਤੁਹਾਡੇ ਤੇ ਹਾਏ। ਤੁਸੀਂ
ਕਪਟੀ ਹੋ, ਕਿਉਂਕਿ ਤੁਸੀਂ ਸਵਰਗ ਦੇ ਰਾਜ ਦੇ ਰਾਹ ਵਿੱਚ ਅੜਚਨਾਂ
ਪੈਦਾ ਕਰਦੇ ਹੋ। ਤੁਸੀਂ ਖੁਦ ਵੀ ਪ੍ਰਵੇਸ਼ ਨਹੀਂ ਕਰਦੇ ਅਤੇ ਉਨ੍ਹਾਂ ਨੂੰ
ਵੀ ਪ੍ਰਵੇਸ਼ ਨਹੀਂ ਕਰਨ ਦਿੰਦੇ ਜੋ ਕੋਸ਼ਿਸ਼ ਕਰ ਰਹੇ ਹਨ। 14 [ਨੇਮ ਦੇ
ਪ੍ਰਚਾਰਕੋ ਅਤੇ ਫ਼ਰੀਸੀਓ ਤੁਹਾਡੇ ਉੱਤੇ ਹਾਏ। ਤੁਸੀਂ ਕਪਟੀ ਹੋ। ਤੁਸੀਂ
ਵਿਧਵਾਵਾਂ ਦੇ ਘਰ ਲੁੱਟ ਲੈਂਦੇ ਹੋ, ਅਤੇ ਤੁਸੀਂ ਲੰਬੀਆਂ ਪ੍ਰਾਰਥਨਾਵਾਂ
ਕਰਦੇ ਹੋ ਤਾਂ ਕਿ ਲੋਕ ਤੁਹਾਨੂੰ ਵੇਖ ਸਕਣ। ਇਸ ਵਾਸਤੇ ਤੁਹਾਨੂੰ
ਭੈੜੀ ਸਜ਼ਾ ਮਿਲੇਗੀ।]"

15"ਨੇਮ ਦੇ ਉਪਦੇਸ਼ਕੋ ਅਤੇ ਫ਼ਰੀਸੀਓ, ਤੁਹਾਡੇ ਤੇ ਹਾਏ, ਤੁਸੀਂ
ਕਪਟੀ ਹੋ! ਕਿਉਂਕਿ ਤੁਸੀਂ ਕਿਸੇ ਨੂੰ ਆਪਣੇ ਧਰਮ ਵਿੱਚ ਬਦਲਣ
ਲਈ ਸਮੁੰਦਰ ਅਤੇ ਧਰਤੀ ਦਾ ਸਫ਼ਰ ਕਰਦੇ ਹੋ। ਅਤੇ ਜਦੋਂ ਤੁਸੀਂ
ਕਿਸੇ ਵਿਅਕਤੀ ਨੂੰ ਬਦਲ ਦਿੰਦੇ ਹੋ ਤਾਂ ਤੁਸੀਂ ਉਸ ਨੂੰ ਆਪਣੇ ਨਾਲੋਂ
ਵੀ ਦੁੱਗਣਾ ਬੁਰਾ ਬਣਾ ਦਿੰਦੇ ਹੋ। ਤੁਸੀਂ ਵੀ ਇੰਨੇ ਬੁਰੇ ਹੋ ਕਿ ਤੁਸੀਂ
ਨਰਕ ਵਿੱਚ ਜਾਓਗੇ।

16"ਹੇ ਅੰਨ੍ਹੇ ਰਾਹਨੁਮਾਓ, ਤੁਹਾਡੇ ਤੇ ਹਾਏ! ਤੁਸੀਂ ਆਖਦੇ ਹੋ,
'ਜੇਕਰ ਕੋਈ ਮੰਦਰ ਦੀ ਸੌਂਹ ਖਾਵੇ ਇਸ ਦਾ ਕੋਈ ਅਰਥ ਨਹੀਂ, ਪਰ
ਜੇਕਰ ਉਹ ਮੰਦਰ ਦੇ ਸੋਨੇ ਦੀ ਸੌਂਹ ਖਾਵੇ, ਤਾਂ ਉਹ ਸੌਂਹ ਵਿੱਚ ਬੱਝ
ਗਿਆ ਹੈ।' 17ਮੂਰਖੋ, ਤੁਸੀਂ ਅੰਨ੍ਹੇ ਹੋ! ਕਿਹੜਾ ਵੱਡਾ ਹੈ? ਸੋਨਾ ਜਾਂ
ਮੰਦਰ ਜਿਹੜਾ ਕਿ ਸੋਨੇ ਨੂੰ ਵੀ ਪਵਿੱਤਰ ਬਣਾਉਂਦਾ ਹੈ।

18"ਤੁਸੀਂ ਇਹ ਵੀ ਕਹਿੰਦੇ ਹੋ, 'ਜੇਕਰ ਕੋਈ ਜਗਵੇਦੀ ਦੀ ਸੌਂਹ
ਖਾਂਦਾ ਹੈ ਤਾਂ ਇਸ ਦਾ ਕੋਈ ਅਰਥ ਨਹੀਂ, ਪਰ ਜੇਕਰ ਉਹ ਜਗਵੇਦੀ
ਦੀ ਭੇਟ ਦੀ ਸੌਂਹ ਖਾਂਦਾ ਹੈ ਤਾਂ ਉਹ ਸੌਂਹ ਵਿੱਚ ਬੱਝ ਗਿਆ ਹੈ।'
19ਤੁਸੀਂ ਅੰਨ੍ਹੇ ਹੋ! ਕਿਹੜੀ ਚੀਜ਼ ਵੱਡੀ ਹੈ? ਭੇਟ, ਜਾਂ ਜਗਵੇਦੀ ਜੋ ਭੇਟ
ਨੂੰ ਪਵਿੱਤਰ ਬਣਾਉਂਦੀ ਹੈ? 20ਇਸ ਲਈ ਜੇਕਰ ਕੋਈ ਜਗਵੇਦੀ
ਦੀ ਸੌਂਹ ਖਾਂਦਾ ਹੈ ਤਾਂ ਉਹ ਜਗਵੇਦੀ ਅਤੇ ਉਸ ਉਪਰਲੀਆਂ ਸਭ
ਵਸਤਾਂ ਦੀ ਸੌਂਹ ਖਾਂਦਾ ਹੈ। 21ਜੇਕਰ ਕੋਈ ਮੰਦਰ ਦੀ ਸੌਂਹ ਖਾਂਦਾ ਹੈ
ਤਾਂ ਉਹ ਮੰਦਰ ਦੀ ਅਤੇ ਉਸ ਦੀ ਸੌਂਹ ਖਾਂਦਾ ਹੈ ਜੋ ਉਸ ਵਿੱਚ ਰਹਿੰਦਾ
ਹੈ। 22ਜੇਕਰ ਕੋਈ ਸਵਰਗ ਦੀ ਸੌਂਹ ਖਾਂਦਾ ਹੈ ਤਾਂ ਉਹ ਪਰਮੇਸ਼ੁਰ
ਦੇ ਸਿੰਘਾਸਣ ਦੀ ਅਤੇ ਉਸ ਉੱਪਰ ਬੈਠਣ ਵਾਲੇ ਦੀ ਸੌਂਹ ਖਾਂਦਾ ਹੈ।

23"ਨੇਮ ਦੇ ਉਪਦੇਸ਼ਕੋ ਅਤੇ ਫ਼ਰੀਸੀਓ, ਤੁਹਾਡੇ ਤੇ ਹਾਏ। ਤੁਸੀਂ
ਕਪਟੀ ਹੋ, ਕਿਉਂਕਿ ਤੁਸੀਂ ਪੁਦੀਨੇ, ਸੌਂਫ਼ ਅਤੇ ਜੀਰੇ ਦਾ ਦਸਵੰਧ ਦਿੰਦੇ
ਹੋ ਪਰ ਤੁਸੀਂ ਸ਼ਰਾ ਦੇ ਵਧੀਕ ਮਹੱਤਵਪੂਰਣ ਉਪਦੇਸ਼ਾਂ ਨੂੰ ਮੰਨਣ ਤੋਂ
ਅਣਗਹਿਲੀ ਕਰਦੇ ਹੋ ਜੋ ਨਿਆਂ, ਦਇਆ ਅਤੇ ਵਫ਼ਾਦਾਰੀ ਹਨ।

[a] *22:37* ਹਵਾਲਾ: ਬਿਵਸਥਾ ਸਾਰ 6:5
[b] *22:37* ਹਵਾਲਾ: ਲੇਵੀਆਂ 19:18

ਇਹ ਮਹੱਤਵਪੂਰਣ ਹੈ ਕਿ ਤੁਸੀਂ ਦੂਜੇ ਅਸੂਲਾਂ ਦੀ ਅਣਗਹਿਲੀ ਕੀਤੇ ਬਿਨਾਂ ਇਨ੍ਹਾਂ ਗੱਲਾਂ ਤੇ ਵੀ ਅਮਲ ਕਰੋ। 24ਤੁਸੀਂ ਅੰਨ੍ਹੇ ਆਗੂ ਹੋ! ਤੁਸੀਂ ਉਹ ਹੋ ਜੋ ਮੱਛਰ-ਮੱਖੀ ਤਾਂ ਪੁਣ ਲੈਂਦੇ ਹਨ ਪਰ ਊਠ ਨੂੰ ਨਿਗਲ ਜਾਂਦੇ ਹਨ।

25"ਤੁਹਾਡੇ ਤੇ ਹਾਏ, ਨੇਮ ਦੇ ਉਪਦੇਸ਼ਕੋ ਅਤੇ ਫ਼ਰੀਸੀਓ! ਤੁਸੀਂ ਕਪਟੀ ਹੋ। ਤੁਸੀਂ ਆਪਣੇ ਕਟੋਰੇ ਅਤੇ ਥਾਲੀਆਂ ਨੂੰ ਬਾਹਰੋਂ ਤਾਂ ਸਾਫ਼ ਕਰਦੇ ਹੋ, ਪਰ ਅੰਦਰਲੇ ਪਾਸੇ ਉਨ੍ਹਾਂ ਗੱਲਾਂ ਨਾਲ ਭਰੇ ਹੋਏ ਹੋ ਜਿਹੜੀਆਂ ਤੁਸੀਂ ਦੂਜਿਆਂ ਨਾਲ ਦਗਾਬਾਜ਼ੀ ਕਰਕੇ ਅਤੇ ਆਪਣੇ ਆਪ ਨੂੰ ਪ੍ਰਸੰਨ ਕਰਕੇ ਪ੍ਰਾਪਤ ਕੀਤੀਆਂ ਹਨ। 26ਹੇ ਅੰਨ੍ਹੇ ਫ਼ਰੀਸੀਓ! ਪਹਿਲਾਂ ਕਟੋਰੇ ਅਤੇ ਥਾਲੀ ਦੇ ਅੰਦਰ ਨੂੰ ਸਾਫ਼ ਕਰੋ ਤਾਂ ਉਹ ਬਾਹਰੋਂ ਵੀ ਸਾਫ਼ ਹੋਣਗੇ।

27"ਤੁਹਾਡੇ ਤੇ ਹਾਏ, ਨੇਮ ਦੇ ਉਪਦੇਸ਼ਕੋ ਅਤੇ ਫ਼ਰੀਸੀਓ! ਤੁਸੀਂ ਕਪਟੀ ਹੋ। ਤੁਸੀਂ ਕਲੀ ਕੀਤੀਆਂ ਕਬਰਾਂ ਵਾਂਗ ਹੋ ਜੋ ਬਾਹਰੋਂ ਸੋਹਣੀਆਂ ਦਿਸਦੀਆਂ ਹਨ, ਪਰ ਜੋ ਅੰਦਰੋਂ ਮੁਰਦਾ ਲੋਕਾਂ ਦੀਆਂ ਹੱਡੀਆਂ ਅਤੇ ਹੋਰ ਅਣਧੋਤੀਆਂ ਚੀਜ਼ਾਂ ਨਾਲ ਭਰੀਆਂ ਹੋਈਆਂ ਹਨ। 28ਤੁਸੀਂ ਵੀ ਉਵੇਂ ਹੀ ਹੋ। ਤੁਸੀਂ ਬਾਹਰੋਂ ਚੰਗੇ ਮਨੁੱਖਾਂ ਵਾਂਗ ਵਿਖਾਈ ਦਿੰਦੇ ਹੋ, ਪਰ ਅੰਦਰੋਂ ਛਲ ਅਤੇ ਦੁਸ਼ਟਤਾ ਨਾਲ ਭਰੇ ਹੋਏ ਹੋ।

29"ਤੁਹਾਡੇ ਤੇ ਹਾਏ, ਨੇਮ ਦੇ ਉਪਦੇਸ਼ਕੋ ਅਤੇ ਫ਼ਰੀਸੀਓ! ਤੁਸੀਂ ਕਪਟੀ ਹੋ। ਕਿਉਂ ਜੋ ਤੁਸੀਂ ਨਬੀਆਂ ਲਈ ਕਬਰਾਂ ਬਣਾਉਂਦੇ ਹੋ ਅਤੇ ਧਰਮੀ ਲੋਕਾਂ ਦੀਆਂ ਕਬਰਾਂ ਦਾ ਸਤਿਕਾਰ ਕਰਦੇ ਹੋ। 30ਤੁਸੀਂ ਆਖਦੇ ਹੋ, 'ਜੇਕਰ ਅਸੀਂ ਆਪਣੇ ਬਜ਼ੁਰਗਾਂ ਦੇ ਸਮਿਆਂ ਵਿੱਚ ਜਿਉਂਦੇ ਹੁੰਦੇ ਤਾਂ ਅਸੀਂ ਉਨ੍ਹਾਂ ਦੀ ਇਨ੍ਹਾਂ ਨਬੀਆਂ ਨੂੰ ਮਾਰਨ ਵਿੱਚ ਸਹਾਇਤਾ ਨਾ ਕੀਤੀ ਹੁੰਦੀ।' 31ਇਸ ਲਈ ਤੁਸੀਂ ਵੀ ਗਵਾਹੀ ਦਿੰਦੇ ਹੋ ਕਿ ਤੁਸੀਂ ਉਨ੍ਹਾਂ ਦੇ ਬੱਚੇ ਹੋ ਜਿਨ੍ਹਾਂ ਨੇ ਨਬੀਆਂ ਦੀ ਹੱਤਿਆ ਕੀਤੀ, 32ਅਤੇ ਜਿਹੜੇ ਪਾਪ ਤੁਹਾਡੇ ਪਿਉ ਦਾਦਿਆਂ ਨੇ ਸ਼ੁਰੂ ਕੀਤੇ ਸਨ, ਤੁਸੀਂ ਉਨ੍ਹਾਂ ਨੂੰ ਪੂਰਾ ਕਰੋਗੇ।

33"ਤੁਸੀਂ ਸੱਪ ਹੋ! ਹੇ ਸਪਾਂ ਦੇ ਬੱਚਿਓ! ਤੁਸੀਂ ਪਰਮੇਸ਼ੁਰ ਦੇ ਨਿਆਂ ਤੋਂ ਕਿਵੇਂ ਬਚੋਗੇ ਜੋ ਤੁਹਾਨੂੰ ਨਰਕ ਭੇਜੇਗਾ? 34ਇਸ ਲਈ ਵੇਖੋ, ਮੈਂ ਨਬੀਆਂ, ਗਿਆਨੀਆਂ ਅਤੇ ਉਪਦੇਸ਼ਕਾਂ ਨੂੰ ਤੁਹਾਡੇ ਕੋਲ ਭੇਜਦਾ ਹਾਂ! ਤੁਸੀਂ ਉਨ੍ਹਾਂ ਵਿੱਚੋਂ ਕਈਆਂ ਨੂੰ ਮਾਰ ਸੁੱਟੋਗੇ; ਤੁਸੀਂ ਉਨ੍ਹਾਂ ਵਿੱਚੋਂ ਕਈਆਂ ਨੂੰ ਸਲੀਬ ਦੇ ਦਿਉਗੇ, ਕਈਆਂ ਨੂੰ ਤੁਸੀਂ ਆਪਣੇ ਯਹੂਦੀ ਮੰਦਰਾਂ ਵਿੱਚ ਕੋੜੇ ਮਾਰੋਗੇ ਅਤੇ ਸ਼ਹਿਰੋ-ਸ਼ਹਿਰ ਉਨ੍ਹਾਂ ਦਾ ਪਿੱਛਾ ਕਰੋਗੇ।

35"ਹਾਂ, ਤੁਸੀਂ ਧਰਮੀ ਹਾਬਲ ਦੇ ਸਮੇਂ ਤੋਂ ਲੈ ਕੇ ਜ਼ਕਰਯਾਹ ਤੱਕ ਸਾਰੇ ਧਰਮੀ ਲੋਕਾਂ ਦੇ ਕਤਲ ਦੇ ਦੋਸ਼ੀ ਹੋਵੋਗੇ। ਬਕਰਯਾਹ ਦਾ ਪੁੱਤਰ ਜ਼ਕਰਯਾਹ ਮੰਦਰ ਅਤੇ ਜਗਵੇਦੀ ਦੇ ਵਿਚਕਾਰ ਮਾਰਿਆ ਗਿਆ ਸੀ। 36ਮੈਂ ਤੁਹਾਨੂੰ ਸੱਚ ਦੱਸਦਾ ਹਾਂ ਕਿ ਇਹ ਸਭ ਅਪਰਾਧ ਇਸ ਪੀੜ੍ਹੀ ਦੇ ਲੋਕਾਂ ਉੱਤੇ ਆਵੇਗਾ।

### ਯਿਸੂ ਵੱਲੋਂ ਯਰੂਸ਼ਲਮ ਦੇ ਲੋਕਾਂ ਨੂੰ ਚੇਤਾਵਨੀ

*(ਲੂਕਾ 13:34–35)*

37"ਹੇ ਯਰੂਸ਼ਲਮ, ਯਰੂਸ਼ਲਮ, ਤੂੰ ਹੀ ਉਹ ਸ਼ਹਿਰ ਹੈਂ ਜੋ ਨਬੀਆਂ ਨੂੰ ਕਤਲ ਕਰਦਾ ਹੈਂ ਅਤੇ ਜਿਹੜੇ ਤੇਰੇ ਕੋਲ ਭੇਜੇ ਜਾਂਦੇ ਹਨ ਉਨ੍ਹਾਂ ਨੂੰ ਪੱਥਰਾਂ ਨਾਲ ਮਾਰ ਦਿੰਦਾ ਹੈਂ। ਮੈਂ ਕਿੰਨੀ ਵਾਰੀ ਚਾਹਿਆ ਕਿ ਤੇਰੇ ਬੱਚਿਆਂ ਨੂੰ ਉਸੇ ਤਰ੍ਹਾਂ ਇਕੱਠਾ ਕਰਾਂ ਜਿਵੇਂ ਕੁਕੜੀ ਆਪਣੇ ਚੂਚਿਆਂ ਨੂੰ ਖੰਭਾਂ ਦੇ ਹੇਠਾਂ ਇਕੱਠਾ ਕਰਦੀ ਹੈ, ਪਰ ਤੂੰ ਇਵੇਂ ਨਹੀਂ ਚਾਹੁੰਦਾ। 38ਵੇਖ, ਤੇਰਾ ਘਰ ਬਿਲਕੁਲ ਸੱਖਣਾ ਛੱਡ ਦਿੱਤਾ ਜਾਵੇਗਾ। 39ਮੈਂ ਤੈਨੂੰ ਦੱਸ ਰਿਹਾ ਹਾਂ ਕਿ ਤੂੰ ਮੈਨੂੰ ਇਸ ਤੋਂ ਬਾਅਦ ਉਦੋਂ ਤੱਕ ਫ਼ਿਰ ਨਹੀਂ ਵੇਖੇਂਗਾ ਜਦੋਂ ਤੱਕ ਸਭ ਇਹ ਨਹੀਂ ਕਹਿਣਗੇ ਕਿ ਧੰਨ ਹੈ ਉਹ ਜਿਹੜਾ ਪ੍ਰਭੂ ਦੇ ਨਾਮ ਉੱਤੇ ਆਉਂਦਾ ਹੈ।"[a]

### ਮੰਦਰ ਦਾ ਭਵਿੱਖ ਵਿੱਚ ਹੋਣ ਵਾਲਾ ਨੁਕਸਾਨ

*(ਮਰਕੁਸ 13:1–31; ਲੂਕਾ 21:5–33)*

**24** 1ਯਿਸੂ ਮੰਦਰ ਤੋਂ ਬਾਹਰ ਨਿੱਕਲ ਕੇ ਜਾ ਰਿਹਾ ਸੀ ਕਿ ਉਸ ਦੇ ਚੇਲੇ ਉਸ ਨੂੰ ਮੰਦਰ ਦੀਆਂ ਇਮਾਰਤਾਂ ਅਤੇ ਮੰਦਰ ਵਿਖਾਉਣ ਲਈ ਆਏ। 2ਯਿਸੂ ਨੇ ਚੇਲਿਆਂ ਨੂੰ ਆਖਿਆ, "ਤੁਸੀਂ ਵੇਖਣਾ, ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਇਸ ਸਥਾਨ ਦੀ ਹਰ ਇਮਾਰਤ ਨਸ਼ਟ ਹੋ ਜਾਵੇਗੀ, ਅਤੇ ਇਸ ਜਗ੍ਹਾ ਦਾ ਹਰ ਪੱਥਰ ਧਰਤੀ ਉੱਪਰ ਡਿੱਗੇਗਾ।"

3ਬਾਦ ਵਿੱਚ ਜਦੋਂ ਯਿਸੂ ਜ਼ੈਤੂਨ ਦੇ ਪਹਾੜ ਤੇ ਬੈਠਾ ਹੋਇਆ ਸੀ ਤਾਂ ਉਸ ਦੇ ਚੇਲੇ ਇੱਕਾਂਤ ਵਿੱਚ ਉਸ ਕੋਲ ਆਏ ਅਤੇ ਪੁੱਛਿਆ, "ਸਾਨੂੰ ਦੱਸ ਇਹ ਗੱਲਾਂ ਕਦੋਂ ਵਾਪਰਨਗੀਆਂ ਅਤੇ ਤੇਰੇ ਆਉਣ ਦਾ ਅਤੇ ਯੁਗ ਦੇ ਅੰਤ ਦਾ ਕੀ ਨਿਸ਼ਾਨ ਹੋਵੇਗਾ?"

4ਯਿਸੂ ਨੇ ਆਖਿਆ, "ਸਾਵਧਾਨ ਰਹਿਣਾ ਕਿਸੇ ਕੋਲੋਂ ਵੀ ਧੋਖਾ ਨਾ ਖਾਣਾ। 5ਕਿਉਂਕਿ ਬਹੁਤ ਲੋਕ ਮੇਰੇ ਨਾਂ ਤੇ ਆਉਣਗੇ ਅਤੇ ਆਖਣਗੇ, 'ਮੈਂ ਮਸੀਹ ਹਾਂ।' ਅਤੇ ਉਹ ਬਹੁਤ ਲੋਕਾਂ ਨੂੰ ਗੁਮਰਾਹ ਕਰਨਗੇ। 6ਤੁਸੀਂ ਲੜੀਆਂ ਜਾਣ ਵਾਲੀਆਂ ਲੜਾਈਆਂ ਬਾਰੇ ਵੀ ਸੁਣੋਗੇ। ਤੁਸੀਂ ਉਨ੍ਹਾਂ ਲੜਾਈਆਂ ਦੇ ਸ਼ੁਰੂ ਹੋਣ ਦੀਆਂ ਅਫ਼ਵਾਹਾਂ ਸੁਣੋਗੇ। ਪਰ ਤੁਸੀਂ ਡਰਨਾ ਨਹੀਂ, ਕਿਉਂਕਿ ਇਹ ਸਭ ਗੱਲਾਂ ਵਾਪਰਨੀਆਂ ਜ਼ਰੂਰੀ ਹਨ। ਪਰ ਹਾਲੇ ਇਹ ਅੰਤ ਨਹੀਂ। 7ਇੱਕ ਕੌਮ ਦੂਜੀ ਕੌਮ ਉੱਪਰ, ਅਤੇ ਇੱਕ ਪਾਤਸ਼ਾਹੀ ਦੂਜੀ ਉੱਪਰ ਚੜ੍ਹਾਈ ਕਰੇਗੀ। ਬਹੁਤ ਥਾਵਾਂ ਉੱਤੇ ਅਕਾਲ ਪੈਣਗੇ ਅਤੇ ਭੁਚਾਲ ਆਉਣਗੇ। 8ਇਹ ਸਭ ਗੱਲਾਂ ਔਰਤ ਦੀ ਗਰਭ ਅਵਸਥਾ ਦੀਆਂ ਪੀੜਾਂ ਵਾਂਗ ਹੋਣਗੀਆਂ ਜਦੋਂ ਉਹ ਇੱਕ ਬੱਚੇ ਨੂੰ ਜਨਮ ਦੇ ਰਹੀ ਹੁੰਦੀ ਹੈ।

9"ਫ਼ਿਰ ਲੋਕ ਤੁਹਾਨੂੰ ਸ਼ਾਸਕਾਂ ਹੱਥੀਂ ਦੇਣਗੇ ਅਤੇ ਮਾਰੇ ਜਾਣ ਲਈ ਫ਼ੜਾ ਦੇਣਗੇ। ਸਭ ਲੋਕ ਤੁਹਾਨੂੰ ਨਫ਼ਰਤ ਕਰਨਗੇ। ਇਹ ਸਭ ਗੱਲਾਂ ਤੁਹਾਡੇ ਨਾਲ ਇਸ ਲਈ ਵਾਪਰਨਗੀਆਂ, ਕਿਉਂਕਿ ਤੁਸੀਂ ਮੇਰੇ ਵਿੱਚ ਵਿਸ਼ਵਾਸ ਰੱਖਦੇ ਹੋ। 10ਉਸ ਵਕਤ ਬਹੁਤ ਸਾਰੇ ਨਿਹਚਾਵਾਨ ਆਪਣਾ ਵਿਸ਼ਵਾਸ ਗੁਆ ਬੈਠਣਗੇ ਅਤੇ ਉਹ ਇੱਕ ਦੂਜੇ ਦੇ ਵਿਰੋਧ ਵਿੱਚ ਉੱਠ ਖੜ੍ਹੇ ਹੋਣਗੇ ਤੇ ਇੱਕ ਦੂਜੇ ਨਾਲ ਨਫ਼ਰਤ ਕਰਨਗੇ। 11ਬਹੁਤ ਸਾਰੇ ਝੂਠੇ ਨਬੀ ਆਉਣਗੇ ਅਤੇ ਬਹੁਤ ਲੋਕਾਂ ਨੂੰ ਗਲਤ ਰਾਹ ਪਾ ਦੇਣਗੇ। 12ਦੁਨੀਆ ਵਿੱਚ ਦੁਸ਼ਟਤਾ ਵਧ ਜਾਵੇਗੀ। ਇਸ ਲਈ ਬਹੁਤ ਸਾਰੇ ਸ਼ਰਧਾਲੂਆਂ ਦਾ ਪਿਆਰ ਠੰਡਾ ਪੈ ਜਾਵੇਗਾ। 13ਪਰ ਜਿਹੜਾ ਅੰਤ ਤੀਕ ਸਹੇਗਾ ਉਹੀ ਬਚਾਇਆ ਜਾਵੇਗਾ। 14ਪਰਮੇਸ਼ੁਰ ਦੇ ਰਾਜ ਬਾਰੇ ਇਹ ਖੁਸ਼ਖਬਰੀ ਸਾਰੀ ਦੁਨੀਆ ਵਿੱਚ ਫ਼ੈਲਾਈ ਜਾਵੇਗੀ ਅਤੇ ਹਰ ਇੱਕ ਕੌਮ ਨੂੰ ਇਸ ਬਾਰੇ ਦੱਸਿਆ ਜਾਵੇਗਾ, ਉਸ ਤੋਂ ਮਗਰੋਂ ਅੰਤ ਆਵੇਗਾ।

15"ਦਾਨੀਏਲ ਨਬੀ ਨੇ ਉਸ ਘਿਣਾਉਣੀ ਦਿਲ ਕੰਬਾਊ ਵਸਤ ਬਾਰੇ ਦੱਸਿਆ ਹੈ 'ਜਿਸ ਨਾਲ ਭਾਰੀ ਨੁਕਸਾਨ ਹੋਣਾ ਹੈ।'[b] ਤੁਸੀਂ ਉਹ ਭਿਆਨਕ ਵਸਤ ਪਵਿੱਤਰ ਸਥਾਨ ਵਿੱਚ ਖੜ੍ਹੀ ਵੇਖੋਗੇ।" (ਤੁਹਾਡੇ ਵਿੱਚ ਜਿਨ੍ਹਾਂ ਨੇ ਇਸ ਬਾਰੇ ਪੜ੍ਹਿਆ ਹੈ ਉਹ ਸਮਝਦੇ ਹਨ ਕਿ ਇਸ ਦਾ ਕੀ ਅਰਥ ਹੈ।) 16"ਉਸ ਵਕਤ ਜਿਹੜੇ ਲੋਕ ਯਹੂਦਿਯਾ ਵਿੱਚ

[a] *23:39* ਹਵਾਲਾ: ਜ਼ਬੂਰ 118:26

[b] *24:15* **"ਉਸ ਘਿਣਾਉਣੀ…ਹੋਣਾ ਹੈ"** ਦਾਨੀਏਲ 9:27; 11:31; 12:11 ਦੇਖੋ।

ਹੋਣ ਉਹ ਪਹਾੜੀਆਂ ਨੂੰ ਭੱਜ ਜਾਣ। 17ਲੋਕਾਂ ਨੂੰ ਉਸ ਵਕਤ ਬਿਨਾਂ
ਆਪਣਾ ਵਕਤ ਜ਼ਾਇਆ ਕੀਤਿਆਂ ਉੱਥੇ ਜਾਣਾ ਚਾਹੀਦਾ ਹੈ। ਜੇਕਰ
ਕੋਈ ਮਨੁੱਖ ਆਪਣੇ ਘਰ ਦੀ ਛੱਤ ਉੱਤੇ ਹੈ ਤਾਂ ਉਸ ਨੂੰ ਘਰ ਵਿੱਚੋਂ
ਆਪਣੀਆਂ ਚੀਜ਼ਾਂ ਲੈਣ ਵਾਸਤੇ ਹੇਠਾਂ ਨਹੀਂ ਆਉਣਾ ਚਾਹੀਦਾ।
18ਜੇਕਰ ਕੋਈ ਮਨੁੱਖ ਖੇਤ ਵਿੱਚ ਹੈ ਤਾਂ ਉਸ ਨੂੰ ਆਪਣਾ ਚੋਲਾ ਲੈਣ
ਵਾਸਤੇ ਵਾਪਸ ਨਹੀਂ ਆਉਣਾ ਚਾਹੀਦਾ।

19“ਇਹ ਵਕਤ ਉਨ੍ਹਾਂ ਔਰਤਾਂ ਵਾਸਤੇ ਬੜਾ ਖਰਾਬ ਹੋਵੇਗਾ
ਜਿਹੜੀਆਂ ਗਰਭਵਤੀਆਂ ਹੋਣਗੀਆਂ ਜਾਂ ਜਿਨ੍ਹਾਂ ਦੇ ਬੱਚੇ ਦੁੱਧ
ਚੁੰਘਦੇ ਹੋਣਗੇ। 20ਪਰ ਤੁਸੀਂ ਪ੍ਰਾਰਥਨਾ ਕਰੋ ਕਿ ਤੁਹਾਡਾ ਭੱਜਣਾ
ਸਰਦੀਆਂ ਵਿੱਚ ਜਾਂ ਸਬਤ ਦੇ ਦਿਨ ਨਾ ਹੋਵੇ। 21ਕਿਉਂਕਿ ਉਸ
ਸਮੇਂ ਬਹੁਤ ਵੱਡੀ ਮੁਸੀਬਤ ਹੋਵੇਗੀ। ਅਜਿਹੀ ਮੁਸੀਬਤ ਸੰਸਾਰ
ਦੇ ਆਦਿ ਤੋਂ ਲੈ ਕੇ ਹੁਣ ਤੱਕ ਕਦੀ ਨਹੀਂ ਵਾਪਰੀ ਅਤੇ ਨਾ ਹੀ ਇਹ
ਫ਼ੇਰ ਕਦੇ ਵਾਪਰੇਗੀ।

22“ਪਰਮੇਸ਼ੁਰ ਨੇ ਉਹ ਮੁਸੀਬਤਾਂ ਦੇ ਦਿਨ ਘਟਾਉਣ ਦਾ ਫ਼ੈਸਲਾ
ਕੀਤਾ ਹੈ। ਜੇਕਰ ਉਸ ਨੇ ਅਜਿਹਾ ਨਾ ਕੀਤਾ ਤਾਂ ਕੋਈ ਜਿਉਂਦਾ ਨਹੀਂ
ਰਹੇਗਾ। ਪਰ ਪਰਮੇਸ਼ੁਰ ਨੇ ਉਹ ਸਮਾਂ ਆਪਣੇ ਚੁਣੇ ਹੋਏ ਲੋਕਾਂ ਦੀ
ਭਲਾਈ ਲਈ ਘਟਾ ਦਿੱਤਾ ਹੈ।

23“ਉਸ ਵਕਤ ਜੇਕਰ ਤੁਹਾਨੂੰ ਕੋਈ ਆਖੇ ਕਿ ਵੇਖੋ ਮਸੀਹ ਇੱਥੇ
ਹੈ ਅਤੇ ਕੋਈ ਕਹੇ ਕਿ ਵੇਖੋ ਉਹ ਇੱਥੇ ਹੈ, ਤਾਂ ਤੁਸੀਂ ਉਨ੍ਹਾਂ ਦਾ
ਵਿਸ਼ਵਾਸ ਨਾ ਕਰਨਾ। 24ਕਿਉਂਕਿ ਝੂਠੇ ਮਸੀਹ ਅਤੇ ਝੂਠੇ ਨਬੀ
ਉੱਠਣਗੇ ਅਤੇ ਕਈ ਤਰ੍ਹਾਂ ਦੇ ਅਚਰਜ ਨਿਸ਼ਾਨ ਅਤੇ ਅਦਭੁਤ
ਕਰਾਮਾਤਾਂ ਵਿਖਾਉਣਗੇ ਤਾਂਕਿ ਉਹ ਪਰਮੇਸ਼ੁਰ ਵੱਲੋਂ ਚੁਣਿਆ
ਹੋਇਆਂ ਨੂੰ ਵੀ ਭੁਲੇਵੇ ਵਿੱਚ ਪਾ ਸਕਣ। ਉਹ ਇਹ ਗੱਲਾਂ, ਜੇਕਰ
ਸੰਭਵ ਹੋਇਆ ਤਾਂ ਪਰਮੇਸ਼ੁਰ ਦੇ ਚੁਣੇ ਹੋਏ ਲੋਕਾਂ ਨੂੰ ਗੁਮਰਾਹ ਕਰਨ
ਲਈ ਵੀ ਕਰਨਗੇ। 25ਹੁਣ ਮੈਂ ਤੁਹਾਨੂੰ ਇਹ ਸਭ ਕੁਝ ਵਾਪਰਨ ਤੋਂ
ਪਹਿਲਾਂ ਹੀ ਦੱਸ ਦਿੱਤਾ ਹੈ।

26“ਕੁਝ ਲੋਕ ਤੁਹਾਨੂੰ ਜੇਕਰ ਇਹ ਕਹਿਣ ਕਿ ਮਸੀਹ ਥਲਾਂ
ਵਿੱਚ ਹੈ ਤਾਂ ਤੁਸੀਂ ਉਨ੍ਹਾਂ ਦੇ ਕਹੇ ਉਜਾੜ ਵਿੱਚ ਮਸੀਹ ਨੂੰ ਲੱਭਣ
ਨਾ ਚਲੇ ਜਾਣਾ। ਕੋਈ ਤੁਹਾਨੂੰ ਇਹ ਵੀ ਕਹਿ ਸਕਦਾ ਹੈ ਕਿ ਵੇਖੋ
ਮਸੀਹ ਅੰਦਰਲੀ ਕੋਠੜੀ ਵਿੱਚ ਹੈ। ਪਰ ਤੁਸੀਂ ਉਸ ਤੇ ਵਿਸ਼ਵਾਸ ਨਾ
ਕਰਿਓ। 27ਕਿਉਂਕਿ ਜਿਸ ਤਰ੍ਹਾਂ ਬਿਜਲੀ ਚੜ੍ਹਦਿਉਂ ਚਮਕਾ ਮਾਰਕੇ
ਲਹਿੰਦੇ ਤੀਕਰ ਦਿਸਦੀ ਹੈ, ਉਸੇ ਤਰ੍ਹਾਂ ਮਨੁੱਖ ਦੇ ਪੁੱਤਰ ਦਾ ਆਉਣਾ
ਹੋਵੇਗਾ। 28ਜਦੋਂ ਤੁਸੀਂ ਗਿਰਝਾਂ ਨੂੰ ਇਕੱਠਿਆਂ ਹੁੰਦਿਆਂ ਦੇਖਦੇ ਹੋ
ਤਾਂ ਤੁਸੀਂ ਜਾਣ ਜਾਂਦੇ ਹੋ ਇੱਥੇ ਕੋਈ ਮੁਰਦਾ ਹੈ। ਉਸੇ ਤਰ੍ਹਾਂ ਮੇਰਾ
ਆਉਣਾ ਵੀ ਸਭ ਲਈ ਸਾਫ਼ ਹੋਵੇਗਾ।

29“ਉਨ੍ਹਾਂ ਦਿਨਾਂ ਦੇ ਕਸ਼ਟ ਤੋਂ ਤੁਰੰਤ ਬਾਦ ਇਹ ਵਾਪਰੇਗਾ:
‘ਝੱਟ ਹੀ ਸੂਰਜ ਹਨੇਰਾ ਹੋ ਜਾਵੇਗਾ ਅਤੇ ਚੰਦ ਆਪਣੀ
ਚਾਨਣੀ ਨਹੀਂ ਦੇਵੇਗਾ ਅਤੇ ਤਾਰੇ ਅਕਾਸ਼ ਤੋਂ ਡਿੱਗ
ਪੈਣਗੇ ਤੇ ਅਕਾਸ਼ਾਂ ਦੀਆਂ ਸ਼ਕਤੀਆਂ ਹਿਲਾਈਆਂ
ਜਾਣਗੀਆਂ।’[a]

30“ਉਸ ਵਕਤ ਅਕਾਸ਼ ਵਿੱਚ ਇੱਕ ਨਿਸ਼ਾਨ ਪਰਗਟ ਹੋਵੇਗਾ,
ਇਹ ਵਿਖਾਉਣ ਲਈ ਕਿ ਮਨੁੱਖ ਦਾ ਪੁੱਤਰ ਆ ਰਿਹਾ ਹੈ। ਫ਼ਿਰ
ਧਰਤੀ ਦੇ ਸਾਰੇ ਲੋਕ ਚੀਕਣਗੇ। ਉਹ ਮਨੁੱਖ ਦੇ ਪੁੱਤਰ ਨੂੰ ਸ਼ਕਤੀ
ਅਤੇ ਮਹਾਨ ਮਹਿਮਾ ਨਾਲ ਅਕਾਸ਼ ਦੇ ਬੱਦਲਾਂ ਤੇ ਆਉਂਦਾ
ਵੇਖਣਗੇ। 31ਮਨੁੱਖ ਦਾ ਪੁੱਤਰ ਤੁਰ੍ਹੀ ਦੀ ਵੱਡੀ ਅਵਾਜ਼ ਨਾਲ ਆਪਣੇ
ਦੂਤਾਂ ਨੂੰ ਭੇਜੇਗਾ। ਉਹ ਉਸ ਦੇ ਚੁਣੇ ਹੋਏ ਲੋਕਾਂ ਨੂੰ ਧਰਤੀ ਦੇ ਇੱਕ
ਸਿਰੇ ਤੋਂ ਦੂਜੇ ਸਿਰੇ ਤੱਕ ਅਤੇ ਅਕਾਸ਼ ਦੇ ਇੱਕ ਸਿਰੇ ਤੋਂ ਦੂਜੇ ਸਿਰੇ
ਤੱਕ ਇਕੱਠਿਆਂ ਕਰਨਗੇ।

32“ਅੰਜੀਰ ਦਾ ਰੁੱਖ ਸਾਨੂੰ ਸਬਕ ਸਿਖਾਉਂਦਾ ਹੈ। ਤੁਸੀਂ ਜਾਣਦੇ ਹੋ
ਕਿ ਜਦੋਂ ਅੰਜੀਰ ਦੇ ਦਰੱਖਤ ਦੀਆਂ ਟਹਿਣੀਆਂ ਨਰਮ ਅਤੇ ਹਰੀਆਂ
ਹੁੰਦੀਆਂ ਹਨ ਅਤੇ ਉਨ੍ਹਾਂ ਤੇ ਪੱਤੇ ਫ਼ੁੱਟਦੇ ਹਨ, ਤਾਂ ਪਤਾ ਲੱਗ ਜਾਂਦਾ
ਹੈ ਕਿ ਗਰਮੀ ਦੀ ਰੁੱਤ ਨੇੜੇ ਹੈ। 33ਇਸੇ ਤਰ੍ਹਾਂ ਜਦੋਂ ਤੁਸੀਂ ਇਹ ਸਭ
ਗੱਲਾਂ ਵਾਪਰਦੀਆਂ ਵੇਖੋਗੇ ਤਾਂ ਤੁਸੀਂ ਜਾਣ ਜਾਓਗੇ ਕਿ ਮਨੁੱਖ ਦੇ
ਪੁੱਤਰ ਦਾ ਆਉਣਾ ਨੇੜੇ ਹੈ। 34ਮੈਂ ਤੁਹਾਨੂੰ ਸੱਚ ਕਹਿੰਦਾ ਹਾਂ ਕਿ ਇਹ
ਸਭ ਗੱਲਾਂ ਉਦੋਂ ਵਾਪਰਨਗੀਆਂ ਜਦੋਂ ਹਾਲੇ ਇਹ ਪੀੜ੍ਹੀ ਜਿਉਂਦੀ
ਹੋਵੇਗੀ। 35ਅਕਾਸ਼ ਅਤੇ ਧਰਤੀ ਟਲ ਜਾਣਗੇ, ਪਰ ਮੇਰੇ ਬਚਨ
ਕਦੇ ਵੀ ਨਾ ਟਲਣਗੇ।

## ਸਿਰਫ਼ ਪਰਮੇਸ਼ੁਰ ਜਾਣਦਾ ਹੈ ਕਿ ਉਹ ਸਮਾਂ ਕਦੋਂ ਆਵੇਗਾ

*(ਮਰਕੁਸ 13:32–37; ਲੂਕਾ 17:26–30, 34–36)*

36“ਪਰ ਉਸ ਦਿਨ ਅਤੇ ਉਸ ਘੜੀ ਨੂੰ ਕੋਈ ਨਹੀਂ ਜਾਣਦਾ; ਨਾ
ਸਵਰਗ ਦੇ ਦੂਤ ਨਾ ਪੁੱਤਰ, ਸਿਰਫ਼ ਪਿਤਾ ਹੀ ਜਾਣਦਾ ਹੈ।

37“ਜਿਵੇਂ ਨੂਹ ਦਾ ਸਮਾਂ ਸੀ ਉਸੇ ਤਰ੍ਹਾਂ ਮਨੁੱਖ ਦੇ ਪੁੱਤਰ ਦਾ
ਆਉਣਾ ਵੀ ਹੋਵੇਗਾ। 38ਉਨ੍ਹਾਂ ਦਿਨਾਂ ਵਿੱਚ ਹੜ੍ਹ ਤੋਂ ਪਹਿਲਾਂ ਲੋਕ
ਖਾ ਰਹੇ ਸਨ, ਪੀ ਰਹੇ ਸਨ, ਵਿਆਹ ਕਰਵਾ ਰਹੇ ਸਨ ਅਤੇ ਆਪਣੇ
ਬੱਚਿਆਂ ਦੇ ਵੀ ਵਿਆਹ ਕਰ ਰਹੇ ਸਨ ਅਤੇ ਲੋਕ ਇਹ ਸਭ ਕੁਝ
ਕਰਦੇ ਰਹੇ ਜਦ ਤੱਕ ਕਿ ਨੂਹ ਕਿਸ਼ਤੀ ਉੱਤੇ ਨਹੀਂ ਚੜ੍ਹਿਆ। 39ਲੋਕਾਂ
ਨੂੰ ਨਹੀਂ ਪਤਾ ਸੀ ਕਿ ਕੀ ਵਾਪਰ ਰਿਹਾ ਸੀ। ਉਨ੍ਹਾਂ ਨੂੰ ਹੜ੍ਹ ਆਉਣ
ਅਤੇ ਸਭ ਲੋਕਾਂ ਨੂੰ ਨਸ਼ਟ ਕਰ ਦੇਣ ਤੱਕ ਕੁਝ ਵੀ ਪਤਾ ਨਹੀਂ ਸੀ।
“ਇਵੇਂ ਹੀ ਮਨੁੱਖ ਦੇ ਪੁੱਤਰ ਦੇ ਆਉਣ ਤੇ ਹੋਵੇਗਾ। 40ਦੋ ਮਨੁੱਖ
ਇਕੱਠੇ ਖੇਤ ਵਿੱਚ ਕੰਮ ਕਰ ਰਹੇ ਹੋਣਗੇ ਅਤੇ ਉਨ੍ਹਾਂ ਵਿੱਚੋਂ ਇੱਕ ਲੈ
ਲਿਆ ਜਾਵੇਗਾ ਅਤੇ ਦੂਜਾ ਛੱਡ ਦਿੱਤਾ ਜਾਵੇਗਾ। 41ਦੋ ਔਰਤਾਂ
ਚੱਕੀ ਪੀਹ ਰਹੀਆਂ ਹੋਣਗੀਆਂ, ਇੱਕ ਲੈ ਲਈ ਜਾਵੇਗੀ ਅਤੇ ਦੂਜੀ
ਛੱਡ ਦਿੱਤੀ ਜਾਵੇਗੀ।

42“ਸੋ ਹੁਸ਼ਿਆਰ ਰਹੋ! ਤੁਸੀਂ ਨਹੀਂ ਜਾਣਦੇ ਕਿ ਤੁਹਾਡਾ ਪ੍ਰਭੂ
ਕਿਹੜੇ ਦਿਨ ਆਵੇਗਾ। 43ਇਹ ਗੱਲ ਯਾਦ ਰੱਖਣਾ ਕਿ ਜੇਕਰ ਘਰ
ਦਾ ਮਾਲਕ ਜਾਣਦਾ ਹੋਵੇ ਕਿ ਚੋਰ ਕਿਸ ਵਕਤ ਆਉਣ ਵਾਲਾ ਹੈ ਤਾਂ
ਉਹ ਚੌਕਸ ਰਹੇਗਾ ਅਤੇ ਚੋਰ ਨੂੰ ਆਪਣੇ ਘਰ ਦੇ ਅੰਦਰ ਵੜਨ
ਨਹੀਂ ਦੇਵੇਗਾ। 44ਇਵੇਂ ਤੁਹਾਨੂੰ ਵੀ ਤਿਆਰ ਰਹਿਣਾ ਚਾਹੀਦਾ ਹੈ,
ਕਿਉਂਕਿ ਜਿਸ ਘੜੀ ਤੁਹਾਨੂੰ ਚਿੱਤ-ਚੇਤਾ ਵੀ ਨਹੀਂ ਹੋਣਾ, ਉਸੇ ਘੜੀ
ਮਨੁੱਖ ਦਾ ਪੁੱਤਰ ਆ ਜਾਵੇਗਾ।

## ਚੰਗੇ ਨੌਕਰ ਅਤੇ ਬੁਰੇ ਨੌਕਰ

*(ਲੂਕਾ 12:41–48)*

45“ਗਿਆਨਵਾਨ ਅਤੇ ਭਰੋਸੇਯੋਗ ਨੌਕਰ ਕੌਣ ਹੈ? ਉਹ ਅਜਿਹਾ ਹੈ
ਜਿਸ ਨੂੰ ਮਾਲਕ ਨੇ ਹੋਰਨਾਂ ਸਾਰੇ ਨੌਕਰਾਂ ਉੱਤੇ ਨਿਗਰਾਨੀ ਰੱਖਣ ਅਤੇ
ਉਨ੍ਹਾਂ ਨੂੰ ਠੀਕ ਸਮੇਂ ਤੇ ਭੋਜਨ ਦੇਣ ਦੀ ਜ਼ਿੰਮੇਦਾਰੀ ਦਿੱਤੀ ਹੈ? 46ਜਦੋਂ
ਮਾਲਕ ਆਉਂਦਾ ਹੈ ਅਤੇ ਨੌਕਰ ਨੂੰ ਦਿੱਤਾ ਹੋਇਆ ਕੰਮ ਕਰਦਿਆਂ
ਵੇਖਦਾ ਹੈ ਤਾਂ ਉਹ ਨੌਕਰ ਤੋਂ ਬਹੁਤ ਖੁਸ਼ ਹੁੰਦਾ ਹੈ। 47ਮੈਂ ਤੁਹਾਨੂੰ ਸੱਚ
ਦੱਸਦਾ ਹਾਂ ਕਿ ਮਾਲਕ ਉਸ ਨੌਕਰ ਨੂੰ ਆਪਣੀ ਸਾਰੀ ਜਾਇਦਾਦ
ਦੀ ਜ਼ਿੰਮੇਵਾਰੀ ਦੇ ਦੇਵੇਗਾ।

[a] ***24:29*** ਯਸਾ. 13:10; 34:4 ਦੇਖੋ।

48“ਪਰ ਉਦੋਂ ਕੀ ਹੋਵੇਗਾ ਜੇ ਨੌਕਰ ਦੁਸ਼ਟ ਹੋਵੇ ਅਤੇ ਸੋਚੇ ਕਿ
ਉਸ ਦਾ ਮਾਲਕ ਛੇਤੀ ਵਾਪਸ ਨਹੀਂ ਆਵੇਗਾ? 49ਫ਼ੇਰ ਉਹ ਦੂਜੇ
ਨੌਕਰਾਂ ਨੂੰ ਮਾਰਨਾ ਕੁੱਟਣਾ ਸ਼ੁਰੂ ਕਰ ਦੇਵੇ ਅਤੇ ਸ਼ਰਾਬੀਆਂ ਨਾਲ
ਖਾਣ-ਪੀਣ ਅਤੇ ਅਨੰਦ ਮਾਨਣ ਲੱਗ ਪਵੇ। 50ਤਦ ਉਸ ਨੌਕਰ ਦਾ
ਮਾਲਕ ਅਚਾਨਕ ਆਵੇਗਾ ਜਦੋਂ ਉਸ ਨੂੰ ਉਸ ਦੀ ਆਸ ਵੀ ਨਹੀਂ
ਹੋਵੇਗੀ ਅਤੇ ਉਸ ਨੂੰ ਯਾਦ ਚੇਤੇ ਵੀ ਨਹੀਂ ਹੋਵੇਗਾ। 51ਫ਼ਿਰ ਮਾਲਕ
ਉਸ ਨੂੰ ਸਜ਼ਾ ਦੇਵੇਗਾ ਅਤੇ ਉਸ ਨੂੰ ਕਪਟੀਆਂ ਨਾਲ ਭੇਜ ਦੇਵੇਗਾ
ਜਿੱਥੇ ਲੋਕ ਚੀਕਦੇ ਅਤੇ ਆਪਣੇ ਦੰਦ ਕਰੀਚਦੇ ਹੋਣਗੇ।

## ਦਸ ਕੁਆਰੀਆਂ ਬਾਰੇ ਦ੍ਰਿਸ਼ਟਾਂਤ

**25** 1“ਉਸ ਵਕਤ ਸਵਰਗੀ ਰਾਜ ਉਨ੍ਹਾਂ ਦਸ ਕੁਆਰੀਆਂ
ਵਰਗਾ ਹੋਵੇਗਾ ਜਿਨ੍ਹਾਂ ਨੇ ਆਪਣੀਆਂ ਮਸ਼ਾਲਾਂ ਲਈਆਂ
ਅਤੇ ਲਾੜੇ ਨੂੰ ਮਿਲਣ ਗਈਆਂ। 2ਉਨ੍ਹਾਂ ਵਿੱਚੋਂ ਪੰਜ ਤਾਂ ਮੂਰਖ ਸਨ
ਅਤੇ ਬਾਕੀ ਦੀਆਂ ਪੰਜ ਸਿਆਣੀਆਂ। 3ਪੰਜ ਮੂਰਖ ਕੁਆਰੀਆਂ
ਆਪਣੇ ਨਾਲ ਮਸ਼ਾਲਾਂ ਤਾਂ ਲੈ ਕੇ ਆਈਆਂ ਪਰ ਉਨ੍ਹਾਂ ਦੇ ਜਗਦੇ
ਰਹਿਣ ਵਾਸਤੇ ਹੋਰ ਤੇਲ ਨਾ ਲੈ ਕੇ ਆਈਆਂ ਤਾਂ ਜੋ ਮਸ਼ਾਲ ਜਗਦੀ
ਰਹੇ। 4ਦੂਜੇ ਪਾਸੇ, ਪੰਜ ਸਿਆਣੀਆਂ ਕੁਆਰੀਆਂ ਆਪਣੀਆਂ
ਮਸ਼ਾਲਾਂ ਨਾਲ ਤੇਲ ਵਾਲਾ ਭਾਂਡਾ ਵੀ ਲਿਆਈਆਂ। 5ਕਿਉਂਕਿ ਲਾੜਾ
ਬਹੁਤ ਦੇਰੀ ਨਾਲ ਆਇਆ, ਇਸ ਲਈ ਸਭ ਕੁਆਰੀਆਂ ਥੱਕ
ਗਈਆਂ ਅਤੇ ਸੌਂ ਗਈਆਂ।
6“ਅੱਧੀ ਰਾਤ ਵੇਲੇ ਕਿਸੇ ਨੇ ਐਲਾਨ ਕੀਤਾ, ‘ਲਾੜਾ ਆ ਰਿਹਾ ਹੈ,
ਉਸ ਨੂੰ ਮਿਲਣ ਲਈ ਬਾਹਰ ਆਓ!’
7“ਤਦ ਸਾਰੀਆਂ ਕੁਆਰੀਆਂ ਉੱਠੀਆਂ ਅਤੇ ਆਪਣੀਆਂ ਮਸ਼ਾਲਾਂ
ਤਿਆਰ ਕੀਤੀਆਂ। 8ਪਰ ਮੂਰਖ ਕੁਆਰੀਆਂ ਨੇ ਸਿਆਣੀਆਂ
ਕੁਆਰੀਆਂ ਨੂੰ ਆਖਿਆ, ‘ਸਾਨੂੰ ਆਪਣੀਆਂ ਮਸ਼ਾਲਾਂ ਵਿੱਚੋਂ ਥੋੜਾ
ਤੇਲ ਦੇ ਦਿਓ। ਜੋ ਤੇਲ ਸਾਡੇ ਕੋਲ ਸੀ ਉਹ ਲਗਭਗ ਮੁੱਕ ਚੁੱਕਿਆ
ਹੈ ਅਤੇ ਸਾਡੀਆਂ ਮਸ਼ਾਲਾਂ ਬੁਝ ਰਹੀਆਂ ਹਨ।’
9“ਸਿਆਣੀਆਂ ਕੁਆਰੀਆਂ ਨੇ ਉੱਤਰ ਦਿੱਤਾ, ‘ਨਹੀਂ, ਇਹ ਤੇਲ
ਸਾਡੇ ਤੇ ਤੁਹਾਡੇ ਜਗਾਉਣ ਵਾਸਤੇ ਕਾਫ਼ੀ ਨਹੀਂ ਹੋਵੇਗਾ। ਬਿਹਤਰ
ਹੋਵੇਗਾ ਕਿ ਤੁਸੀਂ ਤੇਲ ਵੇਚਣ ਵਾਲੇ ਤੋਂ ਮੁੱਲ ਲੈ ਆਓ।’
10“ਇਵੇਂ ਪੰਜ ਮੂਰਖ ਕੁਆਰੀਆਂ ਤੇਲ ਲੈਣ ਵਾਸਤੇ ਚਲੀਆਂ
ਗਈਆਂ। ਜਦੋਂ ਉਹ ਚਲੀਆਂ ਗਈਆਂ ਤਾਂ ਪਿੱਛੋਂ ਲਾੜਾ ਆ ਗਿਆ
ਅਤੇ ਜਿਹੜੀਆਂ ਕੁਆਰੀਆਂ ਤਿਆਰ ਸਨ ਉਹ ਲਾੜੇ ਨਾਲ ਵਿਆਹ
ਦੀ ਦਾਵਤ ਵਾਸਤੇ ਨਾਲ ਚਲੀਆਂ ਗਈਆਂ, ਅਤੇ ਉਸ ਤੋਂ ਬਾਦ
ਦਰਵਾਜ਼ਾ ਬੰਦ ਹੋ ਗਿਆ।
11“ਬਾਦ ਵਿੱਚ ਉਹ ਦੂਜੀਆਂ ਕੁਆਰੀਆਂ ਵੀ ਪਰਤੀਆਂ ਅਤੇ
ਉਨ੍ਹਾਂ ਕਿਹਾ, ‘ਸ਼੍ਰੀਮਾਨ ਜੀ, ਦਰਵਾਜ਼ਾ ਖੋਲ੍ਹੋ ਤਾਂ ਜੋ ਅਸੀਂ ਵੀ ਅੰਦਰ
ਆ ਸਕੀਏ!’
12“ਪਰ ਲਾੜੇ ਨੇ ਜਵਾਬ ਦਿੱਤਾ, ‘ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ
ਮੈਂ ਨਹੀਂ ਜਾਣਦਾ ਤੁਸੀਂ ਕੌਣ ਹੋ।’
13“ਇਸ ਲਈ ਹਮੇਸ਼ਾ ਤਿਆਰ ਰਹੋ, ਕਿਉਂਕਿ ਤੁਸੀਂ ਨਹੀਂ ਜਾਣਦੇ
ਕਿ ਮਨੁੱਖ ਦਾ ਪੁੱਤਰ ਕਿਸ ਪਲ ਜਾਂ ਕਿਸ ਦਿਨ ਆਵੇਗਾ।

## ਤਿੰਨ ਨੌਕਰਾਂ ਬਾਰੇ ਦ੍ਰਿਸ਼ਟਾਂਤ

*(ਲੂਕਾ 19:11–27)*

14“ਸਵਰਗ ਦਾ ਰਾਜ ਕਿਸੇ ਵਿਅਕਤੀ ਦੇ ਵਿਦੇਸ਼ ਜਾਣ ਵਰਗਾ ਹੈ।
ਵਿਦਾ ਹੋਣ ਤੋਂ ਪਹਿਲਾਂ ਉਸ ਨੇ ਆਪਣੇ ਨੌਕਰਾਂ ਨੂੰ ਸੱਦਿਆ ਅਤੇ
ਆਪਣੀ ਜਾਇਦਾਦ ਉਨ੍ਹਾਂ ਨੂੰ ਸੌਂਪ ਦਿੱਤੀ। 15ਉਸ ਨੇ ਹਰ ਨੌਕਰ ਦੀ
ਯੋਗਤਾ ਅਨੁਸਾਰ ਇੱਕ ਨੌਕਰ ਨੂੰ ਧਨ ਦੇ ਪੰਜ ਤੋੜੇ, ਦੂਜੇ ਨੂੰ ਦੋ
ਅਤੇ ਤੀਜੇ ਨੂੰ ਧਨ ਦਾ ਇੱਕ ਤੋੜਾ ਦਿੱਤਾ ਅਤੇ ਇਸ ਤੋਂ ਬਾਦ ਉਹ
ਆਪਣੀ ਯਾਤਰਾ ਤੇ ਚਲਿਆ ਗਿਆ। 16ਜਿਸ ਨੌਕਰ ਨੇ ਧਨ ਦੇ
ਪੰਜ ਤੋੜੇ ਪ੍ਰਾਪਤ ਕੀਤੇ ਸਨ, ਉਹ ਝੱਟ ਚਲਿਆ ਗਿਆ ਅਤੇ ਧਨ
ਲਾ ਦਿੱਤਾ ਅਤੇ ਧਨ ਦੇ ਪੰਜ ਹੋਰ ਤੋੜੇ ਕਮਾ ਲਏ। 17ਜਿਸ ਨੂੰ ਧਨ ਦੇ
ਦੋ ਤੋੜੇ ਮਿਲੇ ਸਨ, ਉਸ ਨੇ ਵੀ ਧਨ ਲਾ ਦਿੱਤਾ ਅਤੇ ਧਨ ਦੇ ਦੋ ਹੋਰ
ਤੋੜੇ ਕਮਾ ਲਏ। 18ਪਰ ਜਿਸ ਨੂੰ ਧਨ ਦਾ ਸਿਰਫ਼ ਇੱਕ ਹੀ ਤੋੜਾ
ਮਿਲਿਆ ਸੀ, ਉਸ ਨੇ ਧਰਤੀ ਵਿੱਚ ਟੋਆ ਪੁੱਟਿਆ ਅਤੇ ਆਪਣੇ
ਮਾਲਕ ਦਾ ਧਨ ਦੱਬ ਦਿੱਤਾ।
19“ਲੰਬੇ ਸਮੇਂ ਬਾਦ ਉਨ੍ਹਾਂ ਨੌਕਰਾਂ ਦਾ ਮਾਲਕ ਵਾਪਸ ਪਰਤਿਆ
ਅਤੇ ਉਨ੍ਹਾਂ ਨੂੰ ਪੁੱਛਿਆ ਕਿ ਉਨ੍ਹਾਂ ਨੇ ਉਸ ਦੇ ਧਨ ਦਾ ਕੀ ਕੀਤਾ।
20ਜਿਸ ਨੌਕਰ ਨੂੰ ਉਸ ਨੇ ਪੰਜ ਤੋੜੇ ਦਿੱਤੇ ਸੀ, ਉਹ ਮਾਲਕ ਕੋਲ
ਉਨ੍ਹਾਂ ਪੰਜ ਤੋੜਿਆਂ ਦੇ ਨਾਲ ਹੋਰ ਪੰਜ ਤੋੜੇ ਵੀ ਲੈ ਕੇ ਆਇਆ ਜੋ
ਉਸ ਨੇ ਕਮਾਏ ਸਨ, ਅਤੇ ਉਨ੍ਹਾਂ ਨੂੰ ਮਾਲਕ ਦੇ ਅੱਗੇ ਰੱਖ ਦਿੱਤਾ।
ਨੌਕਰ ਨੇ ਕਿਹਾ, ‘ਸੁਆਮੀ ਜੀ, ਤੁਸੀਂ ਮੈਨੂੰ ਧਨ ਦੇ ਪੰਜ ਤੋੜੇ ਸੌਂਪੇ
ਸਨ। ਇਹ ਧਨ ਦੇ ਪੰਜ ਹੋਰ ਤੋੜੇ ਹਨ ਜਿਹੜੇ ਮੈਂ ਇਨ੍ਹਾਂ ਨਾਲ
ਕਮਾਏ ਹਨ।’
21“ਮਾਲਕ ਨੇ ਉੱਤਰ ਦਿੱਤਾ, ‘ਬਹੁਤ ਵਧੀਆ, ਤੂੰ ਇੱਕ ਚੰਗਾ
ਅਤੇ ਵਫ਼ਾਦਾਰ ਨੌਕਰ ਹੈਂ ਜਿਸ ਤੇ ਭਰੋਸਾ ਕੀਤਾ ਜਾ ਸਕਦਾ ਹੈ। ਤੂੰ
ਉਸ ਥੋੜੇ ਜਿਹੇ ਧਨ ਨੂੰ ਸਹੀ ਢੰਗ ਨਾਲ ਵਰਤਿਆ ਹੈ। ਇਸ ਲਈ
ਮੈਂ ਹੁਣ ਤੈਨੂੰ ਇਸ ਤੋਂ ਵੱਡਾ ਇਖਤਿਆਰ ਦੇਵਾਂਗਾ। ਇਸ ਲਈ ਤੂੰ
ਹੁਣ ਆਪਣੇ ਮਾਲਕ ਦੀ ਖੁਸ਼ੀ ਵਿੱਚ ਸ਼ਾਮਲ ਹੋ।’
22“ਫ਼ਿਰ ਉਹ ਨੌਕਰ ਆਇਆ ਜਿਸ ਨੇ ਧਨ ਦੇ ਦੋ ਤੋੜੇ ਪ੍ਰਾਪਤ
ਕੀਤੇ ਸਨ। ਉਹ ਮਾਲਕ ਕੋਲ ਆਇਆ ਅਤੇ ਉਸ ਨੂੰ ਕਿਹਾ,
‘ਸੁਆਮੀ ਜੀ, ਤੁਸੀਂ ਮੈਨੂੰ ਦੋ ਤੋੜੇ ਰਖਵਾਲੀ ਲਈ ਦੇ ਗਏ ਸੀ, ਮੈਂ
ਉਨ੍ਹਾਂ ਨੂੰ ਵਰਤ ਕੇ ਦੋ ਹੋਰ ਬਣਾ ਲਏ ਹਨ।’
23“ਮਾਲਕ ਨੇ ਆਖਿਆ, ‘ਬਹੁਤ ਵਧੀਆ! ਤੂੰ ਇੱਕ ਚੰਗਾ
ਅਤੇ ਵਫ਼ਾਦਾਰ ਨੌਕਰ ਹੈ। ਤੂੰ ਉਸ ਥੋੜੇ ਜਿਹੇ ਧਨ ਦੀ ਸਹੀ ਵਰਤੋਂ
ਕੀਤੀ, ਇਸ ਲਈ ਮੈਂ ਤੈਨੂੰ ਵੱਡੀਆਂ ਜ਼ਿੰਮੇਦਾਰੀਆਂ ਦੇਵਾਂਗਾ। ਤੂੰ
ਹੁਣ ਆਪਣੇ ਮਾਲਕ ਦੀ ਖੁਸ਼ੀ ਵਿੱਚ ਸ਼ਾਮਲ ਹੋ।’
24“ਜਿਸ ਨੌਕਰ ਨੇ ਧਨ ਦਾ ਸਿਰਫ਼ ਇੱਕ ਹੀ ਤੋੜਾ ਪ੍ਰਾਪਤ ਕੀਤਾ
ਸੀ, ਉਹ ਆਇਆ ਅਤੇ ਆਖਿਆ, ‘ਸੁਆਮੀ ਜੀ, ਮੈਂ ਜਾਣਦਾ ਸਾਂ
ਕਿ ਤੁਸੀਂ ਇੱਕ ਸਖਤ ਦਿਲ ਆਦਮੀ ਹੋ, ਕਿਉਂਕਿ ਜਿੱਥੇ ਤੁਸੀਂ ਕੁਝ
ਨਹੀਂ ਬੀਜਿਆ ਤੁਸੀਂ ਉੱਥੋਂ ਵੱਢਦੇ ਹੋ ਅਤੇ ਜਿੱਥੇ ਖਿਲਾਰਿਆ ਨਹੀਂ
ਉੱਥੋਂ ਇਕੱਠਾ ਕਰਦੇ ਹੋ।’ 25ਇਸ ਲਈ ਮੈਂ ਡਰਦਾ ਸਾਂ। ਮੈਂ ਗਿਆ
ਅਤੇ ਤੁਹਾਡਾ ਧਨ ਧਰਤੀ ਵਿੱਚ ਲੁਕੋ ਦਿੱਤਾ। ਇਹ ਰਿਹਾ ਤੁਹਾਡਾ
ਧਨ ਦਾ ਤੋੜਾ।
26“ਮਾਲਕ ਨੇ ਉਸ ਨੂੰ ਆਖਿਆ ਕਿ ਤੂੰ ਇੱਕ ਬੁਰਾ ਅਤੇ
ਆਲਸੀ ਨੌਕਰ ਹੈਂ। ਤੂੰ ਜਾਣਦਾ ਸੀ ਕਿ ਜਿੱਥੇ ਮੈਂ ਬੀਜਿਆ ਨਹੀਂ
ਉੱਥੋਂ ਵੱਢਦਾ ਹਾਂ ਅਤੇ ਜਿੱਥੇ ਮੈਂ ਖਿਲਾਰਿਆ ਨਹੀਂ ਉੱਥੋਂ ਇਕੱਠਾ
ਕਰਦਾ ਹਾਂ। 27ਸੋ ਤੈਨੂੰ ਚਾਹੀਦਾ ਸੀ ਕਿ ਤੂੰ ਮੇਰਾ ਧਨ ਸਰਾਫ਼ਾਂ ਨੂੰ
ਦੇ ਦਿੰਦਾ ਤਾਂ ਜੋ ਜਦੋਂ ਮੈਂ ਵਾਪਸ ਮੁੜਦਾ ਤਾਂ ਮੈਨੂੰ ਇਸ ਧਨ ਨਾਲ
ਵਿਆਜ ਮਿਲਦਾ।
28“ਤਦ ਮਾਲਕ ਨੇ ਦੂਜੇ ਨੌਕਰਾਂ ਨੂੰ ਆਖਿਆ, ‘ਧਨ ਦਾ ਇਹ
ਇੱਕ ਤੋੜਾ ਇਸ ਕੋਲੋਂ ਲੈ ਲਵੋ ਅਤੇ ਉਸ ਨੂੰ ਦੇ ਦਿਓ ਜਿਸ ਕੋਲ ਦਸ
ਤੋੜੇ ਹਨ। 29ਕਿਉਂਕਿ ਹਰ ਕੋਈ ਜਿਸ ਕੋਲ ਜੋ ਹੈ ਉਸ ਨੂੰ ਵਰਤਦਾ

ਹੈ, ਉਸ ਨੂੰ ਵੱਧ ਮਿਲੇਗਾ ਅਤੇ ਉਹ ਆਪਣੀ ਜ਼ਰੂਰਤ ਤੋਂ ਵੀ ਵੱਧ
ਪ੍ਰਾਪਤ ਕਰੇਗਾ। ਅਤੇ ਉਹ ਜਿਸ ਕੋਲ ਜੋ ਹੈ ਉਸ ਦੀ ਵਰਤੋਂ ਨਹੀਂ
ਕਰਦਾ, ਉਸ ਕੋਲੋਂ ਉਹ ਵੀ ਲੈ ਲਿਆ ਜਾਵੇਗਾ ਜੋ ਉਸ ਕੋਲ ਹੈ।'
**30**ਤਦ ਉਸ ਦੇ ਮਾਲਕ ਨੇ ਕਿਹਾ, 'ਉਸ ਨਿਕੰਮੇ ਨੌਕਰ ਨੂੰ ਬਾਹਰ
ਹਨੇਰੇ ਵਿੱਚ ਸੁੱਟ ਦਿਓ, ਉਸ ਜਗ੍ਹਾ ਜਿੱਥੇ ਲੋਕ ਚੀਕਦੇ ਅਤੇ ਦਰਦ
ਨਾਲ ਆਪਣੇ ਦੰਦ ਪੀਸਦੇ ਹਨ।'

## ਮਨੁੱਖ ਦਾ ਪੁੱਤਰ ਸਾਰਿਆ ਦਾ ਨਿਆਂ ਕਰੇਗਾ

**31**"ਜਦੋਂ ਮਨੁੱਖ ਦਾ ਪੁੱਤਰ ਆਪਣੀ ਮਹਿਮਾ ਵਿੱਚ ਆਪਣੇ ਸਾਰੇ
ਦੂਤਾਂ ਨਾਲ ਆਵੇਗਾ, ਉਹ ਪਾਤਸ਼ਾਹ ਦੀ ਤਰ੍ਹਾਂ ਆਪਣੇ ਮਹਿਮਾਮਈ
ਸਿੰਘਾਸਣ ਤੇ ਵਿਰਾਜਮਾਨ ਹੋਵੇਗਾ। **32**ਸਾਰੀਆਂ ਕੌਮਾਂ ਉਸ ਦੇ
ਅੱਗੇ ਇਕੱਠੀਆਂ ਕੀਤੀਆਂ ਜਾਣਗੀਆਂ ਅਤੇ ਉਹ ਉਨ੍ਹਾਂ ਨੂੰ ਦੋ
ਹਿੱਸਿਆਂ ਵਿੱਚ ਵੰਡੇਗਾ। ਇਹ ਇੰਝ ਹੋਵੇਗਾ ਜਿਵੇਂ ਆਜੜੀ ਭੇਡਾਂ
ਵਿੱਚੋਂ ਬੱਕਰੀਆਂ ਨੂੰ ਵੱਖਰਿਆਂ ਕਰਦਾ ਹੈ। **33**ਮਨੁੱਖ ਦਾ ਪੁੱਤਰ
ਭੇਡਾਂ ਨੂੰ ਆਪਣੇ ਸੱਜੇ ਪਾਸੇ ਅਤੇ ਬੱਕਰੀਆਂ ਨੂੰ ਆਪਣੇ ਖੱਬੇ ਪਾਸੇ
ਰੱਖੇਗਾ।

**34**"ਫ਼ੇਰ ਪਾਤਸ਼ਾਹ ਉਨ੍ਹਾਂ ਆਦਮੀਆਂ ਨੂੰ ਜਿਹੜੇ ਉਸ ਦੇ ਸੱਜੇ
ਪਾਸੇ ਹੋਣਗੇ ਆਖੇਗਾ, 'ਆਓ! ਮੇਰੇ ਪਿਤਾ ਨੇ ਤੁਹਾਨੂੰ ਸਭ ਨੂੰ
ਅਸੀਸਾਂ ਦਿੱਤੀਆਂ ਹਨ। ਆਓ ਅਤੇ ਉਹ ਰਾਜ ਪ੍ਰਾਪਤ ਕਰੋ ਜਿਸ
ਦਾ ਪ੍ਰਭੂ ਨੇ ਤੁਹਾਡੇ ਨਾਲ ਵਾਅਦਾ ਕੀਤਾ ਹੋਇਆ ਹੈ। ਇਹ ਰਾਜ
ਤਾਂ ਸੰਸਾਰ ਦੇ ਮੁੱਢ ਤੋਂ ਹੀ ਤੁਹਾਡੇ ਲਈ ਤਿਆਰ ਕੀਤਾ ਹੋਇਆ ਹੈ।
**35**ਤੁਸੀਂ ਇਹ ਰਾਜ ਪਾ ਸਕਦੇ ਹੋ, ਕਿਉਂਕਿ ਜਦੋਂ ਮੈਂ ਭੁੱਖਾ ਸੀ ਤਾਂ
ਤੁਸੀਂ ਮੈਨੂੰ ਖਾਣ ਨੂੰ ਦਿੱਤਾ ਅਤੇ ਜਦੋਂ ਮੈਂ ਪਿਆਸਾ ਸੀ, ਤੁਸੀਂ ਮੈਨੂੰ
ਪੀਣ ਨੂੰ ਦਿੱਤਾ। ਜਦੋਂ ਮੈਂ ਘਰ ਤੋਂ ਦੂਰ ਅਤੇ ਇਕੱਲਾ ਸੀ ਤਾਂ ਤੁਸੀਂ
ਆਪਣੇ ਘਰ ਨਿਉਤਾ ਦਿੱਤਾ। **36**ਜਦੋਂ ਮੈਂ ਵਸਤਰਹੀਣ ਸਾਂ ਤਾਂ ਤੁਸੀਂ
ਮੈਨੂੰ ਪਹਿਨਣ ਲਈ ਕੱਪੜੇ ਦਿੱਤੇ। ਮੈਂ ਬਿਮਾਰ ਸੀ ਤਾਂ ਤੁਸੀਂ ਮੇਰੀ
ਖ਼ਬਰ ਲਈ ਅਤੇ ਜਦੋਂ ਮੈਂ ਕੈਦ ਵਿੱਚ ਸੀ ਤਾਂ ਤੁਸੀਂ ਮੇਰੇ ਕੋਲ ਆਏ।'

**37**"ਤਦ ਚੰਗੇ ਲੋਕ ਉਸ ਨੂੰ ਉੱਤਰ ਦੇਣਗੇ, 'ਪ੍ਰਭੂ, ਅਸੀਂ ਕਦੋਂ
ਤੁਹਾਨੂੰ ਭੁੱਖਾ ਵੇਖਿਆ ਅਤੇ ਤੁਹਾਨੂੰ ਭੋਜਨ ਦਿੱਤਾ ਜਾਂ ਕਦੋਂ ਅਸੀਂ
ਤੁਹਾਨੂੰ ਪਿਆਸਾ ਵੇਖਿਆ ਅਤੇ ਕੁਝ ਪੀਣ ਨੂੰ ਦਿੱਤਾ? **38**ਕਦੋਂ ਅਸੀਂ
ਤੁਹਾਨੂੰ ਬਗਾਨਿਆਂ ਵਾਂਗ ਵੇਖਿਆ ਅਤੇ ਤੁਹਾਨੂੰ ਆਪਣੇ ਘਰ
ਨਿਉਤਾ ਦਿੱਤਾ, ਜਾਂ ਕਦੋਂ ਅਸੀਂ ਤੁਹਾਨੂੰ ਬਿਨ ਕੱਪੜਿਓਂ ਵੇਖਿਆ
ਅਤੇ ਤੁਹਾਨੂੰ ਕੱਪੜੇ ਦਿੱਤੇ? **39**ਕਦੋਂ ਅਸੀਂ ਤੁਹਾਨੂੰ ਬਿਮਾਰ ਜਾਂ ਕੈਦ
ਵਿੱਚ ਵੇਖਿਆ ਅਤੇ ਤੁਹਾਡੀ ਦੇਖਭਾਲ ਕਰਨ ਲਈ ਆਏ?'

**40**"ਤਦ ਪਾਤਸ਼ਾਹ ਜਵਾਬ ਦੇਵੇਗਾ, 'ਮੈਂ ਤੁਹਾਨੂੰ ਸੱਚ ਆਖਦਾ
ਹਾਂ ਕਿ ਜੋ ਕੁਝ ਵੀ ਤੁਸੀਂ ਇਨ੍ਹਾਂ ਤੁੱਛ ਲੋਕਾਂ ਲਈ ਕੀਤਾ ਜੋ ਮੇਰੇ ਨਾਲ
ਸੰਬੰਧਿਤ ਹਨ, ਤੁਸੀਂ ਇਹ ਮੇਰੇ ਲਈ ਕੀਤਾ।'

**41**"ਫ਼ੇਰ ਪਾਤਸ਼ਾਹ ਆਪਣੇ ਖੱਬੇ ਪਾਸੇ ਵਾਲੇ ਲੋਕਾਂ ਨੂੰ ਆਖੇਗਾ,
'ਮੈਥੋਂ ਦੂਰ ਚਲੇ ਜਾਓ, ਤੁਸੀਂ ਸਰਾਪੇ ਹੋਏ ਹੋ। ਉਸ ਸਦੀਵੀ ਮੱਚਦੀ
ਹੋਈ ਅੱਗ ਵਿੱਚ ਚਲੇ ਜਾਓ ਜਿਹੜੀ ਸ਼ੈਤਾਨ ਅਤੇ ਉਸ ਦੇ ਦੂਤਾਂ
ਲਈ ਤਿਆਰ ਕੀਤੀ ਗਈ ਹੈ। **42**ਤੁਹਾਨੂੰ ਜਾਣਾ ਹੀ ਪਵੇਗਾ,
ਕਿਉਂਕਿ ਜਦ ਮੈਂ ਭੁੱਖਾ ਸੀ ਤਾਂ ਤੁਸੀਂ ਮੈਨੂੰ ਨਾ ਖੁਆਇਆ ਅਤੇ
ਨਾ ਹੀ ਕੁਝ ਪੀਣ ਨੂੰ ਦਿੱਤਾ। **43**ਜਦੋਂ ਮੈਂ ਇਕੱਲਾ ਅਤੇ ਘਰ ਤੋਂ
ਦੂਰ ਸੀ ਤਾਂ ਤੁਸੀਂ ਮੈਨੂੰ ਆਪਣੇ ਘਰ ਨਿਉਤਾ ਨਹੀਂ ਦਿੱਤਾ ਅਤੇ
ਜਦ ਵਸਤਰਹੀਣ ਸੀ ਤਾਂ ਤੁਸੀਂ ਮੈਨੂੰ ਕੱਪੜਾ ਨਹੀਂ ਦਿੱਤਾ ਤੇ ਜਦੋਂ
ਮੈਂ ਬਿਮਾਰ ਅਤੇ ਕੈਦ ਵਿੱਚ ਸੀ ਤਾਂ ਤੁਸੀਂ ਮੇਰਾ ਧਿਆਨ ਨਹੀਂ
ਰੱਖਿਆ।'

**44**"ਫ਼ੇਰ ਉਹ ਵੀ ਉੱਤਰ ਦੇਣਗੇ: 'ਪ੍ਰਭੂ, ਕਦੋਂ ਅਸੀਂ ਤੁਹਾਨੂੰ ਭੁੱਖਾ
ਜਾਂ ਪਿਆਸਾ, ਇੱਕ ਬਗਾਨੇ ਵਾਂਗ ਜਾਂ ਬਿਨ ਕੱਪੜਿਓਂ ਜਾਂ ਬਿਮਾਰ
ਜਾਂ ਕੈਦ ਵਿੱਚ ਵੇਖਿਆ ਅਤੇ ਤੁਹਾਡੀ ਸਹਾਇਤਾ ਨਹੀਂ ਕੀਤੀ?'

**45**"ਫ਼ੇਰ ਰਾਜਾ ਉੱਤਰ ਦੇਵੇਗਾ, 'ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ
ਜਦੋਂ ਤੁਸੀਂ ਇਨ੍ਹਾਂ ਤੁੱਛ ਲੋਕਾਂ ਲਈ ਕੁਝ ਵੀ ਕਰਨ ਤੋਂ ਇਨਕਾਰ
ਕਰਦੇ ਹੋ ਜੋ ਮੇਰੇ ਨਾਲ ਸੰਬੰਧਤ ਹਨ, ਤਾਂ ਤੁਸੀਂ ਇਹ ਮੇਰੇ ਲਈ
ਕਰਨ ਤੋਂ ਇਨਕਾਰ ਕਰਦੇ ਹੋ।'

**46**"ਤਦ ਉਹ ਬੁਰੇ ਲੋਕ ਸਦੀਵੀ ਸਜ਼ਾ ਪਾਉਣਗੇ, ਪਰ ਚੰਗੇ ਲੋਕ
ਸਦੀਪਕ ਜੀਵਨ ਪਾਉਣਗੇ।"

## ਯਹੂਦੀ ਆਗੂਆਂ ਵੱਲੋਂ ਯਿਸੂ ਨੂੰ ਮਰਵਾਉਣ ਦੀ ਵਿਉਂਤ

*(ਮਰਕੁਸ 14:1–2; ਲੂਕਾ 22:1–2; ਯੂਹੰਨਾ 11:45–53)*

**26** **1**ਜਦੋਂ ਯਿਸੂ ਇਹ ਸਭ ਬਚਨ ਆਖ ਹਟਿਆ ਤਾਂ ਉਸ ਨੇ
ਆਪਣੇ ਚੇਲਿਆਂ ਨੂੰ ਆਖਿਆ, **2**"ਤੁਹਾਨੂੰ ਪਤਾ ਹੈ ਕਿ
ਪਰਸੋਂ ਪਸਾਹ ਦਾ ਤਿਉਹਾਰ ਹੈ। ਉਸ ਦਿਨ ਮਨੁੱਖ ਦਾ ਪੁੱਤਰ ਆਪਣੇ
ਦੁਸ਼ਮਣਾਂ ਹੱਥੀਂ ਸਲੀਬ ਦਿੱਤੇ ਜਾਣ ਲਈ ਦੇ ਦਿੱਤਾ ਜਾਵੇਗਾ।"

**3**ਤਦ ਪ੍ਰਧਾਨ ਜਾਜਕ ਅਤੇ ਬਜ਼ੁਰਗ ਯਹੂਦੀ ਆਗੂ ਸਰਦਾਰ
ਜਾਜਕ ਦੇ ਮਹਿਲ ਵਿੱਚ ਇਕੱਠੇ ਹੋਏ। ਸਰਦਾਰ ਜਾਜਕ ਦਾ ਨਾਮ
ਕਯਾਫ਼ਾ ਸੀ। **4**ਉਸ ਸਭਾ ਵਿੱਚ ਉਨ੍ਹਾਂ ਨੇ ਧੋਖੇ ਨਾਲ ਯਿਸੂ ਨੂੰ
ਗਿਰਫ਼ਤਾਰ ਕਰਨ ਅਤੇ ਮਾਰ ਦੇਣ ਦੀ ਵਿਉਂਤ ਬਣਾਈ। **5**ਪਰ
ਉਨ੍ਹਾਂ ਨੇ ਆਖਿਆ, "ਅਸੀਂ ਯਿਸੂ ਨੂੰ ਪਸਾਹ ਦੇ ਤਿਉਹਾਰ ਵੇਲੇ
ਗਿਰਫ਼ਤਾਰ ਨਹੀਂ ਕਰ ਸਕਦੇ, ਕਿਉਂਕਿ ਲੋਕ ਗੁੱਸੇ ਵਿੱਚ ਆ ਜਾਣਗੇ
ਅਤੇ ਫ਼ਸਾਦ ਕਰ ਦੇਣਗੇ।"

## ਇੱਕ ਔਰਤ ਵੱਲੋਂ ਇੱਕ ਵਿਸ਼ੇਸ਼ ਕੰਮ ਕਰਨਾ

*(ਮਰਕੁਸ 14:3–9; ਯੂਹੰਨਾ 12:1–8)*

**6**ਜਦੋਂ ਯਿਸੂ ਬੈਤਅਨੀਆ ਵਿੱਚ ਸ਼ਮਊਨ ਕੋੜ੍ਹੀ ਦੇ ਘਰ ਸੀ, **7**ਤਾਂ
ਇੱਕ ਔਰਤ ਉਸ ਕੋਲ ਆਈ। ਉਸ ਕੋਲ ਸੰਗਮਰਮਰ ਦੀ ਸ਼ੀਸ਼ੀ
ਵਿੱਚ ਬੜਾ ਮਹਿੰਗਾ ਅਤਰ ਭਰਿਆ ਹੋਇਆ ਸੀ। ਉਸ ਔਰਤ ਨੇ
ਜਦੋਂ ਯਿਸੂ ਭੋਜਨ ਕਰ ਰਿਹਾ ਸੀ, ਤਾਂ ਇਹ ਅਤਰ ਉਸ ਦੇ ਸਿਰ
ਉੱਤੇ ਡੋਲ੍ਹ ਦਿੱਤਾ।

**8**ਜਦੋਂ ਚੇਲਿਆਂ ਨੇ ਔਰਤ ਨੂੰ ਇਵੇਂ ਕਰਦਿਆਂ ਵੇਖਿਆ ਤਾਂ ਉਹ
ਬੜੇ ਪਰੇਸ਼ਾਨ ਹੋ ਗਏ ਅਤੇ ਆਖਿਆ, "ਇਹ ਅਤਰ ਬੇਕਾਰ ਕਿਉਂ
ਗਵਾਇਆ? **9**ਇਹੋ ਅਤਰ ਮਹਿੰਗੇ ਮੁੱਲ ਵੇਚਿਆ ਜਾ ਸਕਦਾ ਸੀ
ਅਤੇ ਪੈਸੇ ਗਰੀਬ ਲੋਕਾਂ ਨੂੰ ਦਿੱਤੇ ਜਾ ਸਕਦੇ ਸਨ।"

**10**ਯਿਸੂ ਜਾਣਦਾ ਸੀ ਕਿ ਕੀ ਵਾਪਰਿਆ ਸੀ। ਇਸ ਲਈ ਉਸ
ਨੇ ਆਖਿਆ, "ਤੁਸੀਂ ਇਸ ਔਰਤ ਨੂੰ ਕਿਉਂ ਤੰਗ ਕਰ ਰਹੇ ਹੋ? ਉਸ
ਨੇ ਮੇਰੇ ਲਈ ਇਹ ਬਹੁਤ ਚੰਗਾ ਕੀਤਾ ਹੈ। **11**ਗਰੀਬ ਲੋਕ ਹਮੇਸ਼ਾ
ਤੁਹਾਡੇ ਨਾਲ ਹੋਣਗੇ[a] ਪਰ ਮੈਂ ਸਦਾ ਤੁਹਾਡੇ ਨਾਲ ਨਹੀਂ ਰਹਾਂਗਾ।
**12**ਇਸ ਔਰਤ ਨੇ ਅਤਰ ਮੇਰੇ ਸਰੀਰ ਤੇ ਡੋਲ੍ਹਿਆ ਹੈ। ਇਸ ਨੇ
ਇਹ ਸਭ ਕੁਝ ਮੇਰੇ ਮਰਨ ਉਪਰੰਤ ਦੇਹ ਨੂੰ ਦਫ਼ਨਾਉਣ ਲਈ ਕੀਤਾ
ਹੈ। **13**ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਖੁਸ਼ਖਬਰੀ ਦਾ ਪ੍ਰਚਾਰ ਸਾਰੇ
ਸੰਸਾਰ ਵਿੱਚ ਕੀਤਾ ਜਾਵੇਗਾ ਅਤੇ ਜਿੱਥੇ ਕਿਤੇ ਇਹ ਖੁਸ਼ਖਬਰੀ
ਪਹੁੰਚੇਗੀ, ਜੋ ਇਸ ਔਰਤ ਨੇ ਕੀਤਾ ਹੈ ਇਹ ਕਹਾਣੀ ਵੀ ਦੱਸੀ
ਜਾਵੇਗੀ ਅਤੇ ਲੋਕ ਉਸ ਨੂੰ ਯਾਦ ਕਰਨਗੇ।"

[a] *26:11* **ਗਰੀਬ ਲੋਕ…ਨਾਲ ਹੋਣਗੇ** ਬਿਵਸਥਾ ਸਾਰ 15:11 ਦੇਖੋ।

## ਯਹੂਦਾ ਵੱਲੋਂ ਯਿਸੂ ਦਾ ਦੁਸ਼ਮਣ ਬਣਨਾ

*(ਮਰਕੁਸ 14:10–11; ਲੂਕਾ 22:3–6)*

**14**ਤਦ ਉਨ੍ਹਾਂ ਬਾਰ੍ਹਾਂ ਚੇਲਿਆਂ ਵਿੱਚ ਇੱਕ ਨੇ ਜਿਸ ਦਾ ਨਾਮ ਯਹੂਦਾ ਇਸਕਰਿਯੋਤੀ ਸੀ, ਪ੍ਰਧਾਨ ਜਾਜਕਾਂ ਕੋਲ ਜਾ ਕੇ ਆਖਿਆ, **15**"ਜੇ ਮੈਂ ਯਿਸੂ ਨੂੰ ਤੁਹਾਡੇ ਹੱਥ ਫ਼ੜਵਾ ਦਿਆਂ ਤਾਂ ਤੁਸੀਂ ਮੈਨੂੰ ਇਸ ਕਾਰਜ ਲਈ ਕੀ ਦਿਓਗੇ?" ਉਨ੍ਹਾਂ ਜਾਜਕਾਂ ਨੇ ਉਸ ਨੂੰ ਤੀਹ ਚਾਂਦੀ ਦੇ ਸਿੱਕੇ ਦੇ ਦਿੱਤੇ। **16**ਉਸ ਵੇਲੇ ਤੋਂ ਬਾਦ ਯਹੂਦਾ ਯਿਸੂ ਨੂੰ ਜਾਜਕਾਂ ਦੇ ਹੱਥ ਫ਼ੜਵਾਉਣ ਦਾ ਦਾਅ ਲੱਭਣ ਲੱਗਾ।

## ਯਿਸੂ ਵੱਲੋਂ ਪਸਾਹ ਦਾ ਭੋਜਨ ਕਰਨਾ

*(ਮਰਕੁਸ 14:12–21; ਲੂਕਾ 22:7–14, 21–23; ਯੂਹੰਨਾ 13:21–30)*

**17**ਪਤੀਰੀ ਰੋਟੀ ਦੇ ਤਿਉਹਾਰ ਦੇ ਪਹਿਲੇ ਦਿਨ ਚੇਲਿਆਂ ਨੇ ਯਿਸੂ ਕੋਲ ਆ ਕੇ ਆਖਿਆ, "ਤੁਹਾਡੇ ਖਾਣ ਲਈ ਪਸਾਹ ਦਾ ਭੋਜਨ ਅਸੀਂ ਕਿੱਥੇ ਤਿਆਰ ਕਰੀਏ?"

**18**ਯਿਸੂ ਨੇ ਉੱਤਰ ਦਿੱਤਾ, "ਸ਼ਹਿਰ ਅੰਦਰ ਜਾਓ ਅਤੇ ਉਸ ਵਿਅਕਤੀ ਨੂੰ ਮਿਲੋ ਜਿਸ ਨੂੰ ਮੈਂ ਜਾਣਦਾ ਹਾਂ ਅਤੇ ਉਸ ਨੂੰ ਦੱਸੋ ਕਿ ਤੇਰੇ ਗੁਰੂ ਨੇ ਕਿਹਾ ਹੈ, 'ਮੇਰਾ ਚੁਣਿਆ ਹੋਇਆ ਵੇਲਾ ਨੇੜੇ ਆ ਗਿਆ ਹੈ ਅਤੇ ਮੈਂ ਪਸਾਹ ਦਾ ਭੋਜਨ ਆਪਣੇ ਚੇਲਿਆਂ ਸਮੇਤ ਤੇਰੇ ਘਰ ਹੀ ਕਰਾਂਗਾ।'" **19**ਜਿਸ ਤਰ੍ਹਾਂ ਯਿਸੂ ਨੇ ਚੇਲਿਆਂ ਨੂੰ ਕਿਹਾ, ਉਨ੍ਹਾਂ ਨੇ ਉਸੇ ਤਰ੍ਹਾਂ ਹੀ ਕੀਤਾ ਅਤੇ ਉਵੇਂ ਪਸਾਹ ਦਾ ਭੋਜਨ ਤਿਆਰ ਹੋਇਆ।

**20**ਸ਼ਾਮ ਵੇਲੇ ਯਿਸੂ ਆਪਣੇ ਬਾਰ੍ਹਾਂ ਚੇਲਿਆ ਸਮੇਤ ਮੇਜ਼ ਤੇ ਬੈਠਾ ਹੋਇਆ ਸੀ। **21**ਜਦੋਂ ਉਹ ਖਾ ਰਹੇ ਸਨ ਤਾਂ ਯਿਸੂ ਨੇ ਕਿਹਾ, "ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਤੁਹਾਡੇ ਬਾਰ੍ਹਾਂ ਵਿੱਚੋਂ ਇੱਕ ਚੇਲਾ ਮੈਨੂੰ ਜਲਦੀ ਹੀ ਮੇਰੇ ਦੁਸ਼ਮਣਾਂ ਦੇ ਹੱਥ ਫ਼ੜਾ ਦੇਵੇਗਾ।"

**22**ਇਹ ਸੁਣ ਕੇ ਚੇਲੇ ਬੜੇ ਨਿਰਾਸ਼ ਹੋਏ। ਯਿਸੂ ਦੇ ਹਰ ਚੇਲੇ ਨੇ ਕਿਹਾ, "ਪ੍ਰਭੂ, ਜ਼ਰੂਰ ਹੀ ਮੈਂ ਉਹ ਨਹੀਂ ਹਾਂ! ਕੀ ਇਹ ਸੱਚ ਨਹੀਂ ਹੈ?"

**23**ਯਿਸੂ ਨੇ ਉੱਤਰ ਦਿੱਤਾ, "ਜਿਸ ਆਦਮੀ ਨੇ ਮੇਰੇ ਨਾਲ ਇਸ ਕਟੋਰੇ ਵਿੱਚ ਹੱਥ ਡੁਬੋਇਆ ਹੈ ਉਹੀ ਵਿਅਕਤੀ ਹੈ ਜਿਹੜਾ ਮੈਨੂੰ ਦੁਸ਼ਮਣਾਂ ਦੇ ਹੱਥ ਫ਼ੜਾਵੇਗਾ। **24**ਮਨੁੱਖ ਦਾ ਪੁੱਤਰ ਜਾਵੇਗਾ ਅਤੇ ਉਵੇਂ ਹੀ ਮਰੇਗਾ ਜਿਵੇਂ ਉਸ ਬਾਰੇ ਪੋਥੀਆਂ ਵਿੱਚ ਲਿਖਿਆ ਹੋਇਆ ਹੈ, ਪਰ ਉਸ ਮਨੁੱਖ ਤੇ ਹਾਏ ਜਿਹੜਾ ਮਨੁੱਖ ਦੇ ਪੁੱਤਰ ਨੂੰ ਵੈਰੀਆਂ ਦੇ ਹੱਥੀਂ ਫ਼ੜਾਵੇਗਾ। ਉਸ ਮਨੁੱਖ ਲਈ ਭਲਾ ਹੁੰਦਾ ਕਿ ਉਹ ਨਾ ਹੀ ਜੰਮਦਾ।"

**25**ਤਦ ਯਹੂਦਾ ਨੇ ਯਿਸੂ ਨੂੰ ਆਖਿਆ, "ਗੁਰੂ ਜੀ, ਜ਼ਰੂਰ ਹੀ ਮੈਂ ਉਹ ਨਹੀਂ ਹਾਂ। ਕੀ ਇਹ ਸੱਚ ਨਹੀਂ ਹੈ?"

ਯਹੂਦਾ ਹੀ ਉਹ ਮਨੁੱਖ ਸੀ ਜੋ ਯਿਸੂ ਨੂੰ ਉਸ ਦੇ ਦੁਸ਼ਮਣਾਂ ਦੇ ਹੱਥ ਫ਼ੜਵਾਉਣਾ ਚਾਹੁੰਦਾ ਸੀ। ਤਦ ਯਿਸੂ ਨੇ ਆਖਿਆ, "ਹਾਂ ਉਹ ਤੂੰ ਹੈਂ।"

## ਪ੍ਰਭੂ ਦਾ ਰਾਤ ਦਾ ਭੋਜਨ

*(ਮਰਕੁਸ 14:22–26; ਲੂਕਾ 22:15–20; 1 ਕੁਰਿੰਥੀਆਂ 11:23–25)*

**26**ਜਦੋਂ ਉਹ ਖਾ ਰਹੇ ਸਨ ਤਾਂ ਯਿਸੂ ਨੇ ਥੋੜੀ ਰੋਟੀ ਲਈ। ਯਿਸੂ ਨੇ ਰੋਟੀ ਵਾਸਤੇ ਪਰਮੇਸ਼ੁਰ ਦਾ ਧੰਨਵਾਦ ਕੀਤਾ ਅਤੇ ਇਸ ਨੂੰ ਆਪਣੇ ਚੇਲਿਆਂ ਵਿੱਚ ਵੰਡ ਦਿੱਤਾ ਅਤੇ ਕਿਹਾ, "ਇਹ ਰੋਟੀ ਲਓ ਤੇ ਖਾਓ, ਕਿਉਂ ਜੋ ਇਹ ਮੇਰਾ ਸਰੀਰ ਹੈ।"

**27**ਫ਼ਿਰ ਯਿਸੂ ਨੇ ਮੈ ਦਾ ਪਿਆਲਾ ਫ਼ੜਿਆ ਅਤੇ ਪਰਮੇਸ਼ੁਰ ਦਾ ਧੰਨਵਾਦ ਕੀਤਾ ਅਤੇ ਕਿਹਾ, "ਤੁਹਾਡੇ ਵਿੱਚੋਂ ਹਰ ਕੋਈ ਇਸ ਨੂੰ ਪੀਓ। **28**ਇਹ ਮੇਰਾ ਲਹੂ ਹੈ। ਮੇਰਾ ਲਹੂ ਪਰਮੇਸ਼ੁਰ ਅਤੇ ਉਸ ਦੇ ਲੋਕਾਂ ਵਿਚਕਾਰ ਨਵਾਂ ਕਰਾਰ ਸ਼ੁਰੂ ਕਰਦਾ ਹੈ। ਬਹੁਤ ਸਾਰੇ ਲੋਕਾਂ ਦੇ ਪਾਪ ਮਾਫ਼ ਕਰਨ ਲਈ ਇਹ ਲਹੂ ਵਹਾਇਆ ਗਿਆ ਹੈ। **29**ਮੈਂ ਤੁਹਾਨੂੰ ਦੱਸਦਾ ਹਾਂ ਕਿ ਮੈਂ ਇਸ ਮੈ ਨੂੰ ਫ਼ੇਰ ਕਦੇ ਨਹੀਂ ਪੀਵਾਂਗਾ। ਪਰ ਜਦੋਂ ਮੈਂ ਇਸ ਨੂੰ ਆਪਣੇ ਪਿਤਾ ਦੇ ਰਾਜ ਵਿੱਚ ਤੁਹਾਡੇ ਨਾਲ ਪੀਵਾਂਗਾ ਤਾਂ ਇਹ ਨਵੀਂ ਹੋਵੇਗੀ।"

**30**ਫ਼ਿਰ ਉਨ੍ਹਾਂ ਨੇ ਭਜਨ ਗਾਇਆ ਅਤੇ ਇਸ ਤੋਂ ਬਾਦ ਜ਼ੈਤੂਨ ਦੇ ਪਹਾੜ ਵੱਲ ਚਲੇ ਗਏ।

## ਯਿਸੂ ਦੱਸਦਾ ਹੈ ਕਿ ਉਸ ਦੇ ਚੇਲੇ ਉਸ ਨੂੰ ਛੱਡ ਜਾਣਗੇ

*(ਮਰਕੁਸ 14:27–31; ਲੂਕਾ 22:31–34; ਯੂਹੰਨਾ 13:36–38)*

**31**ਯਿਸੂ ਨੇ ਚੇਲਿਆਂ ਨੂੰ ਕਿਹਾ, "ਅੱਜ ਰਾਤ ਮੇਰੇ ਕਾਰਣ ਤੁਸੀਂ ਸਾਰੇ ਆਪਣਾ ਭਰੋਸਾ ਗੁਆ ਲਵੋਗੇ। ਕਿਉਂ ਜੋ ਲਿਖਿਆ ਹੋਇਆ ਹੈ:

> 'ਮੈਂ ਆਜੜੀ ਨੂੰ ਮਾਰ ਦੇਵਾਂਗਾ ਅਤੇ ਉਸ ਦੇ ਇੱਜੜ
> ਦੀਆਂ ਭੇਡਾਂ ਖਿੱਲਰ ਜਾਣਗੀਆਂ।' *ਜ਼ਕਰਯਾਹ 13:7*

**32**ਪਰ ਮੈਂ ਮੌਤ ਤੋਂ ਬਾਦ ਫ਼ਿਰ ਜੀ ਉੱਠਾਂਗਾ ਅਤੇ ਗਲੀਲੀ ਵੱਲ ਜਾਵਾਂਗਾ। ਮੈਂ ਤੁਹਾਡੇ ਉੱਥੇ ਪਹੁੰਚਣ ਤੋਂ ਪਹਿਲਾਂ ਹੀ ਉੱਥੇ ਹੋਵਾਂਗਾ।"

**33**ਤਦ ਪਤਰਸ ਨੇ ਉਸ ਨੂੰ ਉੱਤਰ ਦਿੱਤਾ, "ਭਾਵੇਂ ਤੇਰੇ ਕਾਰਣ ਬਾਕੀ ਸਾਰੇ ਚੇਲੇ ਭਰੋਸਾ ਗੁਆ ਬੈਠਣ, ਮੈਂ ਆਪਣਾ ਭਰੋਸਾ ਕਦੇ ਨਹੀਂ ਗੁਆਵਾਂਗਾ।"

**34**ਯਿਸੂ ਨੇ ਆਖਿਆ, "ਮੈਂ ਸੱਚ ਆਖਦਾ ਹਾਂ ਕਿ ਅੱਜ ਰਾਤ ਕੁੱਕੜ ਦੇ ਬਾਂਗ ਦੇਣ ਤੋਂ ਪਹਿਲਾਂ ਤਿੰਨ ਵਾਰੀ ਤੂੰ ਮੇਰਾ ਇਨਕਾਰ ਕਰੇਂਗਾ।"

**35**ਪਰ ਪਤਰਸ ਨੇ ਆਖਿਆ, "ਭਾਵੇਂ ਮੈਨੂੰ ਤੁਹਾਡੇ ਨਾਲ ਮਰਨਾ ਪਵੇ, ਤਾਂ ਵੀ ਮੈਂ ਕਦੇ ਵੀ ਤੇਰਾ ਇਨਕਾਰ ਨਹੀਂ ਕਰਾਂਗਾ।" ਅਤੇ ਇਵੇਂ ਹੀ ਬਾਕੀ ਸਾਰਿਆਂ ਚੇਲਿਆਂ ਨੇ ਵੀ ਕਿਹਾ।

## ਯਿਸੂ ਦਾ ਇਕੱਲੇ ਪ੍ਰਾਰਥਨਾ ਕਰਨਾ

*(ਮਰਕੁਸ 14:32–42; ਲੂਕਾ 22:39–46)*

**36**ਫ਼ੇਰ ਯਿਸੂ ਆਪਣੇ ਚੇਲਿਆਂ ਨਾਲ ਗਥਸਮਨੀ ਨਾਮੇਂ ਇੱਕ ਥਾਂ ਤੇ ਗਿਆ ਅਤੇ ਉਨ੍ਹਾਂ ਨੂੰ ਆਖਿਆ, "ਜਿੰਨਾ ਚਿਰ ਮੈਂ ਉੱਥੇ ਰਹਾਂ ਅਤੇ ਪ੍ਰਾਰਥਨਾ ਕਰਾਂ, ਤੁਸੀਂ ਇੱਥੇ ਬੈਠੋ।" **37**ਯਿਸੂ ਨੇ ਪਤਰਸ ਅਤੇ ਜ਼ਬਦੀ ਦੇ ਦੋਵੇਂ ਪੁੱਤਰਾਂ ਨੂੰ ਆਪਣੇ ਨਾਲ ਆਉਣ ਨੂੰ ਕਿਹਾ, ਪਰ ਨਾਲ ਹੀ ਯਿਸੂ ਬੜਾ ਉਦਾਸ ਅਤੇ ਬੇਕਰਾਰ ਨਜ਼ਰ ਆਉਣ ਲੱਗਾ। **38**ਯਿਸੂ ਨੇ ਪਤਰਸ ਅਤੇ ਜ਼ਬਦੀ ਦੇ ਦੋਹਾਂ ਪੁੱਤਰਾਂ ਨੂੰ ਕਿਹਾ, "ਮੇਰਾ ਆਤਮਾ ਦੁੱਖ ਨਾਲ ਭਰਪੂਰ ਹੈ ਅਤੇ ਮੇਰਾ ਦਿਲ ਉਦਾਸੀ ਨਾਲ ਟੁੱਟਦਾ ਜਾ ਰਿਹਾ ਹੈ। ਤੁਸੀਂ ਇੱਥੇ ਮੇਰੇ ਨਾਲ ਜਾਗਦੇ ਰਹੋ ਅਤੇ ਰਤਾ ਉਡੀਕ ਕਰੋ।"

**39**ਤਦ ਯਿਸੂ ਉਨ੍ਹਾਂ ਤੋਂ ਥੋੜਾ ਕੁ ਅੱਗੇ ਨੂੰ ਵਧਿਆ ਅਤੇ ਮੂੰਹ ਭਾਰ ਜ਼ਮੀਨ ਉੱਤੇ ਪਿਆ ਅਤੇ ਪ੍ਰਾਰਥਨਾ ਕੀਤੀ, "ਹੇ ਮੇਰੇ ਪਿਤਾ, ਜੇਕਰ ਸੰਭਵ ਹੋਵੇ ਤਾਂ ਦੁੱਖ ਦਾ ਇਹ ਪਿਆਲਾ ਲੈ ਲਓ। ਪਰ ਤੂੰ ਉਹੀ ਕਰ ਜੋ ਤੂੰ ਚਾਹੁੰਦਾ ਹੈ, ਨਾ ਕਿ ਉਹ ਜੋ ਮੈਂ ਚਾਹੁੰਦਾ ਹਾਂ।" **40**ਤਦ ਯਿਸੂ ਆਪਣੇ ਚੇਲਿਆਂ ਕੋਲ ਆਇਆ ਅਤੇ ਉਨ੍ਹਾਂ ਨੂੰ ਸੁੱਤਿਆਂ ਪਾਇਆ। ਯਿਸੂ ਨੇ ਪਤਰਸ ਨੂੰ ਆਖਿਆ, "ਕੀ ਤੁਸੀਂ ਮੇਰੇ ਨਾਲ

ਇੱਕ ਘੜੀ ਵੀ ਨਹੀਂ ਜਾਗ ਸਕਦੇ? 41ਜਾਗੋ ਅਤੇ ਪ੍ਰਾਰਥਨਾ ਕਰੋ
ਕਿ ਤੁਸੀਂ ਪਰਤਾਵੇ ਵਿੱਚ ਨਾ ਪਵੋ। ਆਤਮਾ ਤਾਂ ਇੱਛੁਕ ਹੈ, ਪਰ
ਸਰੀਰ ਕਮਜ਼ੋਰ ਹੈ।”
42ਫ਼ੇਰ ਯਿਸੂ ਦੂਜੀ ਵਾਰ ਉੱਥੇ ਚਲਿਆ ਗਿਆ ਅਤੇ ਪ੍ਰਾਰਥਨਾ
ਕੀਤੀ, “ਮੇਰੇ ਪਿਤਾ, ਜੇਕਰ ਇਹ ਦੁੱਖਾਂ ਦਾ ਪਿਆਲਾ ਹਟਾਇਆ
ਜਾਣਾ ਸੰਭਵ ਨਹੀਂ, ਤਾਂ ਤੁਹਾਡੀ ਇੱਛਾ ਪੂਰੀ ਹੋਵੇ।”
43ਜਦੋਂ ਯਿਸੂ ਵਾਪਸ ਆਇਆ ਤਾਂ ਉਸ ਨੇ ਆਪਣੇ ਚੇਲਿਆਂ ਨੂੰ
ਫ਼ਿਰ ਸੁੱਤਾ ਹੋਇਆ ਪਾਇਆ। ਉਨ੍ਹਾਂ ਦੀਆਂ ਅੱਖਾਂ ਥੱਕੀਆਂ ਹੋਈਆਂ
ਸਨ। 44ਤਦ ਯਿਸੂ ਉਨ੍ਹਾਂ ਨੂੰ ਛੱਡ ਕੇ ਇੱਕ ਵਾਰ ਫਿਰ ਗਿਆ ਅਤੇ
ਤੀਜੀ ਵਾਰ ਉਹੀ ਬਚਨ ਆਖਦੇ ਹੋਏ ਪ੍ਰਾਰਥਨਾ ਕੀਤੀ।
45ਯਿਸੂ ਵਾਪਸ ਚੇਲਿਆਂ ਕੋਲ ਆਇਆ ਅਤੇ ਆਖਣ ਲੱਗਾ,
“ਤੁਸੀਂ ਅਜੇ ਵੀ ਸੌਂ ਰਹੇ ਹੋ ਅਤੇ ਅਰਾਮ ਕਰ ਰਹੇ ਹੋ? ਵੇਖੋ, ਉਹ
ਘੜੀ ਆ ਗਈ ਹੈ ਜਦੋਂ ਮਨੁੱਖ ਦਾ ਪੁੱਤਰ ਪਾਪੀਆਂ ਦੇ ਹੱਥ
ਫ਼ੜਵਾਇਆ ਜਾਵੇਗਾ। 46ਵੇਖੋ, ਜੋ ਮਨੁੱਖ ਮੈਨੂੰ ਮੇਰੇ ਦੁਸ਼ਮਣਾਂ
ਹੱਥੀਂ ਫ਼ੜਾਵੇਗਾ ਉਹ ਆ ਗਿਆ ਹੈ।”

## ਯਿਸੂ ਦਾ ਗਿਰਫ਼ਤਾਰ ਕੀਤਾ ਜਾਣਾ

*(ਮਰਕੁਸ 14:43–50; ਲੂਕਾ 22:47–53; ਯੂਹੰਨਾ 18:3–12)*

47ਜਦੋਂ ਯਿਸੂ ਅਜੇ ਬੋਲ ਰਿਹਾ ਸੀ ਤਾਂ ਬਾਰ੍ਹਾਂ ਚੇਲਿਆਂ ਵਿੱਚੋਂ ਇੱਕ,
ਯਹੂਦਾ ਉੱਥੇ ਆ ਗਿਆ। ਪ੍ਰਧਾਨ ਜਾਜਕਾਂ ਦੁਆਰਾ ਭੇਜੇ ਹੋਏ ਬਹੁਤ
ਸਾਰੇ ਲੋਕ ਅਤੇ ਲੋਕਾਂ ਦੇ ਬਜ਼ੁਰਗ ਆਗੂ ਵੀ ਉਸ ਦੇ ਨਾਲ ਸਨ।
ਉਨ੍ਹਾਂ ਨੇ ਤਲਵਾਰਾਂ ਅਤੇ ਡਾਂਗਾਂ ਫ਼ੜੀਆਂ ਹੋਈਆਂ ਸਨ। 48ਯਹੂਦਾ
ਨੇ ਉਨ੍ਹਾਂ ਲੋਕਾਂ ਨੂੰ ਇਹ ਨਿਸ਼ਾਨ ਦਿੱਤਾ ਹੋਇਆ ਸੀ: “ਜਿਸ
ਵਿਅਕਤੀ ਨੂੰ ਮੈਂ ਚੁੰਮਾਂ, ਉਹੀ ਯਿਸੂ ਹੈ। ਉਸ ਨੂੰ ਗਿਰਫ਼ਤਾਰ ਕਰ
ਲੈਣਾ।” 49ਤਦ ਯਹੂਦਾ ਸਿੱਧਾ ਯਿਸੂ ਕੋਲ ਗਿਆ ਅਤੇ ਆਖਿਆ,
“ਗੁਰੂ ਜੀ, ਨਮਸਕਾਰ!” ਫ਼ਿਰ ਉਸ ਨੇ ਉਸ ਨੂੰ ਚੁੰਮਿਆ।
50ਯਿਸੂ ਨੇ ਉੱਤਰ ਦਿੱਤਾ, “ਮਿੱਤਰ, ਤੂੰ ਜੋ ਇੱਥੇ ਕਰਨ ਆਇਆ
ਹੈਂ ਉਹ ਕਰ।”
ਉਦੋਂ ਹੀ ਆਦਮੀ ਆ ਗਏ ਉਨ੍ਹਾਂ ਨੇ ਯਿਸੂ ਨੂੰ ਫ਼ੜਿਆ ਅਤੇ
ਗਿਰਫ਼ਤਾਰ ਕਰ ਲਿਆ। 51ਜਦੋਂ ਇਹ ਵਾਪਰਿਆ ਤਾਂ ਯਿਸੂ ਦੇ
ਚੇਲਿਆਂ ਵਿੱਚੋਂ ਇੱਕ ਨੇ ਆਪਣੀ ਤਲਵਾਰ ਕੱਢੀ ਅਤੇ ਸਰਦਾਰ
ਜਾਜਕ ਦੇ ਸੇਵਕ ਤੇ ਚਲਾ ਕੇ ਉਸ ਦਾ ਕੰਨ ਵੱਢ ਦਿੱਤਾ।
52ਯਿਸੂ ਨੇ ਉਸ ਨੂੰ ਕਿਹਾ, “ਆਪਣੀ ਤਲਵਾਰ ਮੁੜ ਮਿਆਨ
ਵਿੱਚ ਪਾ ਲੈ, ਕਿਉਂਕਿ ਜਿਹੜੇ ਤਲਵਾਰ ਚਲਾਉਂਦੇ ਹਨ ਉਹ ਤਲਵਾਰ
ਨਾਲ ਹੀ ਮਾਰੇ ਜਾਣਗੇ। 53ਕੀ ਤੁਸੀਂ ਨਹੀਂ ਜਾਣਦੇ ਕਿ ਮੈਂ ਆਪਣੇ
ਪਿਤਾ ਨੂੰ ਬੇਨਤੀ ਕਰ ਸਕਦਾ ਹਾਂ ਅਤੇ ਉਹ ਝੱਟ ਮੇਰੇ ਵਾਸਤੇ ਦੂਤਾਂ
ਦੀਆਂ ਬਾਰ੍ਹਾਂ ਸੈਨਾਵਾਂ ਤੋਂ ਵੱਧ ਭੇਜ ਦੇਵੇਗਾ। 54ਪਰ ਇਹ ਇਵੇਂ
ਹੀ ਹੋਣਾ ਜ਼ਰੂਰੀ ਹੈ ਤਾਂ ਜੋ ਉਵੇਂ ਹੀ ਹੋਵੇ ਜਿਵੇਂ ਪੋਥੀਆਂ ਆਖਦੀਆਂ
ਹਨ।”
55ਤਦ ਯਿਸੂ ਨੇ ਸਾਰੇ ਲੋਕਾਂ ਨੂੰ ਆਖਿਆ, “ਕੀ ਤੁਸੀਂ ਇਨ੍ਹਾਂ
ਤਲਵਾਰਾਂ ਅਤੇ ਡਾਂਗਾ ਨਾਲ ਮੈਨੂੰ ਇਵੇਂ ਗਿਰਫ਼ਤਾਰ ਕਰਨ ਲਈ
ਆਏ ਹੋ ਜਿਵੇਂ ਮੈਂ ਕੋਈ ਅਪਰਾਧੀ ਹੋਵਾਂ? ਹਰ ਰੋਜ਼ ਮੈਂ ਮੰਦਰ ਦੇ
ਇਲਾਕੇ ਵਿੱਚ ਬੈਠਦਾ ਸੀ ਅਤੇ ਲੋਕਾਂ ਨੂੰ ਉਪਦੇਸ਼ ਦਿੰਦਾ ਸੀ, ਪਰ
ਤੁਸੀਂ ਮੈਨੂੰ ਗਿਰਫ਼ਤਾਰ ਨਹੀਂ ਕੀਤਾ। 56ਪਰ ਇਹ ਸਭ ਕੁਝ ਇਸ
ਲਈ ਹੋਇਆ ਤਾਂਕਿ ਨਬੀਆਂ ਦੀਆਂ ਲਿਖਤਾਂ ਪੂਰੀਆਂ ਹੋਣ।”
ਇਸ ਤੋਂ ਬਾਦ ਯਿਸੂ ਦੇ ਸਾਰੇ ਚੇਲੇ ਉਸ ਨੂੰ ਛੱਡ ਕੇ ਭੱਜ ਗਏ।

## ਯਿਸੂ ਯਹੂਦੀ ਆਗੂਆਂ ਦੇ ਸਾਹਮਣੇ

*(ਮਰਕੁਸ 14:53–65; ਲੂਕਾ 22:54–55, 63–71; ਯੂਹੰਨਾ 18:13–14, 19–24)*

57ਜਿਨ੍ਹਾਂ ਨੇ ਯਿਸੂ ਨੂੰ ਗਿਰਫ਼ਤਾਰ ਕੀਤਾ ਸੀ ਉਹ ਉਸ ਨੂੰ ਸਰਦਾਰ
ਜਾਜਕ ਕਯਾਫ਼ਾ ਦੇ ਘਰ ਲੈ ਗਏ ਜਿੱਥੇ ਨੇਮ ਦੇ ਉਪਦੇਸ਼ਕ ਅਤੇ ਵੱਡੇ
ਆਗੂ ਇਕੱਠੇ ਹੋਏ ਸਨ। 58ਜਦੋਂ ਉਸ ਨੂੰ ਸਰਦਾਰ ਜਾਜਕ ਦੇ ਘਰ
ਲਿਜਾਇਆ ਜਾ ਰਿਹਾ ਸੀ ਤਾਂ ਪਤਰਸ ਨੇ ਕੁਝ ਵਿੱਥ ਨਾਲ ਉਸ ਦਾ
ਪਿੱਛਾ ਕੀਤਾ। ਉਸ ਨੇ ਵਿਹੜੇ ਵਿੱਚ ਪ੍ਰਵੇਸ਼ ਕੀਤਾ ਅਤੇ ਸਿਪਾਹੀਆਂ
ਨਾਲ ਬੈਠ ਗਿਆ। ਉਹ ਇਹ ਵੇਖਣ ਲਈ ਉਤਸੁਕ ਸੀ ਕਿ ਅੰਤ
ਵਿੱਚ ਯਿਸੂ ਨਾਲ ਕੀ ਵਾਪਰੇਗਾ।
59ਪ੍ਰਧਾਨ ਜਾਜਕ ਅਤੇ ਯਹੂਦੀਆਂ ਦੀ ਪੂਰੀ ਸਭਾ ਯਿਸੂ ਦੇ
ਖਿਲਾਫ਼ ਝੂਠੇ ਗਵਾਹ ਲੱਭ ਰਹੀ ਸੀ ਤਾਂ ਜੋ ਉਹ ਉਸ ਨੂੰ ਮਰਵਾ
ਸਕਣ। ਉਹ ਅਜਿਹੇ ਲੋਕਾਂ ਨੂੰ ਲੱਭਣ ਦੀ ਕੋਸ਼ਿਸ਼ ਕਰ ਰਹੇ ਸਨ ਜੋ
ਯਿਸੂ ਦੇ ਵਿਰੁੱਧ ਕੁਝ ਕਹਿਣ। 60ਬਹੁਤ ਸਾਰੇ ਲੋਕ ਸਾਹਮਣੇ ਆਏ
ਜਿਨ੍ਹਾਂ ਨੇ ਯਿਸੂ ਬਾਰੇ ਝੂਠੀਆਂ ਗੱਲਾਂ ਆਖੀਆਂ। ਪਰ ਉਹ ਅਜਿਹੀ
ਕੋਈ ਵੀ ਗਵਾਹੀ ਨਾ ਲੱਭ ਸਕੇ। ਫ਼ੇਰ ਦੋ ਲੋਕ ਬਾਹਰ ਆਏ ਅਤੇ
ਉਨ੍ਹਾਂ ਆਖਿਆ, 61“ਇਸ ਆਦਮੀ ਨੇ ਕਿਹਾ, ‘ਮੈਂ ਪਰਮੇਸ਼ੁਰ ਦਾ
ਮੰਦਰ ਢਾਹ ਕੇ ਤਿੰਨ ਦਿਨਾਂ ਵਿੱਚ ਫ਼ੇਰ ਬਣਾ ਸਕਦਾ ਹਾਂ।’”
62ਸਰਦਾਰ ਜਾਜਕ ਉੱਠਿਆ ਅਤੇ ਯਿਸੂ ਨੂੰ ਆਖਣ ਲੱਗਾ,
“ਇਹ ਲੋਕ ਤੇਰੇ ਉੱਤੇ ਦੋਸ਼ ਲਾ ਰਹੇ ਹਨ। ਕੀ ਤੇਰੇ ਕੋਲ ਕੋਈ ਜਵਾਬ
ਨਹੀਂ? ਕੀ ਇਹ ਲੋਕ ਸੱਚ ਆਖ ਰਹੇ ਹਨ?” 63ਪਰ ਯਿਸੂ ਨੇ ਕੁਝ
ਨਾ ਕਿਹਾ।
ਦੁਬਾਰਾ ਸਰਦਾਰ ਜਾਜਕ ਨੇ ਯਿਸੂ ਨੂੰ ਪੁੱਛਿਆ, “ਮੈਂ ਤੈਨੂੰ ਜਿਉਂਦੇ
ਪਰਮੇਸ਼ੁਰ ਦੀ ਸੌਂਹ ਦਿੰਦਾ ਹਾਂ ਅਤੇ ਹੁਕਮ ਦਿੰਦਾ ਹਾਂ ਕਿ ਸਾਨੂੰ ਦੱਸ,
ਕੀ ਪਰਮੇਸ਼ੁਰ ਦਾ ਪੁੱਤਰ ਮਸੀਹ ਤੂੰ ਹੈਂ?”
64ਯਿਸੂ ਨੇ ਜਵਾਬ ਦਿੱਤਾ, “ਹਾਂ ਮੈਂ ਹੀ ਹਾਂ। ਪਰ ਮੈਂ ਤੁਹਾਨੂੰ
ਕਹਿੰਦਾ ਹਾਂ ਕਿ ਭਵਿੱਖ ਵਿੱਚ ਤੁਸੀਂ ਮਨੁੱਖ ਦੇ ਪੁੱਤਰ ਨੂੰ ਪਰਮੇਸ਼ੁਰ ਦੇ
ਸੱਜੇ ਬੈਠਿਆਂ ਅਤੇ ਸਵਰਗਾਂ ਤੋਂ ਬੱਦਲਾਂ ਉੱਤੇ ਆਉਂਦਿਆਂ ਵੇਖੋਗੇ।”
65ਜਦੋਂ ਸਰਦਾਰ ਜਾਜਕ ਨੇ ਇਹ ਸੁਣਿਆ ਤਾਂ ਉਹ ਬੜੇ ਕ੍ਰੋਧ
ਵਿੱਚ ਆਇਆ। ਤਦ ਉਸ ਨੇ ਆਪਣੇ ਕੱਪੜੇ ਪਾੜੇ ਅਤੇ ਆਖਿਆ,
“ਇਸ ਮਨੁੱਖ ਨੇ ਉਹ ਗੱਲਾਂ ਆਖੀਆਂ ਹਨ ਜੋ ਪਰਮੇਸ਼ੁਰ ਦੇ ਖਿਲਾਫ਼
ਹਨ, ਇਸ ਲਈ ਸਾਨੂੰ ਕੋਈ ਹੋਰ ਗਵਾਹੀ ਨਹੀਂ ਲੋੜੀਂਦੀ। ਤੁਸੀਂ
ਸਭ ਨੇ ਇਸ ਨੂੰ ਪਰਮੇਸ਼ੁਰ ਦੇ ਖਿਲਾਫ਼ ਬੋਲਦਿਆਂ ਸੁਣਿਆ ਹੈ।
66ਤੁਹਾਡੀ ਕੀ ਸਲਾਹ ਹੈ?”
ਯਹੂਦੀਆਂ ਨੇ ਉੱਤਰ ਦਿੱਤਾ, “ਇਹ ਕਸੂਰਵਾਰ ਹੈ ਅਤੇ ਇਸ ਨੂੰ
ਮਾਰ ਦਿੱਤਾ ਜਾਣਾ ਚਾਹੀਦਾ ਹੈ।”
67ਤਦ ਲੋਕਾਂ ਨੇ ਯਿਸੂ ਦੇ ਮੂੰਹ ਤੇ ਥੁੱਕਿਆ ਅਤੇ ਉਸ ਨੂੰ ਮੁੱਕੇ
ਮਾਰੇ। ਹੋਰਨਾਂ ਲੋਕਾਂ ਨੇ ਯਿਸੂ ਨੂੰ ਥੱਪੜ ਮਾਰੇ। 68ਉਨ੍ਹਾਂ ਕਿਹਾ,
“ਵਿਖਾ ਕਿ ਤੂੰ ਇੱਕ ਨਬੀ ਹੈਂ। ਹੇ ਮਸੀਹ, ਅਗੰਮ ਵਾਕ ਕਰ ਕਿ
ਤੈਨੂੰ ਕਿਸ ਨੇ ਮਾਰਿਆ ਹੈ।”

## ਪਤਰਸ ਦਾ ਇਹ ਦੱਸਣੋ ਡਰਨਾ ਕਿ ਉਹ ਯਿਸੂ ਨੂੰ ਜਾਣਦਾ ਹੈ

*(ਮਰਕੁਸ 14:66–72; ਲੂਕਾ 22:56–62; ਯੂਹੰਨਾ 18:15–18, 25–27)*

69ਉਸ ਸਾਰੇ ਸਮੇਂ ਪਤਰਸ ਵਿਹੜੇ ਵਿੱਚ ਬੈਠਾ ਰਿਹਾ। ਤਦ ਇੱਕ
ਨੌਕਰਾਣੀ ਪਤਰਸ ਕੋਲ ਆਈ ਅਤੇ ਆਖਿਆ, “ਤੂੰ ਵੀ ਗਲੀਲ
ਦੇ ਯਿਸੂ ਦੇ ਨਾਲ ਸੀ।”

70ਪਰ ਪਤਰਸ ਨੇ ਸਭ ਦੇ ਅੱਗੇ ਇਸ ਤੋਂ ਇਨਕਾਰ ਕੀਤਾ ਅਤੇ ਆਖਿਆ, "ਮੈਂ ਨਹੀਂ ਜਾਣਦਾ ਤੁਸੀਂ ਕਿਸ ਬਾਰੇ ਗੱਲ ਕਰ ਰਹੇ ਹੋ।"
71ਫ਼ੇਰ ਪਤਰਸ ਉਸ ਵਿਹੜੇ ਤੋਂ ਬਾਹਰ ਚਲਿਆ ਗਿਆ। ਫ਼ਾਟਕ ਕੋਲ ਇੱਕ ਹੋਰ ਗੋਲੀ ਨੇ ਉਸ ਨੂੰ ਵੇਖਿਆ ਅਤੇ ਉੱਥੇ ਲੋਕਾਂ ਨੂੰ ਆਖਿਆ, "ਇਹ ਵੀ ਯਿਸੂ ਨਾਸਰੀ ਦੇ ਨਾਲ ਸੀ।"
72ਫ਼ਿਰ, ਪਤਰਸ ਨੇ ਸੌਂਹ ਖਾ ਕੇ ਇਹ ਆਖਦਿਆਂ ਇਨਕਾਰ ਕਰ ਦਿੱਤਾ, "ਮੈਂ ਇਸ ਆਦਮੀ ਨੂੰ ਨਹੀਂ ਜਾਣਦਾ।"
73ਕੁਝ ਦੇਰ ਬਾਦ ਜੋ ਲੋਕ ਉੱਥੇ ਖੜ੍ਹੇ ਸਨ ਉਹ ਪਤਰਸ ਕੋਲ ਆਏ ਅਤੇ ਆਖਿਆ, "ਤੇਰੀ ਬੋਲੀ ਤੋਂ ਹੀ ਸਾਨੂੰ ਪਤਾ ਹੈ ਕਿ ਤੂੰ ਉਨ੍ਹਾਂ ਵਿੱਚੋਂ ਇੱਕ ਹੈਂ।"
74ਤਦ ਉਹ ਖੁਦ ਨੂੰ ਸਰਾਪਣ ਲੱਗਾ ਅਤੇ ਉਸ ਨੇ ਆਖਿਆ, "ਮੈਂ ਪਰਮੇਸ਼ੁਰ ਦੀ ਸੌਂਹ ਖਾਂਦਾ ਹਾਂ ਕਿ ਮੈਂ ਇਸ ਆਦਮੀ ਨੂੰ ਨਹੀਂ ਜਾਣਦਾ।" ਜਿਵੇਂ ਹੀ ਪਤਰਸ ਨੇ ਇਹ ਆਖਿਆ ਤਾਂ ਕੁੱਕੜ ਨੇ ਬਾਂਗ
ਦੇ ਦਿੱਤੀ! 75ਤਦ ਪਤਰਸ ਨੂੰ ਯਾਦ ਆਇਆ ਕਿ ਯਿਸੂ ਨੇ ਉਸ ਨੂੰ ਕੀ ਆਖਿਆ ਸੀ: "ਕੁੱਕੜ ਦੇ ਬਾਂਗ ਦੇਣ ਤੋਂ ਪਹਿਲਾਂ ਤੂੰ ਤਿੰਨ ਵਾਰੀ ਮੇਰਾ ਇਨਕਾਰ ਕਰੇਂਗਾ।" ਫ਼ੇਰ ਪਤਰਸ ਬਾਹਰ ਗਿਆ ਅਤੇ ਭੁੱਬਾਂ ਮਾਰ ਕੇ ਰੋਇਆ।

### ਯਿਸੂ ਰਾਜਪਾਲ ਪਿਲਾਤੁਸ ਦੇ ਸਾਹਮਣੇ

*(ਮਰਕੁਸ 15:1; ਲੂਕਾ 23:1–2; ਯੂਹੰਨਾ 18:28–32)*

**27** 1ਅਗਲੀ ਸਵੇਰ ਪ੍ਰਧਾਨ ਜਾਜਕਾਂ ਅਤੇ ਲੋਕਾਂ ਦੇ ਬਜ਼ੁਰਗ ਆਗੂਆਂ ਨੇ ਯਿਸੂ ਨੂੰ ਜਾਨ ਤੋਂ ਮਾਰਨ ਦਾ ਫ਼ੈਸਲਾ ਕੀਤਾ।
2ਉਨ੍ਹਾਂ ਨੇ ਉਸ ਨੂੰ ਜੰਜ਼ੀਰਾਂ ਪਾ ਦਿੱਤੀਆਂ ਅਤੇ ਪਿਲਾਤੁਸ ਦੇ ਹਵਾਲੇ ਕਰਨ ਲਈ ਲੈ ਗਏ।

### ਯਹੂਦਾ ਦਾ ਆਤਮ ਹੱਤਿਆ ਕਰਨਾ

*(ਰਸੂਲਾਂ ਦੇ ਕਰਤੱਬ 1:18–19)*

3ਯਹੂਦਾ ਨੇ ਵੇਖਿਆ ਕਿ ਉਨ੍ਹਾਂ ਨੇ ਯਿਸੂ ਨੂੰ ਮਾਰਨ ਦਾ ਫ਼ੈਸਲਾ ਕਰ ਲਿਆ ਹੈ। ਇਹ ਯਹੂਦਾ ਹੀ ਸੀ ਜਿਸ ਨੇ ਯਿਸੂ ਨੂੰ ਦੁਸ਼ਮਣਾਂ ਦੇ ਹੱਥ ਫ਼ੜਾ ਦਿੱਤਾ ਸੀ। ਜਦੋਂ ਉਸ ਨੇ ਇਹ ਸਭ ਵਾਪਰਦਾ ਵੇਖਿਆ ਤਾਂ ਉਹ ਪਛਤਾਇਆ ਅਤੇ ਉਸ ਨੇ ਉਹ 30 ਸਿੱਕੇ ਪ੍ਰਧਾਨ ਜਾਜਕਾਂ ਅਤੇ
ਬਜ਼ੁਰਗ ਆਗੂਆਂ ਨੂੰ ਵਾਪਸ ਮੋੜ ਦਿੱਤੇ। 4ਯਹੂਦਾ ਨੇ ਉਨ੍ਹਾਂ ਨੂੰ ਆਖਿਆ, "ਮੈਂ ਪਾਪ ਕੀਤਾ ਹੈ, ਕਿਉਂਕਿ ਇੱਕ ਨਿਰਦੋਸ਼ ਵਿਅਕਤੀ ਦੇ ਲਹੂ ਨਾਲ ਮੈਂ ਧੋਖਾ ਕੀਤਾ ਹੈ।" ਯਹੂਦੀ ਆਗੂਆਂ ਨੇ ਜਵਾਬ ਦਿੱਤਾ, "ਸਾਨੂੰ ਇਸ ਦੀ ਕੋਈ ਪਰਵਾਹ ਨਹੀਂ ਇਹ ਤੇਰੀ ਸਮੱਸਿਆ ਹੈ, ਤੂੰ ਜਾਣ।"
5ਤਦ ਯਹੂਦਾ ਨੇ ਉਹ ਚਾਂਦੀ ਦੇ ਸਿੱਕੇ ਮੰਦਰ ਵਿੱਚ ਸੁੱਟ ਦਿੱਤੇ ਅਤੇ ਵਾਪਸ ਮੁੜ ਕੇ ਖੁਦ ਨੂੰ ਫ਼ਾਹਾ ਲਾ ਲਿਆ।
6ਪ੍ਰਧਾਨ ਜਾਜਕਾਂ ਨੇ ਉੱਥੋਂ ਉਹ ਸਿੱਕੇ ਚੁੱਕੇ ਅਤੇ ਕਿਹਾ, "ਇਨ੍ਹਾਂ ਪੈਸਿਆਂ ਨੂੰ ਮੰਦਰ ਦੇ ਖਜ਼ਾਨੇ ਵਿੱਚ ਪਾਉਣਾ ਯੋਗ ਨਹੀਂ, ਕਿਉਂਕਿ ਇਹ ਧਨ ਕਿਸੇ ਦੀ ਮੌਤ ਲਈ ਦਿੱਤਾ ਗਿਆ ਸੀ।" 7ਉਨ੍ਹਾਂ ਨੇ
ਇੱਕ ਮਤਾ ਪਾਸ ਕੀਤਾ ਕਿ ਇਸ ਧਨ ਨਾਲ ਇੱਕ ਘੁਮਿਆਰ ਦਾ ਖੇਤ ਖਰੀਦਿਆ ਜਾਵੇ। ਇਹ ਖੇਤ ਉਨ੍ਹਾਂ ਲੋਕਾਂ ਦੇ ਕੰਮ ਆਵੇਗਾ ਜੋ ਯਰੂਸ਼ਲਮ ਵਿੱਚ ਆਉਂਦੇ ਹੋਏ ਇੱਥੇ ਮਰ ਜਾਂਦੇ ਹਨ। ਇਹ ਖੇਤ ਉਨ੍ਹਾਂ ਲੋਕਾਂ ਨੂੰ ਦਫ਼ਨਾਉਣ ਦੇ ਕੰਮ ਆਵੇਗਾ। 8ਇਸੇ ਕਾਰਣ ਅੱਜ ਵੀ ਉਹ
ਖੇਤ ਲਹੂ ਦਾ ਖੇਤ ਕਰਕੇ ਜਾਣਿਆ ਜਾਂਦਾ ਹੈ। 9ਤਦ ਜਿਹੜਾ ਬਚਨ ਯਿਰਮਿਯਾਹ ਨਬੀ ਦੇ ਰਾਹੀਂ ਕਿਹਾ ਗਿਆ ਸੀ ਉਹ ਪੂਰਾ ਹੋਇਆ ਕਿ,

"ਉਨ੍ਹਾਂ ਨੇ ਤੀਹ ਚਾਂਦੀ ਦੇ ਸਿੱਕੇ ਲੈ ਲਏ ਜੋ ਇੱਕ ਮਨੁੱਖ
ਦੀ ਜਾਨ ਦਾ ਮੁੱਲ ਠਹਿਰਾਇਆ ਗਿਆ ਸੀ। ਇਵੇਂ ਹੀ
ਕੁਝ ਯਹੂਦੀਆਂ ਨੇ ਉਸ ਦੀ ਜਾਨ ਦੀ ਕੀਮਤ ਲਾਈ ਸੀ।
10ਉਨ੍ਹਾਂ ਨੇ ਉਸ ਧਨ ਨੂੰ ਘੁਮਿਆਰ ਦਾ ਖੇਤ ਖਰੀਦਣ
ਲਈ ਵਰਤਿਆ ਜਿਵੇਂ ਕਿ ਪ੍ਰਭੂ ਨੇ ਹੁਕਮ ਦਿੱਤਾ ਸੀ।" [a]

### ਰਾਜਪਾਲ ਪਿਲਾਤੁਸ ਵੱਲੋਂ ਯਿਸੂ ਨੂੰ ਪ੍ਰਸ਼ਨ

*(ਮਰਕੁਸ 15:2–5; ਲੂਕਾ 23:3–5; ਯੂਹੰਨਾ 18:33–38)*

11ਯਿਸੂ ਰਾਜਪਾਲ ਦੇ ਸਾਹਮਣੇ ਖੜ੍ਹਾ ਸੀ ਅਤੇ ਰਾਜਪਾਲ ਨੇ ਉਸ ਨੂੰ ਪੁੱਛਿਆ, "ਕੀ ਤੂੰ ਯਹੂਦੀਆਂ ਦਾ ਪਾਤਸ਼ਾਹ ਹੈਂ?"
ਯਿਸੂ ਨੇ ਕਿਹਾ, "ਹਾਂ, ਮੈਂ ਹਾਂ।"
12ਜਦੋਂ ਪ੍ਰਧਾਨ ਜਾਜਕਾਂ ਅਤੇ ਬਜ਼ੁਰਗ ਯਹੂਦੀ ਆਗੂਆਂ ਨੇ ਉਸ ਉੱਤੇ ਦੋਸ਼ ਲਾਏ ਤਾਂ ਉਸ ਨੇ ਜਵਾਬ ਵਿੱਚ ਕੁਝ ਨਹੀਂ ਆਖਿਆ।
13ਤਦ ਪਿਲਾਤੁਸ ਨੇ ਉਸ ਨੂੰ ਕਿਹਾ, "ਕੀ ਤੂੰ ਨਹੀਂ ਸੁਣ ਰਿਹਾ ਜੋ ਇਲਜ਼ਾਮ ਇਹ ਤੇਰੇ ਖਿਲਾਫ਼ ਲਾ ਰਹੇ ਹਨ?"
14ਪਰ ਯਿਸੂ ਨੇ ਉਸ ਨੂੰ ਕੋਈ ਵੀ ਉੱਤਰ ਨਹੀਂ ਦਿੱਤਾ, ਅਤੇ ਇਹ ਸਭ ਵੇਖ ਕੇ ਰਾਜਪਾਲ ਬੜਾ ਹੈਰਾਨ ਹੋਇਆ।

### ਪਿਲਾਤੁਸ ਵੱਲੋਂ ਯਿਸੂ ਨੂੰ ਅਜ਼ਾਦ ਕਰਨ ਦੀ ਕੋਸ਼ਿਸ਼ ਨਾਕਾਮਯਾਬ

*(ਮਰਕੁਸ 15:6–15; ਲੂਕਾ 23:13–25; ਯੂਹੰਨਾ 18:39–19:16)*

15ਇਹ ਰਿਵਾਜ਼ ਸੀ ਕਿ ਪਸਾਹ ਦੇ ਤਿਉਹਾਰ ਉੱਤੇ ਜਿਸ ਨੂੰ ਲੋਕ ਚਾਹੁਣ, ਰਾਜਪਾਲ ਕੈਦ ਵਿੱਚੋਂ ਉਸ ਕੈਦੀ ਨੂੰ ਰਿਹਾ ਕਰਦਾ ਹੁੰਦਾ ਸੀ।
16ਉਸ ਵਕਤ ਬਰੱਬਾ ਨਾਉਂ ਦਾ ਇੱਕ ਬਹੁਤ ਖਤਰਨਾਕ ਆਦਮੀ ਕੈਦ ਵਿੱਚ ਸੀ।
17ਸਾਰੇ ਲੋਕ ਰਾਜਪਾਲ ਪਿਲਾਤੁਸ ਦੇ ਘਰ ਇਕੱਠੇ ਹੋਏ ਅਤੇ ਉਸ ਨੇ ਉਨ੍ਹਾਂ ਨੂੰ ਕਿਹਾ, "ਤੁਸੀਂ ਮੈਥੋਂ ਆਪਣੇ ਵਾਸਤੇ ਕਿਸ ਨੂੰ ਰਿਹਾ ਕਰਾਉਣਾ ਚਾਹੁੰਦੇ ਹੋ। ਬਰੱਬਾ, ਜਾਂ ਯਿਸੂ ਨੂੰ ਜੋ ਕਿ ਮਸੀਹ ਕਹਾਉਂਦਾ
ਹੈ?" 18ਕਿਉਂਕਿ ਉਹ ਜਾਣਦਾ ਸੀ ਕਿ ਲੋਕਾਂ ਨੇ ਉਸ ਨੂੰ ਈਰਖਾ ਕਾਰਣ ਉਸ ਦੇ ਹੱਥੀਂ ਫ਼ੜਵਾਇਆ ਸੀ।
19ਜਦੋਂ ਉਹ ਨਿਆਂ ਵਾਲੀ ਕੁਰਸੀ ਤੇ ਬੈਠਾ ਹੋਇਆ ਸੀ ਤਾਂ ਉਸ ਦੀ ਪਤਨੀ ਨੇ ਸੁਨੇਹਾ ਭੇਜਿਆ, "ਇਸ ਮਨੁੱਖ ਨਾਲ ਕੁਝ ਨਾ ਕਰ। ਇਹ ਅਪਰਾਧੀ ਨਹੀਂ ਹੈ ਅਤੇ ਅੱਜ ਮੈਂ ਇਸ ਬਾਰੇ ਸੁਫ਼ਨਾ ਵੇਖਿਆ ਹੈ ਤੇ ਉਸ ਨੇ ਮੈਨੂੰ ਬਹੁਤ ਪਰੇਸ਼ਾਨ ਕਰ ਦਿੱਤਾ ਹੈ।"
20ਪਰ ਪ੍ਰਧਾਨ ਜਾਜਕਾਂ ਅਤੇ ਬਜ਼ੁਰਗ ਯਹੂਦੀ ਆਗੂਆਂ ਨੇ ਲੋਕਾਂ ਨੂੰ ਬਰੱਬਾ ਨੂੰ ਰਿਹਾ ਕਰਨ ਦੀ ਬੇਨਤੀ ਕਰਨ ਲਈ ਮਨਵਾਇਆ ਅਤੇ ਯਿਸੂ ਨੂੰ ਮਾਰੇ ਜਾਣ ਲਈ।
21ਪਿਲਾਤੁਸ ਨੇ ਕਿਹਾ, "ਦੋਹਾਂ ਵਿੱਚੋਂ ਤੁਸੀਂ ਮੈਥੋਂ ਕਿਸ ਨੂੰ ਰਿਹਾ ਕਰਾਉਣਾ ਚਾਹੁੰਦੇ ਹੋ?"
ਲੋਕਾਂ ਨੇ ਕਿਹਾ, "ਬਰੱਬਾ ਨੂੰ ਛੱਡ ਦਿਉ।"
22ਪਿਲਾਤੁਸ ਨੇ ਕਿਹਾ, "ਫ਼ੇਰ ਮੈਂ ਯਿਸੂ ਨਾਲ ਕੀ ਕਰਾਂ ਜਿਹੜਾ ਮਸੀਹ ਕਹਾਉਂਦਾ ਹੈ?"
ਲੋਕਾਂ ਨੇ ਉੱਤਰ ਦਿੱਤਾ, "ਉਸ ਨੂੰ ਸਲੀਬ ਦਿਉ।"

---

[a] ***27:10*** **"ਉਨ੍ਹਾਂ ਨੇ...ਦਿੱਤਾ ਸੀ"** ਜ਼ਕਰਯਾਹ 11:12-13; ਯਿਰਮਿਯਾਹ 32:6-9 ਦੇਖੋ।

23ਰਾਜਪਾਲ ਨੇ ਆਖਿਆ, "ਕਿਉਂ? ਉਸ ਨੇ ਕੀ ਅਪਰਾਧ ਕੀਤਾ ਹੈ?"

ਪਰ ਸਭਨਾਂ ਨੇ ਹੋਰ ਉੱਚੀ ਡੰਡ ਪਾ ਕੇ ਕਿਹਾ, "ਉਸ ਨੂੰ ਸਲੀਬ ਦਿਓ!"

24ਪਿਲਾਤੁਸ ਨੇ ਮਹਿਸੂਸ ਕੀਤਾ ਕਿ ਉਹ ਲੋਕਾਂ ਦਾ ਮਨ ਬਦਲਣ ਵਿੱਚ ਕਾਮਯਾਬ ਨਹੀਂ ਹੋ ਰਿਹਾ, ਅਤੇ ਇਸ ਦੀ ਜਗ੍ਹਾ ਉਹ ਗੁੱਸਾ ਕਰ ਰਹੇ ਸਨ ਅਤੇ ਉਹ ਹੋਰ ਵੀ ਰੌਲਾ ਪਾ ਰਹੇ ਸਨ। ਇਸ ਲਈ ਉਸ ਨੇ ਪਾਣੀ ਲੈ ਕੇ ਲੋਕਾਂ ਦੇ ਸਾਹਮਣੇ ਆਪਣੇ ਹੱਥ ਧੋਤੇ ਅਤੇ ਆਖਿਆ, "ਮੈਂ ਇਸ ਮਨੁੱਖ ਦੇ ਲਹੂ ਤੋਂ ਨਿਰਦੋਸ਼ ਹਾਂ। ਇਸ ਦੇ ਲਈ ਤੁਸੀਂ ਆਪ ਜ਼ਿੰਮੇਵਾਰ ਹੋ!"

25ਸਭ ਲੋਕਾਂ ਨੇ ਜਵਾਬ ਦਿੱਤਾ, "ਅਸੀਂ ਅਤੇ ਸਾਡੇ ਬੱਚੇ ਇਸ ਦੇ ਲਹੂ ਦੇ ਜ਼ਿੰਮੇਵਾਰ ਹੋਵਾਂਗੇ!"

26ਤਦ ਪਿਲਾਤੁਸ ਨੇ ਬਰੱਬਾ ਨੂੰ ਛੱਡ ਦਿੱਤਾ ਅਤੇ ਉਸ ਨੇ ਸਿਪਾਹੀਆਂ ਨੂੰ ਹੁਕਮ ਦਿੱਤਾ ਕਿ ਉਹ ਯਿਸੂ ਨੂੰ ਕੋੜਿਆਂ ਨਾਲ ਮਾਰਨ, ਅਤੇ ਯਿਸੂ ਨੂੰ ਸਿਪਾਹੀਆਂ ਹੱਥੀਂ ਸਲੀਬ ਉੱਤੇ ਚੜ੍ਹਾਉਣ ਲਈ ਦੇ ਦਿੱਤਾ।

## ਪਿਲਾਤੁਸ ਦੇ ਸਿਪਾਹੀਆਂ ਵੱਲੋਂ ਯਿਸੂ ਨੂੰ ਮਸਖਰੀਆਂ

*(ਮਰਕੁਸ 15:16–20; ਯੂਹੰਨਾ 19:2–3)*

27ਤਦ ਪਿਲਾਤੁਸ ਦੇ ਸਿਪਾਹੀ ਯਿਸੂ ਨੂੰ ਰਾਜਪਾਲ ਦੇ ਮਹਿਲ ਵਿੱਚ ਲਿਆਏ ਅਤੇ ਉਸ ਦੇ ਦੁਆਲੇ ਸਾਰੇ ਪਹਿਰੇਦਾਰ ਇਕੱਠੇ ਕੀਤੇ।
28ਸਿਪਾਹੀਆਂ ਨੇ ਉਸ ਦੇ ਸਾਰੇ ਕੱਪੜੇ ਲਾਹ ਕੇ ਇੱਕ ਲਾਲ ਚੋਗਾ
ਉਸ ਨੂੰ ਪਵਾਇਆ। 29ਉਨ੍ਹਾਂ ਨੇ ਕੰਡਿਆਂ ਨੂੰ ਗੁੰਦ ਕੇ ਇੱਕ ਤਾਜ
ਬਣਾਇਆ ਅਤੇ ਉਸ ਦੇ ਸਿਰ ਤੇ ਰੱਖ ਦਿੱਤਾ ਅਤੇ ਇੱਕ ਸੋਟੀ ਉਸ ਦੇ ਸੱਜੇ ਹੱਥ ਵਿੱਚ ਫੜਵਾ ਦਿੱਤੀ। ਫਿਰ ਸਿਪਾਹੀ ਉਸ ਅੱਗੇ ਝੁਕੇ ਅਤੇ ਉਸ ਨੂੰ ਮਸਖਰੀ ਕੀਤੀ, "ਹੇ ਯਹੂਦੀਆਂ ਦੇ ਪਾਤਸ਼ਾਹ, ਨਮਸਕਾਰ!"
30ਸਿਪਾਹੀਆਂ ਨੇ ਯਿਸੂ ਉੱਤੇ ਥੁੱਕਿਆ ਅਤੇ ਫਿਰ ਉਸ ਦੇ ਹੱਥ ਵਿੱਚ
ਫੜਾਈ ਹੋਈ ਸੋਟੀ ਨੂੰ ਖੋਹ ਕੇ ਉਸ ਦੇ ਨਾਲ ਕਿੰਨੀ ਵਾਰੀ ਉਸ ਦੇ
ਸਿਰ ਤੇ ਸੱਟ ਮਾਰੀ। 31ਜਦ ਉਹ ਉਸ ਨਾਲ ਮਸਖਰੀਆਂ ਕਰ ਹਟੇ
ਤਾਂ ਉਨ੍ਹਾਂ ਨੇ ਉਹ ਲਾਲ ਚੋਗਾ ਉਸ ਤੋਂ ਲਾਹ ਕੇ ਉਸ ਦੇ ਕੱਪੜੇ ਉਸ ਨੂੰ ਪੁਆਏ ਅਤੇ ਸਲੀਬ ਉੱਤੇ ਚੜ੍ਹਾਉਣ ਲਈ ਉਸ ਨੂੰ ਲੈ ਗਏ।

## ਯਿਸੂ ਦਾ ਸਲੀਬ ਤੇ ਮਾਰਿਆ ਜਾਣਾ

*(ਮਰਕੁਸ 15:21–32; ਲੂਕਾ 23:26–39; ਯੂਹੰਨਾ 19:17–19)*

32ਜਦੋਂ ਸਿਪਾਹੀ ਯਿਸੂ ਨੂੰ ਸ਼ਹਿਰ ਤੋਂ ਬਾਹਰ ਲੈ ਜਾ ਰਹੇ ਸਨ ਤਾਂ ਉਨ੍ਹਾਂ
ਨੇ ਕੁਰੇਨ ਦੇ ਸ਼ਮਊਨ ਨੂੰ ਵੇਖਿਆ ਅਤੇ ਉਸ ਨੂੰ ਯਿਸੂ ਦੀ ਸਲੀਬ
ਚੁੱਕਣ ਲਈ ਮਜ਼ਬੂਰ ਕੀਤਾ। 33ਉਹ ਗਲਗਥਾ ਨਾਉਂ ਦੀ ਜਗ੍ਹਾ
ਤੇ ਪਹੁੰਚੇ ਜਿਸ ਦਾ ਅਰਥ ਹੈ "ਖੋਪਰੀ ਦੀ ਥਾਂ।" 34ਉੱਥੇ ਉਨ੍ਹਾਂ ਨੇ
ਯਿਸੂ ਨੂੰ ਪਿੱਤ ਮਿਲੀ ਹੋਈ ਮੈ ਪੀਣ ਨੂੰ ਦਿੱਤੀ। ਪਰ ਇਸ ਦਾ ਸੁਆਦ ਦੇਖਣ ਤੋਂ ਬਾਦ ਉਸ ਨੇ ਇਸ ਨੂੰ ਪੀਣ ਤੋਂ ਇਨਕਾਰ ਕਰ ਦਿੱਤਾ।

35ਤਦ ਉਨ੍ਹਾਂ ਨੇ ਉਸ ਨੂੰ ਸਲੀਬ ਤੇ ਚੜ੍ਹਾਇਆ ਅਤੇ ਉਸ ਦੇ ਕਿੱਲ ਠੋਕੇ। ਫਿਰ ਉਨ੍ਹਾਂ ਪਰਚੀਆਂ ਪਾ ਕੇ ਆਪਸ ਵਿੱਚ ਉਸ ਦੇ
ਕੱਪੜੇ ਵੰਡ ਲਏ। 36ਸਿਪਾਹੀ ਉੱਥੇ ਬੈਠੇ ਉਸ ਦੀ ਪਹਿਰੇਦਾਰੀ ਕਰ
ਰਹੇ ਸਨ। 37ਉਨ੍ਹਾਂ ਨੇ ਯਿਸੂ ਦੇ ਖਿਲਾਫ਼ ਦੋਸ਼ਾਂ ਦੀ ਨਿਸ਼ਾਨ-ਪੱਤ੍ਰੀ ਉਸ ਦੇ ਸਿਰ ਤੇ ਲਾ ਦਿੱਤੀ। ਜਿਸ ਅਤੇ ਲਿਖਿਆ ਸੀ, "ਇਹ ਯਹੂਦੀਆਂ ਦਾ ਪਾਤਸ਼ਾਹ ਯਿਸੂ ਹੈ ।"

38ਯਿਸੂ ਦੇ ਦੋਹੀਂ ਪਾਸੀਂ ਹੋਰ ਦੋ ਡਾਕੂਆਂ ਨੂੰ ਸਲੀਬ ਦਿੱਤੀ ਗਈ
ਸੀ; ਇੱਕ ਸੱਜੇ ਪਾਸੇ ਅਤੇ ਦੂਜਾ ਖੱਬੇ ਪਾਸੇ। 39ਤਦ ਆਉਣ-
ਜਾਣ ਵਾਲੇ ਲੋਕ ਉਸ ਨੂੰ ਆਉਂਦੇ-ਜਾਂਦੇ ਹੋਏ ਤਾਨੇ ਮਾਰਨ ਲੱਗੇ
ਅਤੇ ਸਿਰ ਹਿਲਾ ਕੇ ਕਹਿਣ ਲੱਗੇ, 40"ਤੂੰ ਜੋ ਕਹਿੰਦਾ ਸੀ ਕਿ ਇਸ
ਮੰਦਰ ਨੂੰ ਢਾਹ ਕੇ ਤਿੰਨਾਂ ਦਿਨਾਂ ਵਿੱਚ ਦੁਬਾਰਾ ਬਣਾ ਸਕਦਾ ਹੈਂ, ਹੁਣ ਆਪਣੇ-ਆਪ ਨੂੰ ਬਚਾ? ਜੇ ਤੂੰ ਸੱਚ ਵਿੱਚ ਪਰਮੇਸ਼ੁਰ ਦਾ ਪੁੱਤਰ ਹੈਂ ਤਾਂ ਸਲੀਬ ਤੋਂ ਉੱਤਰ ਕੇ ਆਪਣੇ ਆਪ ਨੂੰ ਬਚਾ।"

41ਇਸ ਤਰ੍ਹਾਂ ਪ੍ਰਧਾਨ ਜਾਜਕਾਂ, ਨੇਮ ਦੇ ਉਪਦੇਸ਼ਕਾਂ ਅਤੇ ਬਜ਼ੁਰਗ
ਯਹੂਦੀ ਆਗੂਆਂ ਨੇ ਯਿਸੂ ਦਾ ਮਜ਼ਾਕ ਉਡਾਇਆ। 42ਉਨ੍ਹਾਂ ਨੇ
ਆਖਿਆ, "ਉਸ ਨੇ ਹੋਰਨਾਂ ਨੂੰ ਬਚਾਇਆ, ਪਰ ਉਹ ਆਪਣੇ ਆਪ ਨੂੰ ਨਹੀਂ ਬਚਾ ਸਕਦਾ। ਲੋਕ ਉਸ ਨੂੰ ਇਸਰਾਏਲ ਦਾ ਪਾਤਸ਼ਾਹ ਬੁਲਾਉਂਦੇ ਹਨ। ਜੇਕਰ ਉਹ ਪਾਤਸ਼ਾਹ ਹੈ ਤਾਂ ਉਹ ਸਲੀਬ ਤੋਂ ਹੇਠਾਂ
ਉਤਰ ਆਵੇ ਅਤੇ ਅਸੀਂ ਉਸ ਵਿੱਚ ਵਿਸ਼ਵਾਸ ਕਰਾਂਗੇ। 43ਉਸ ਨੇ
ਪਰਮੇਸ਼ੁਰ ਵਿੱਚ ਭਰੋਸਾ ਰੱਖਿਆ। ਜੇਕਰ ਉਹ ਚਾਹੁੰਦਾ ਹੈ ਤਾਂ ਹੁਣ ਪਰਮੇਸ਼ੁਰ ਉਸ ਨੂੰ ਬਚਾਵੇ। ਉਸ ਨੇ ਖੁਦ ਹੀ ਆਖਿਆ ਸੀ, 'ਮੈਂ
ਪਰਮੇਸ਼ੁਰ ਦਾ ਪੁੱਤਰ ਹਾਂ।'" 44ਜੋ ਡਾਕੂ ਯਿਸੂ ਦੇ ਨਾਲ ਸਲੀਬ ਤੇ
ਚੜ੍ਹਾਏ ਗਏ ਸਨ, ਉਨ੍ਹਾਂ ਨੇ ਵੀ ਯਿਸੂ ਨੂੰ ਬੇਇੱਜ਼ਤੀ ਵਾਲੇ ਸ਼ਬਦ ਆਖੇ।

## ਯਿਸੂ ਦੀ ਮੌਤ

*(ਮਰਕੁਸ 15:33–41; ਲੂਕਾ 23:44–49; ਯੂਹੰਨਾ 19:28–30)*

45ਦੁਪਿਹਰ ਵੇਲੇ ਹਨੇਰੇ ਨੇ ਸਾਰੇ ਦੇਸ ਨੂੰ ਢੱਕ ਲਿਆ ਜੋ ਕਿ
ਤਕਰੀਬਨ ਤਿੰਨ ਘੰਟੇ ਰਿਹਾ। 46ਤਕਰੀਬਨ ਤਿੰਨ ਵਜੇ ਯਿਸੂ ਨੇ
ਉੱਚੀ ਅਵਾਜ਼ ਵਿੱਚ ਪੁਕਾਰਿਆ, "*ਏਲੀ-ਏਲੀ ਲਮਾ ਸਬਕਤਾਨੀ?*" ਇਸ ਦਾ ਮਤਲਬ ਸੀ, "ਹੇ ਮੇਰੇ ਪਰਮੇਸ਼ੁਰ, ਹੇ ਮੇਰੇ ਪਰਮੇਸ਼ੁਰ, ਤੂੰ ਮੈਨੂੰ ਕਿਉਂ ਛੱਡ ਦਿੱਤਾ ਹੈ?"[a]

47ਕੁਝ ਲੋਕ ਜੋ ਉੱਥੇ ਖੜ੍ਹੇ ਸਨ ਉਨ੍ਹਾਂ ਨੇ ਇਹ ਸੁਣਿਆ ਅਤੇ ਕਿਹਾ, "ਇਹ ਏਲੀਯਾਹ ਨੂੰ ਅਵਾਜ਼ ਮਾਰਦਾ ਹੈ।"

48ਤੁਰੰਤ ਹੀ ਉਨ੍ਹਾਂ ਵਿੱਚੋਂ ਇੱਕ ਬੰਦਾ ਭੱਜ ਕੇ ਗਿਆ ਅਤੇ ਇੱਕ ਸਪੰਜ ਲੈ ਆਇਆ ਤੇ ਉਸ ਨੂੰ ਸਿਰਕੇ ਵਿੱਚ ਭਿਉਂ ਕੇ ਸੋਟੀ ਤੇ
ਬੰਨ੍ਹਿਆ ਅਤੇ ਉਸ ਵਿੱਚੋਂ ਯਿਸੂ ਨੂੰ ਪੀਣ ਲਈ ਦਿੱਤਾ। 49ਪਰ ਦੂਜੇ
ਲੋਕਾਂ ਨੇ ਆਖਿਆ, "ਇੰਤਜ਼ਾਰ ਕਰੀਏ ਅਤੇ ਵੇਖਿਏ ਕਿ ਭਲਾ ਏਲੀਯਾਹ ਉਸ ਨੂੰ ਬਚਾਉਣ ਆਉਂਦਾ ਹੈ!"

50ਫ਼ੇਰ ਯਿਸੂ ਇੱਕ ਵਾਰ ਬਹੁਤ ਉੱਚੀ ਅਵਾਜ਼ ਨਾਲ ਪੁਕਾਰਿਆ ਅਤੇ ਉਸ ਨੇ ਪ੍ਰਾਣ ਤਿਆਗ ਦਿੱਤੇ।

51ਜਦੋਂ ਯਿਸੂ ਮਰ ਗਿਆ ਤਾਂ ਮੰਦਰ ਦਾ ਪੜਦਾ ਉੱਪਰ ਤੋਂ ਹੇਠਾਂ ਤੱਕ ਦੋ ਟੁਕੜਿਆਂ ਵਿੱਚ ਪਾਟ ਗਿਆ। ਧਰਤੀ ਕੰਬ ਗਈ ਅਤੇ
ਚਟਾਨਾਂ ਤਿੜਕ ਗਈਆਂ। 52ਕਬਰਾਂ ਖੁੱਲ੍ਹ ਗਈਆਂ ਅਤੇ ਬਹੁਤ
ਸਾਰੇ ਪਰਮੇਸ਼ੁਰ ਦੇ ਲੋਕ ਜੋ ਮਰ ਚੁੱਕੇ ਸਨ, ਮੌਤ ਤੋਂ ਜੀ ਉਠੇ। 53ਉਹ
ਕਬਰਾਂ ਤੋਂ ਬਾਹਰ ਆ ਗਏ। ਯਿਸੂ ਦੇ ਪੁਨਰ-ਉਥਾਨ ਤੋਂ ਬਾਦ ਉਹ ਪਵਿੱਤਰ ਸ਼ਹਿਰ ਯਰੂਸ਼ਲਮ ਵਿੱਚ ਗਏ ਅਤੇ ਉਹ ਬਹੁਤ ਸਾਰੇ ਲੋਕਾਂ ਨੂੰ ਵਿਖਾਈ ਦਿੱਤੇ।

54ਸੂਬੇਦਾਰ ਅਤੇ ਉਨ੍ਹਾਂ ਸਿਪਾਹੀਆਂ ਨੇ ਜਿਨ੍ਹਾਂ ਨੇ ਯਿਸੂ ਦੀ ਪਹਿਰੇਦਾਰੀ ਕੀਤੀ ਸੀ ਜਦੋਂ ਇਹ ਭੁਚਾਲ ਅਤੇ ਇਹ ਸਭ ਘਟਨਾਵਾਂ

[a] ***27:46*** ਹਵਾਲਾ: ਜ਼ਬੂਰ 22:1

ਵੇਖੀਆਂ ਤਾਂ ਉਹ ਬਹੁਤ ਘਬਰਾਏ ਅਤੇ ਕਿਹਾ, “ਉਹ ਸੱਚਮੁੱਚ
ਪਰਮੇਸ਼ੁਰ ਦਾ ਪੁੱਤਰ ਸੀ!”
55ਬਹੁਤ ਸਾਰੀਆਂ ਔਰਤਾਂ ਵੀ ਉੱਥੇ ਸਨ। ਉਹ ਥੋੜ੍ਹੀ ਦੂਰ ਤੋਂ
ਵੇਖ ਰਹੀਆਂ ਸਨ। ਉਹ ਗਲੀਲ ਤੋਂ ਉਸ ਦੀ ਸੇਵਾ ਕਰਨ ਲਈ
ਆਈਆਂ ਸਨ; 56ਮਰਿਯਮ ਮਗਦਲੀਨੀ, ਯਾਕੂਬ ਅਤੇ ਯੋਸੇਸ ਦੀ
ਮਾਤਾ ਮਰਿਯਮ ਅਤੇ ਜ਼ਬਦੀ ਦੇ ਪੁੱਤਰਾਂ ਦੀ ਮਾਤਾ।

### ਯਿਸੂ ਨੂੰ ਦਫ਼ਨਾਉਣਾ

*(ਮਰਕੁਸ 15:42–47; ਲੂਕਾ 23:50–56;
ਯੂਹੰਨਾ 19:38–42)*

57-58ਉਸੇ ਸ਼ਾਮ ਯੂਸੁਫ਼ ਨਾਉਂ ਦਾ ਇੱਕ ਅਮੀਰ ਆਦਮੀ ਪਿਲਾਤੁਸ
ਕੋਲ ਆਇਆ। ਯੂਸੁਫ਼ ਅਰਿਮਥੈਆ ਤੋਂ ਸੀ ਅਤੇ ਉਹ ਵੀ ਯਿਸੂ ਦਾ
ਚੇਲਾ ਸੀ। ਉਸ ਨੇ ਪਿਲਾਤੁਸ ਤੋਂ ਯਿਸੂ ਦੀ ਲੋਥ ਮੰਗੀ। ਪਿਲਾਤੁਸ
ਨੇ ਯਿਸੂ ਦੀ ਲੋਥ ਉਸ ਨੂੰ ਦੇ ਦੇਣ ਲਈ ਆਪਣੇ ਸੈਨਿਕਾਂ ਨੂੰ ਹੁਕਮ
ਦਿੱਤਾ। 59ਯੂਸੁਫ਼ ਨੇ ਲੋਥ ਲਈ ਅਤੇ ਉਸ ਨੂੰ ਨਵੇਂ ਮਹੀਨ ਕੱਪੜੇ
ਵਿੱਚ ਲਪੇਟਿਆ। 60ਯੂਸੁਫ਼ ਨੇ ਯਿਸੂ ਦੀ ਲੋਥ ਨੂੰ ਉਸ ਦੀ ਨਵੀਂ
ਕਬਰ ਵਿੱਚ ਰੱਖਿਆ ਜਿਹੜੀ ਉਸ ਨੇ ਚੱਟਾਨ ਵਿੱਚ ਤਰਾਸ਼ੀ ਹੋਈ
ਸੀ। ਫ਼ਿਰ ਉਸ ਨੇ ਕਬਰ ਦਾ ਪ੍ਰਵੇਸ਼ ਦੁਆਰ ਵੱਡੇ ਪੱਥਰ ਨਾਲ
ਢੱਕ ਦਿੱਤਾ ਅਤੇ ਚਲਿਆ ਗਿਆ। 61ਮਰਿਯਮ ਮਗਦਲੀਨੀ
ਅਤੇ ਮਰਿਯਮ ਨਾਉਂ ਦੀ ਦੂਜੀ ਔਰਤ ਉੱਥੇ ਹੀ ਕਬਰ ਦੇ ਸਾਹਮਣੇ
ਬੈਠੀਆਂ ਰਹੀਆਂ।

### ਯਿਸੂ ਦੀ ਕਬਰ ਦੀ ਪਹਿਰੇਦਾਰੀ

62ਉਹ ਦਿਨ ਤਿਆਰੀ ਦਾ ਦਿਨ ਕਹਾਉਂਦਾ ਸੀ। ਅਗਲੇ ਦਿਨ
ਪ੍ਰਧਾਨ ਜਾਜਕ ਅਤੇ ਫ਼ਰੀਸੀ ਇਕੱਠੇ ਹੋ ਕੇ ਪਿਲਾਤੁਸ ਕੋਲ ਆਏ
ਅਤੇ ਬੋਲੇ, 63“ਮਹਾਰਾਜ, ਸਾਨੂੰ ਯਾਦ ਹੈ ਕਿ ਜਦੋਂ ਉਹ ਜਿਉਂਦਾ ਸੀ
ਤਾਂ ਉਸ ਦਗਾਬਾਜ਼ ਨੇ ਆਖਿਆ ਸੀ, ‘ਤਿੰਨ ਦਿਨਾਂ ਬਾਦ, ਮੈਂ ਮੌਤ
ਤੋਂ ਜੀ ਉੱਠਾਂਗਾ।’ 64ਇਸ ਲਈ ਹੁਕਮ ਦਿਓ ਕਿ ਤਿੰਨ ਦਿਨ ਤੱਕ
ਕਬਰ ਦੀ ਧਿਆਨ ਨਾਲ ਪਹਿਰੇਦਾਰੀ ਕੀਤੀ ਜਾਵੇ। ਨਹੀਂ ਤਾਂ ਉਸ
ਦੇ ਚੇਲੇ ਆ ਕੇ ਉਸ ਦੀ ਲੋਥ ਲੈ ਜਾ ਸਕਦੇ ਹਨ ਅਤੇ ਫ਼ਿਰ ਲੋਕਾਂ
ਨੂੰ ਦੱਸਣਗੇ ਕਿ ਉਹ ਮੌਤ ਤੋਂ ਉੱਠ ਪਿਆ ਹੈ। ਇਹ ਅਖੀਰਲਾ ਝੂਠ
ਪਹਿਲੇ ਨਾਲੋਂ ਵੀ ਭੈੜਾ ਹੋਵੇਗਾ।”
65ਪਿਲਾਤੁਸ ਨੇ ਆਖਿਆ, “ਤੁਸੀਂ ਕੁਝ ਸਿਪਾਹੀ ਲੈ ਲਓ ਅਤੇ
ਜਿੰਨੀ ਚੰਗੀ ਤਰ੍ਹਾਂ ਤੁਸੀਂ ਚਾਹੁੰਦੇ ਹੋ, ਉਸ ਦੀ ਕਬਰ ਦੀ ਰਾਖੀ ਕਰੋ।”
66ਤਦ ਉਹ ਸਾਰੇ ਕਬਰ ਵੱਲ ਗਏ ਅਤੇ ਚੋਰਾਂ ਤੋਂ ਬਚਾਉਣ ਲਈ
ਉਸ ਦੀ ਰਾਖੀ ਕੀਤੀ। ਉਨ੍ਹਾਂ ਨੇ ਕਬਰ ਦੀ ਰਾਖੀ ਲਈ ਕਬਰ ਵਾਲੇ
ਪੱਥਰ ਉੱਤੇ ਮੋਹਰ ਲਾਈ ਅਤੇ ਕੁਝ ਸਿਪਾਹੀਆਂ ਨੂੰ ਉੱਥੇ ਬਿਠਾ ਕੇ
ਕਬਰ ਦੀ ਰਾਖੀ ਕਰਵਾਈ।

### ਯਿਸੂ ਦਾ ਪੁਨਰ-ਉਥਾਨ

*(ਮਰਕੁਸ 16:1–8; ਲੂਕਾ 24:1–12; ਯੂਹੰਨਾ 20:1–10)*

**28** 1ਜਦੋਂ ਸਬਤ ਦਾ ਦਿਨ ਬੀਤ ਗਿਆ ਤਾਂ ਉਸ ਤੋਂ
ਅਗਲਾ ਦਿਨ ਹਫ਼ਤੇ ਦਾ ਪਹਿਲਾ ਦਿਨ ਸੀ। ਬਹੁਤ
ਸਵੇਰੇ ਮਰਿਯਮ ਮਗਦਲੀਨੀ ਅਤੇ ਦੂਜੀ ਮਰਿਯਮ ਕਬਰ ਨੂੰ ਵੇਖਣ
ਲਈ ਗਈਆਂ।
2ਉਸ ਵਕਤ ਉੱਥੇ ਬੜਾ ਜ਼ੋਰ ਦਾ ਭੁਚਾਲ ਆਇਆ ਅਤੇ ਅਕਾਸ਼
ਤੋਂ ਪ੍ਰਭੂ ਦਾ ਇੱਕ ਦੂਤ ਉੱਤਰਿਆ। ਪ੍ਰਭੂ ਦੇ ਦੂਤ ਨੇ ਉਸ ਕਬਰ ਦੇ
ਨੇੜੇ ਆ ਕੇ ਉਸ ਦੇ ਉੱਪਰੋਂ ਉਹ ਵੱਡਾ ਪੱਥਰ ਰੇੜ੍ਹ ਕੇ ਪਾਸੇ ਕੀਤਾ
ਅਤੇ ਆਪ ਉਸ ਪੱਥਰ ਦੇ ਉੱਪਰ ਜਾ ਕੇ ਬੈਠ ਗਿਆ। 3ਉਸ ਦੂਤ
ਦਾ ਰੂਪ ਬਿਜਲੀ ਵਾਂਗ ਚਮਕਦਾ ਸੀ ਅਤੇ ਉਸ ਦੇ ਕੱਪੜੇ ਬਰਫ਼
ਵਰਗੇ ਸਫ਼ੇਦ ਸਨ। 4ਕਬਰ ਦੀ ਪਹਿਰੇਦਾਰੀ ਕਰਦੇ ਸਿਪਾਹੀ ਦੂਤ
ਨੂੰ ਵੇਖ ਕੇ ਬਹੁਤ ਡਰ ਗਏ। ਉਹ ਇੰਨਾ ਡਰੇ ਕਿ ਡਰ ਦੇ ਮਾਰੇ ਕੰਬਣ
ਲੱਗੇ ਅਤੇ ਬੇਹੋਸ਼ ਹੋ ਗਏ।
5ਦੂਤ ਨੇ ਉਨ੍ਹਾਂ ਔਰਤਾਂ ਨੂੰ ਕਿਹਾ, “ਤੁਸੀਂ ਨਾ ਡਰੋ, ਮੈਂ ਜਾਣਦਾ ਹਾਂ
ਕਿ ਤੁਸੀਂ ਉਸ ਯਿਸੂ ਨੂੰ ਲੱਭ ਰਹੀਆਂ ਹੋ ਜਿਸ ਨੂੰ ਸਲੀਬ ਦਿੱਤਾ
ਗਿਆ ਸੀ। 6ਪਰ ਯਿਸੂ ਇੱਥੇ ਨਹੀਂ ਹੈ, ਕਿਉਂਕਿ ਜਿਵੇਂ ਉਸ ਨੇ
ਕਿਹਾ ਸੀ, ਉਹ ਮੁਰਦਿਆਂ ਵਿੱਚੋਂ ਜੀ ਉੱਠਿਆ ਹੈ। ਆਓ ਅਤੇ ਵੇਖੋ
ਜਿਸ ਥਾਂ ਤੇ ਉਸ ਦਾ ਸਰੀਰ ਰੱਖਿਆ ਗਿਆ ਸੀ 7ਅਤੇ ਜਲਦੀ ਜਾ
ਕੇ ਉਸ ਦੇ ਚੇਲਿਆਂ ਨੂੰ ਆਖੋ, ‘ਉਹ ਮੁਰਦਿਆਂ ਵਿੱਚੋਂ ਜੀ ਉੱਠਿਆ
ਹੈ ਅਤੇ ਉਹ ਗਲੀਲ ਵੱਲ ਜਾ ਰਿਹਾ ਹੈ। ਉਹ ਤੁਹਾਡੇ ਪਹੁੰਚਣ ਤੋਂ
ਪਹਿਲਾਂ ਉੱਥੇ ਮੌਜੂਦ ਹੋਵੇਗਾ ਅਤੇ ਉੱਥੇ ਤੁਸੀਂ ਉਸ ਨੂੰ ਵੇਖੋਗੇ।’ ਮੈਂ
ਤੁਹਾਨੂੰ ਇਹੀ ਦੱਸਣ ਲਈ ਆਇਆ ਸੀ।”
8ਉਹ ਔਰਤਾਂ ਛੇਤੀ ਕਬਰ ਤੋਂ ਵਿਦਾ ਹੋ ਗਈਆਂ। ਭਾਵੇਂ ਉਹ
ਡਰੀਆਂ ਹੋਈਆਂ ਸਨ, ਪਰ ਉਹ ਖੁਸ਼ ਵੀ ਬੜੀਆਂ ਹੋਈਆਂ। ਉਹ
ਉਸ ਦੇ ਚੇਲਿਆਂ ਨੂੰ ਇਹ ਖ਼ਬਰ ਦੱਸਣ ਲਈ ਗਈਆਂ। 9ਜਦੋਂ
ਉਹ ਚੇਲਿਆਂ ਨੂੰ ਖ਼ਬਰ ਦੇਣ ਵਾਸਤੇ ਨੱਸੀਆਂ ਜਾ ਰਹੀਆਂ ਸਨ ਤਾਂ
ਅਚਾਨਕ ਉੱਥੇ ਯਿਸੂ ਉਨ੍ਹਾਂ ਸਾਹਮਣੇ ਖਲੋ ਗਿਆ ਅਤੇ ਉਨ੍ਹਾਂ ਨੂੰ
ਆਖਿਆ, “ਸ਼ੁਭਕਾਮਨਾਵਾਂ!” ਉਹ ਉਸ ਕੋਲ ਗਈਆਂ ਅਤੇ ਉਸ
ਦੇ ਚਰਨ ਫ਼ੜ ਲਏ ਅਤੇ ਉਸ ਦੀ ਉਪਾਸਨਾ ਕੀਤੀ। 10ਤਦ ਯਿਸੂ
ਨੇ ਉਨ੍ਹਾਂ ਨੂੰ ਕਿਹਾ, “ਡਰੋ ਨਾ, ਜਾਓ ਅਤੇ ਮੇਰੇ ਭਰਾਵਾਂ ਨੂੰ ਆਖੋ ਕਿ
ਉਹ ਗਲੀਲ ਨੂੰ ਜਾਣ। ਉਹ ਮੈਨੂੰ ਉੱਥੇ ਵੇਖਣਗੇ।”

### ਯਹੂਦੀ ਆਗੂਆਂ ਨੂੰ ਖ਼ਬਰ ਲੱਗਣਾ

11ਉਹ ਔਰਤਾਂ ਉਸ ਦੇ ਚੇਲਿਆਂ ਨੂੰ ਇਹ ਖ਼ਬਰ ਦੇਣ ਲਈ ਚਲੀਆਂ
ਗਈਆਂ। ਉਸੇ ਵਕਤ ਕੁਝ ਸਿਪਾਹੀ ਜੋ ਕਬਰ ਦੀ ਰਾਖੀ ਕਰ ਰਹੇ
ਸਨ, ਸ਼ਹਿਰ ਵੱਲ ਗਏ। ਉਹ ਪ੍ਰਧਾਨ ਜਾਜਕਾਂ ਕੋਲ ਗਏ ਅਤੇ ਜੋ
ਕੁਝ ਵਾਪਰਿਆ ਸੀ ਸਭ ਕੁਝ ਉਨ੍ਹਾਂ ਨੂੰ ਦੱਸਿਆ। 12ਫ਼ੇਰ ਪ੍ਰਧਾਨ
ਜਾਜਕ ਅਤੇ ਬਜ਼ੁਰਗ ਯਹੂਦੀ ਆਗੂ ਇਕੱਠੇ ਹੋਏ ਅਤੇ ਇੱਕ
ਵਿਉਂਤ ਬਣਾਈ। ਉਨ੍ਹਾਂ ਨੇ ਸਿਪਾਹੀਆਂ ਨੂੰ ਬਹੁਤ ਸਾਰਾ ਧਨ ਦਿੱਤਾ
13ਅਤੇ ਉਨ੍ਹਾਂ ਨੂੰ ਹਿਦਾਇਤ ਕੀਤੀ, “ਤੁਸੀਂ ਲੋਕਾਂ ਨੂੰ ਆਖਣਾ ਕਿ
ਰਾਤ ਦੇ ਵਕਤ ਜਦੋਂ ਅਸੀਂ ਸੌਂ ਰਹੇ ਸਾਂ ਤਾਂ ਯਿਸੂ ਦੇ ਚੇਲੇ ਆਏ ਅਤੇ
ਉਸ ਦੀ ਲੋਥ ਚੋਰੀ ਕਰਕੇ ਲੈ ਗਏ। 14ਜੇਕਰ ਰਾਜਪਾਲ ਇਸ ਗੱਲ
ਬਾਰੇ ਜਾਣ ਜਾਵੇਗਾ ਤਾਂ ਅਸੀਂ ਉਸ ਨੂੰ ਯਕੀਨ ਦਿਵਾ ਦਿਆਂਗੇ
ਅਤੇ ਤੁਹਾਨੂੰ ਮੁਸੀਬਤ ਤੋਂ ਦੂਰ ਰੱਖਾਂਗੇ।” 15ਤਦ ਸਿਪਾਹੀਆਂ ਨੇ
ਪੈਸੇ ਲੈ ਲਏ ਅਤੇ ਦਿੱਤੀਆਂ ਹੋਈਆਂ ਹਿਦਾਇਤਾਂ ਅਨੁਸਾਰ ਹੀ
ਕੀਤਾ। ਇਹ ਗੱਲ ਅੱਜ ਵੀ ਆਮ ਤੌਰ ਤੇ ਯਹੂਦੀਆਂ ਵਿੱਚ ਫ਼ੈਲੀ
ਹੋਈ ਹੈ।

### ਯਿਸੂ ਦਾ ਆਪਣੇ ਚੇਲਿਆਂ ਨਾਲ ਗੱਲ ਕਰਨਾ

*(ਮਰਕੁਸ 16:14–18; ਲੂਕਾ 24:36–49;
ਯੂਹੰਨਾ 20:19–23; ਰਸੂਲਾਂ ਦੇ ਕਰਤੱਬ 1:6–8)*

16ਫ਼ਿਰ ਗਿਆਰਾਂ ਚੇਲੇ ਗਲੀਲ ਨੂੰ ਵਿਦਾ ਹੋ ਗਏ ਅਤੇ ਉਸ ਪਹਾੜੀ
ਤੇ ਆ ਗਏ ਜਿੱਥੇ ਯਿਸੂ ਨੇ ਉਨ੍ਹਾਂ ਨੂੰ ਜਾਣ ਵਾਸਤੇ ਹਿਦਾਇਤ ਦਿੱਤੀ
ਸੀ। 17ਜਦੋਂ ਉਨ੍ਹਾਂ ਨੇ ਉਸ ਨੂੰ ਵੇਖਿਆ ਤਾਂ ਉਹ ਉਸ ਅੱਗੇ ਝੁਕ ਗਏ

ਅਤੇ ਉਸ ਦੀ ਉਪਾਸਨਾ ਕੀਤੀ, ਪਰ ਕਈਆਂ ਨੂੰ ਸ਼ੱਕ ਸੀ। 18ਫ਼ਿਰ
ਯਿਸੂ ਉਨ੍ਹਾਂ ਕੋਲ ਆਇਆ ਅਤੇ ਆਖਿਆ, "ਸਵਰਗ ਅਤੇ ਧਰਤੀ
ਦੇ ਸਾਰੇ ਅਧਿਕਾਰ ਮੈਨੂੰ ਦਿੱਤੇ ਗਏ ਹਨ। 19ਇਸ ਲਈ ਜਾਓ ਅਤੇ
ਸਾਰੀਆਂ ਕੌਮਾਂ ਵਿੱਚੋਂ ਚੇਲੇ ਬਣਾਓ ਅਤੇ ਉਨ੍ਹਾਂ ਨੂੰ ਪਿਤਾ, ਪੁੱਤਰ ਅਤੇ
ਪਵਿੱਤਰ ਆਤਮਾ ਦੇ ਨਾਮ ਵਿੱਚ ਬਪਤਿਸਮਾ ਦਿਓ। 20ਉਨ੍ਹਾਂ ਨੂੰ
ਇਹ ਵੀ ਸਿਖਾਓ ਕਿ ਉਹ ਉਨ੍ਹਾਂ ਸਾਰੀਆਂ ਗੱਲਾਂ ਦੀ ਪਾਲਨਾ ਕਰਨ
ਜਿਨ੍ਹਾਂ ਦਾ ਮੈਂ ਤੁਹਾਨੂੰ ਹੁਕਮ ਦਿੱਤਾ ਹੈ। ਨਿਸ਼ਚਿਤ ਹੀ, ਦੁਨੀਆ ਦੇ
ਅੰਤ ਤੀਕਰ ਮੈਂ ਹਮੇਸ਼ਾ ਤੁਹਾਡੇ ਨਾਲ ਹਾਂ।"

## ਨੋਟਸ